@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Monday, 2 February 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸੋਮਵਾਰ 2 ਫਰਵਰੀ 2026, 20 ਮਾਘ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 89, qpatrika@gmail.com ਫੋਨ : 9971359517 www.qaumipatrika.org


# ਕੇਂਦਰੀ ਬਜਟ 2026 : ਜਾਣੋ ਕੀ ਹੋਇਆ ਸਸਤਾ ਤੇ ਮਹਿੰਗਾ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਚਮੜੇ ਦੀਆਂ ਵਸਤੂਆਂ
ਸਿੰਥੈਟਿਕ ਜੁੱਤੇ
ਚਮੜੇ ਦੇ ਉਤਪਾਦ
ਕੈਂਸਰ ਅਤੇ ਸ਼ੂਗਰ ਦੀਆਂ 17 ਦਵਾਈਆਂ ਡਿਊਟੀ-ਮੁਕਤ
ਲਿਥੀਅਮ-ਆਇਨ ਸੈੱਲ
ਮੋਬਾਈਲ ਬੈਟਰੀਆਂ ਸਸਤੀਆਂ ਹੋ ਜਾਣਗੀਆਂ
ਸੋਲਰ ਗਲਾਸ ਹੋਣਗੇ ਸਸਤਾ
ਮਿਕਸਡ ਗੈਸ ਸੀਐੱਨਜੀ
ਈਵੀ ਮਾਈਕ੍ਰੋਵੇਵ ਓਵਨ
ਵਿਦੇਸ਼ 'ਚ ਪੜ੍ਹਾਈ, ਇਲਾਜ ਲਈ ਪੈਸੇ ਭੇਜਣਾ ਸਸਤਾ



ਨਵੀਂ ਦਿੱਲੀ, 1 ਫਰਵਰੀ : ਵਿੱਤ ਮੰਤਰੀ ਨਿਰਮਲਾ ਸੀਤਾਰਮਨ ਐਤਵਾਰ ਨੂੰ ਦੇਸ਼ ਦਾ ਆਮ ਬਜਟ ਲੋਕ ਸਭਾ 'ਚ ਪੇਸ਼ ਕੀਤਾ ਅਤੇ ਆਪਣੇ ਭਾਸ਼ਣ 'ਚ ਕਈ ਵੱਡੇ ਐਲਾਨ ਕੀਤੇ। ਇਹ ਮੋਦੀ ਸਰਕਾਰ 'ਚ ਵਿੱਤ ਮੰਤਰੀ ਵਜੋਂ ਉਨ੍ਹਾਂ ਦਾ ਲਗਾਤਾਰ 9ਵਾਂ ਬਜਟ ਸੀ। ਸੀਤਾਰਮਨ ਨੇ ਕਈ ਚੀਜ਼ਾਂ 'ਤੇ ਕਸਟਮ ਡਿਊਟੀ ਘਟਾਉਣ ਬਾਰੇ ਐਲਾਨ ਕੀਤਾ, ਇਸ ਦਾ ਮਤਲਬ ਹੈ ਕਿ ਇਹ ਸਾਰੀਆਂ ਸਸਤੀਆਂ ਹੋਣ ਵਾਲੀਆਂ ਹਨ। ਆਓ ਜਾਣਦੇ ਹਾਂ ਬਜਟ 'ਚ ਹੋਏ ਐਲਾਨ ਤੋਂ ਬਾਅਦ ਕਿਹੜੀਆਂ ਚੀਜ਼ਾਂ ਸਸਤੀਆਂ ਅਤੇ ਕਿਹੜੀਆਂ ਮਹਿੰਗੀਆਂ ਹੋ ਸਕਦੀਆਂ ਹਨ।

ਕੱਪੜੇ

ਇਸ ਤੋਂ ਇਲਾਵਾ ਜਿਨ੍ਹਾਂ ਸੈਕਟਰਜ਼ 'ਚ ਕਸਟਮ ਡਿਊਟੀ 'ਚ ਵਾਧਾ ਕੀਤਾ ਗਿਆ ਹੈ, ਯਾਨੀ ਜੋ ਚੀਜ਼ਾਂ ਮਹਿੰਗੀਆਂ ਹੋਣ ਵਾਲੀਆਂ ਹਨ। ਉਨ੍ਹਾਂ 'ਚ ਸਭ ਤੋਂ ਉੱਪਰ ਸ਼ਰਾਬ, ਸਕ੍ਰੈਪ ਅਤੇ ਖਣਿਜ ਸ਼ਾਮਲ ਹਨ। ਕੇਂਦਰੀ ਬਜਟ 2026 ਵਿੱਚ ਸਰਕਾਰ ਨੇ ਟੈਕਸ ਪ੍ਰਣਾਲੀ ਵਿੱਚ ਇੱਕ ਅਹਿਮ ਸੁਧਾਰ ਕਰਦਿਆਂ ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ (MACT) ਵੱਲੋਂ ਦਿੱਤੇ ਜਾਣ ਵਾਲੇ ਮੁਆਵਜ਼ੇ 'ਤੇ ਮਿਲਣ ਵਾਲੇ ਵਿਆਜ ਨੂੰ ਇਨਕਮ ਟੈਕਸ ਤੋਂ ਪੂਰੀ ਤਰ੍ਹਾਂ ਮੁਕਤ ਕਰ ਦਿੱਤਾ ਹੈ। ਪਹਿਲਾਂ, ਜਦੋਂ ਕਿਸੇ ਹਾਦਸੇ ਤੋਂ ਬਾਅਦ ਅਦਾਲਤ ਜਾਂ ਟ੍ਰਿਬਿਊਨਲ ਮੁਆਵਜ਼ੇ ਦੀ ਰਾਸ਼ੀ ਤੈਅ ਕਰਦਾ ਸੀ, ਤਾਂ ਕੇਸ ਚੱਲਣ ਦੇ ਸਮੇਂ ਦੌਰਾਨ ਉਸ ਰਾਸ਼ੀ 'ਤੇ ਬਣਨ ਵਾਲੇ ਵਿਆਜ 'ਤੇ ਟੈਕਸ ਦੇਣਾ ਪੈਂਦਾ ਸੀ। ਅਕਸਰ ਬੀਮਾ ਕੰਪਨੀਆਂ ਕਲੇਮ ਦੀ ਰਾਸ਼ੀ ਦੇਣ ਵੇਲੇ ਹੀ ਵਿਆਜ 'ਤੇ TDS (Tax Deducted at Source) ਕੱਟ ਲੈਂਦੀਆਂ ਸਨ, ਜਿਸ ਕਾਰਨ ਪੀੜਤ ਪਰਿਵਾਰ ਨੂੰ ਮਿਲਣ ਵਾਲੀ ਰਕਮ ਘਟ ਜਾਂਦੀ ਸੀ। ਅੱਜ ਪੇਸ਼ ਕੀਤੇ ਗਏ ਬਜਟ ਅਨੁਸਾਰ ਹੁਣ ਕਿਸੇ ਵੀ ਵਿਅਕਤੀ ਨੂੰ ਮੋਟਰ ਐਕਸੀਡੈਂਟ ਕਲੇਮ 'ਤੇ ਮਿਲਣ ਵਾਲੇ ਵਿਆਜ 'ਤੇ ਕੋਈ ਇਨਕਮ ਟੈਕਸ ਨਹੀਂ ਦੇਣਾ ਪਵੇਗਾ। ਇਸ ਸਬੰਧੀ ਹੋਣ ਵਾਲੀ TDS ਦੀ ਕਟੌਤੀ ਨੂੰ ਵੀ ਖ਼ਤਮ ਕਰ ਦਿੱਤਾ ਗਿਆ ਹੈ। ਯਾਨੀ ਹੁਣ ਬੀਮਾ ਕੰਪਨੀਆਂ ਟੈਕਸ ਨਹੀਂ ਕੱਟ ਸਕਣਗੀਆਂ ਅਤੇ ਪੂਰੀ ਰਾਸ਼ੀ ਸਿੱਧੀ ਪੀੜਤ ਦੇ ਖਾਤੇ ਵਿੱਚ ਜਾਵੇਗੀ। ਸਰਕਾਰ ਨੇ ਮੰਨਿਆ ਹੈ ਕਿ ਹਾਦਸੇ ਦਾ ਮੁਆਵਜ਼ਾ ਕੋਈ 'ਆਮਦਨ' ਨਹੀਂ ਹੈ, ਸਗੋਂ ਇਹ ਇੱਕ ਨੁਕਸਾਨ ਦੀ ਭਰਪਾਈ ਹੈ, ਇਸ ਲਈ ਇਸ 'ਤੇ ਟੈਕਸ ਲਾਉਣਾ ਜਾਇਜ਼ ਨਹੀਂ। ਇਸ ਦਾ ਸਭ ਤੋਂ ਵੱਡਾ ਫਾਇਦਾ ਉਨ੍ਹਾਂ ਹਜ਼ਾਰਾਂ ਪਰਿਵਾਰਾਂ ਨੂੰ ਹੋਵੇਗਾ ਜਿਨ੍ਹਾਂ ਦੇ ਕੇਸ ਅਦਾਲਤਾਂ ਵਿੱਚ ਸਾਲਾਂ ਤੱਕ ਚੱਲਦੇ ਹਨ। ਲੰਬੇ ਸਮੇਂ ਬਾਅਦ ਜਦੋਂ ਕਲੇਮ ਮਿਲਦਾ ਹੈ, ਤਾਂ ਉਸ 'ਤੇ ਮੋਟਾ ਵਿਆਜ ਬਣ ਜਾਂਦਾ ਹੈ। ਹੁਣ ਉਸ ਪੂਰੇ ਵਿਆਜ ਦਾ ਫਾਇਦਾ ਸਿਰਫ਼ ਪੀੜਤ ਪਰਿਵਾਰ ਨੂੰ ਹੀ ਮਿਲੇਗਾ। ਅੱਜ ਤੋਂ ਦੇਸ਼ ਵਿੱਚ ਕਈ ਅਹਿਮ ਬਦਲਾਅ ਲਾਗੂ ਹੋ ਗਏ ਹਨ, ਜਿਨ੍ਹਾਂ ਦਾ ਸਿੱਧਾ ਅਸਰ ਆਮ ਜਨਤਾ ਦੀ ਜੇਬ ਅਤੇ ਰੋਜ਼ਾਨਾ ਜੀਵਨ 'ਤੇ ਪਵੇਗਾ। ਅੱਜ ਦੇਸ਼ ਦਾ ਆਮ ਬਜਟ ਵੀ ਪੇਸ਼ ਹੋਣ ਜਾ ਰਿਹਾ ਹੈ, ਜਿਸ ਦੌਰਾਨ ਤੇਲ ਕੰਪਨੀਆਂ ਨੇ ਗੈਸ ਸਿਲੰਡਰ ਦੀਆਂ ਨਵੀਆਂ ਕੀਮਤਾਂ ਜਾਰੀ ਕਰ ਦਿੱਤੀਆਂ ਹਨ।

• LPG ਸਿਲੰਡਰ ਦੀਆਂ ਕੀਮਤਾਂ ਵਿੱਚ ਵਾਧਾ:

ਤੇਲ ਮਾਰਕੀਟਿੰਗ ਕੰਪਨੀਆਂ ਨੇ 19 ਕਿਲੋ ਵਾਲੇ ਕਮਰਸ਼ੀਅਲ LPG ਸਿਲੰਡਰ ਦੀ ਕੀਮਤ ਵਿੱਚ 50 ਰੁਪਏ ਤੱਕ ਦਾ ਵਾਧਾ ਕੀਤਾ ਹੈ। ਇਸ ਵਾਧੇ ਤੋਂ ਬਾਅਦ ਦਿੱਲੀ ਵਿੱਚ ਇਸ ਦੀ ਕੀਮਤ 1740.50 ਰੁਪਏ ਹੋ ਗਈ ਹੈ। ਹਾਲਾਂਕਿ, 14 ਕਿਲੋ ਵਾਲੇ ਘਰੇਲੂ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ, ਜੋ ਕਿ ਰਾਹਤ ਦੀ ਗੱਲ ਹੈ। ਹਵਾਈ ਯਾਤਰੀਆਂ ਲਈ ਚੰਗੀ ਖ਼ਬਰ ਹੈ ਕਿਉਂਕਿ ਕੰਪਨੀਆਂ ਨੇ ਹਵਾਈ ਈਂਧਨ (1"6) ਦੀਆਂ ਕੀਮਤਾਂ ਵਿੱਚ ਕਟੌਤੀ ਕੀਤੀ ਹੈ। ਦਿੱਲੀ ਵਿੱਚ 1"6 ਦੀ ਕੀਮਤ 92,323.02 ਰੁਪਏ ਪ੍ਰਤੀ ਕਿਲੋਲੀਟਰ ਤੋਂ ਘਟ ਕੇ ਹੁਣ 91,393.39 ਰੁਪਏ ਰਹਿ ਗਈ ਹੈ। ਇਸ ਨਾਲ ਆਉਣ ਵਾਲੇ ਦਿਨਾਂ ਵਿੱਚ ਹਵਾਈ ਟਿਕਟਾਂ ਸਸਤੀਆਂ ਹੋ ਸਕਦੀਆਂ ਹਨ। ਤੰਬਾਕੂ ਉਤਪਾਦਾਂ ਅਤੇ ਪਾਨ-ਮਸਾਲਾ ਦੇ ਸ਼ੌਕੀਨਾਂ ਨੂੰ ਝਟਕਾ ਲੱਗਣ ਵਾਲਾ ਹੈ ਕਿਉਂਕਿ ਇਨ੍ਹਾਂ 'ਤੇ ਨਵਾਂ ਉਤਪਾਦ ਸ਼ੁਲਕ (Excise Duty) ਅਤੇ ਸੈੱਸ ਲਗਾਇਆ ਜਾ ਰਿਹਾ ਹੈ। GST ਦੀਆਂ ਮੌਜੂਦਾ ਦਰਾਂ ਤੋਂ ਇਲਾਵਾ ਸਿਹਤ ਅਤੇ ਰਾਸ਼ਟਰੀ ਸੁਰੱਖਿਆ ਸੈੱਸ ਲੱਗਣ ਕਾਰਨ ਇਨ੍ਹਾਂ ਦੀਆਂ ਕੀਮਤਾਂ ਵਿੱਚ ਵਾਧਾ ਹੋਵੇਗਾ। ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ (©819) ਨੇ ਫਾਸਟੈਗ ਯੂਜ਼ਰਸ ਲਈ ਵੱਡਾ ਐਲਾਨ ਕੀਤਾ ਹੈ। ਹੁਣ ਕਾਰ, ਜੀਪ ਅਤੇ ਵੈਨ ਲਈ ਫਾਸਟੈਗ ਜਾਰੀ ਕਰਦੇ ਸਮੇਂ ਕੇਵਾਈਸੀ (KYC) ਵੈਰੀਫਿਕੇਸ਼ਨ ਦੀ ਪ੍ਰਕਿਰਿਆ ਨੂੰ ਖਤਮ ਕਰ ਦਿੱਤਾ ਗਿਆ ਹੈ, ਜਿਸ ਨਾਲ ਯੂਜ਼ਰਸ ਨੂੰ ਕਾਫੀ ਸਹੂਲਤ ਮਿਲੇਗੀ। ਫਰਵਰੀ ਮਹੀਨੇ ਦੌਰਾਨ ਬੈਂਕਾਂ ਵਿੱਚ ਕਾਫੀ ਛੁੱਟੀਆਂ ਰਹਿਣ ਵਾਲੀਆਂ ਹਨ। ਰਿਜ਼ਰਵ ਬੈਂਕ ਦੀ ਸੂਚੀ ਮੁਤਾਬਕ, ਹਫਤਾਵਾਰੀ ਛੁੱਟੀਆਂ ਅਤੇ ਛਤਰਪਤੀ ਸ਼ਿਵਾਜੀ ਮਹਾਰਾਜ ਜਯੰਤੀ ਵਰਗੇ ਤਿਉਹਾਰਾਂ ਨੂੰ ਮਿਲਾ ਕੇ ਫਰਵਰੀ ਵਿੱਚ ਲਗਭਗ 10 ਦਿਨ ਬੈਂਕ ਬੰਦ ਰਹਿਣਗੇ। ਇਹ ਸਾਰੇ ਬਦਲਾਅ ਅੱਜ ਯਾਨੀ 1 ਫਰਵਰੀ ਤੋਂ ਪੂਰੇ ਦੇਸ਼ ਵਿੱਚ ਪ੍ਰਭਾਵਸ਼ਾਲੀ ਹੋ ਗਏ ਹਨ।

## ਸਟੀਲ-ਸੀਮੈਂਟ ਸਣੇ ਉਪਯੋਗਤਾ ਯੋਜਨਾ ਲਈ 20,000 ਕਰੋੜ ਦਾ ਐਲਾਨ

ਨਵੀਂ ਦਿੱਲੀ, 1 ਫਰਵਰੀ : ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਐਤਵਾਰ ਨੂੰ ਸਟੀਲ ਅਤੇ ਸੀਮੈਂਟ ਸਮੇਤ ਵੱਖ-ਵੱਖ ਖੇਤਰਾਂ ਵਿੱਚ ਕਾਰਬਨ ਸੋਖਣ ਅਤੇ ਵਰਤੋਂ ਯੋਜਨਾ ਲਈ ?20,000 ਕਰੋੜ ਦਾ ਪ੍ਰਸਤਾਵ ਰੱਖਿਆ। ਵਿੱਤੀ ਸਾਲ 2026-27 ਲਈ ਕੇਂਦਰੀ ਬਜਟ ਪੇਸ਼ ਕਰਦੇ ਹੋਏ, ਮੰਤਰੀ ਨੇ ਕਿਹਾ ਕਿ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਦੇ ਹਿੱਸੇ ਵਜੋਂ ਸਰਕਾਰ ਦੇਸ਼ ਵਿੱਚ ਸਮੁੰਦਰੀ ਜਹਾਜ਼ਾਂ ਦੇ ਨਿਰਮਾਣ ਲਈ ਪ੍ਰੋਤਸਾਹਨ ਪ੍ਰਦਾਨ ਕਰੇਗੀ। ਅਰਥਵਿਵਸਥਾ ਨੂੰ ਹੁਲਾਰਾ ਦੇਣ ਲਈ ਵੱਖ-ਵੱਖ ਉਪਾਵਾਂ ਦਾ ਐਲਾਨ ਕਰਦੇ ਹੋਏ ਸੀਤਾਰਮਨ ਨੇ ਕਿਹਾ ਕਿ ÷ਵਿਕਸਤ ਭਾਰਤ ਲਈ ਬੈਂਕਿੰਗ÷ 'ਤੇ ਇੱਕ ਉੱਚ-ਪੱਧਰੀ ਕਮੇਟੀ ਸਥਾਪਤ ਕੀਤੀ ਜਾਵੇਗੀ। ਮੰਤਰੀ ਨੇ ਸ਼ਹਿਰਾਂ ਵਿਚਕਾਰ ਵਿਕਾਸ ਲਿੰਕਾਂ ਵਜੋਂ ਸੱਤ ਹਾਈ-ਸਪੀਡ ਕੋਰੀਡੋਰ ਵਿਕਸਤ ਕਰਨ ਦਾ ਪ੍ਰਸਤਾਵ ਰੱਖਿਆ। ਇਸ ਤੋਂ ਇਲਾਵਾ, ਅੰਦਰੂਨੀ ਜਲ ਮਾਰਗਾਂ ਲਈ ਇੱਕ ਜਹਾਜ਼ ਮੁਰੰਮਤ ਈਕੋਸਿਸਟਮ ਵੀ ਵਿਕਸਤ ਕੀਤਾ ਜਾਵੇਗਾ।

## ਵਿੱਤ ਮੰਤਰੀ ਦਾ ਵੱਡਾ ਐਲਾਨ: ਟੈਕਸ ਚੋਰੀ ਪਵੇਗੀ

ਨਵੀਂ ਦਿੱਲੀ, 1 ਫਰਵਰੀ : ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਇਨਕਮ ਟੈਕਸ ਨਿਯਮਾਂ ਨੂੰ ਲੈ ਕੇ ਇੱਕ ਅਹਿਮ ਸਪੱਸ਼ਟੀਕਰਨ ਦਿੱਤਾ ਹੈ, ਜਿਸ ਨਾਲ ਟੈਕਸ ਚੋਰੀ ਕਰਨ ਵਾਲਿਆਂ ਦੀਆਂ ਮੁਸ਼ਕਲਾਂ ਵਧਣੀਆਂ ਤੈਅ ਹਨ। ਸਰਕਾਰ ਨੇ ਸਾਫ਼ ਕਰ ਦਿੱਤਾ ਹੈ ਕਿ ਜੇਕਰ ਕੋਈ ਟੈਕਸਦਾਤਾ ਜਾਣਬੁੱਝ ਕੇ ਆਪਣੀ ਆਮਦਨ ਨੂੰ ਗਲਤ ਤਰੀਕੇ ਨਾਲ ਪੇਸ਼ ਕਰਦਾ ਹੈ (Misreporting), ਤਾਂ ਉਸ ਨੂੰ ਬਚਣ ਦਾ ਮੌਕਾ ਨਹੀਂ ਦਿੱਤਾ ਜਾਵੇਗਾ। ਵਿੱਤ ਮੰਤਰੀ ਅਨੁਸਾਰ, ਆਮਦਨ ਨੂੰ ਲੁਕਾਉਣ ਜਾਂ ਗਲਤ ਜਾਣਕਾਰੀ ਦੇਣ 'ਤੇ ਹੁਣ ਟੈਕਸ ਦੀ ਰਕਮ ਦਾ 100% ਜੁਰਮਾਨਾ (Penalty) ਲਗਾਇਆ ਜਾਵੇਗਾ। ਇਸ ਦਾ ਮਤਲਬ ਹੈ ਕਿ ਜੇਕਰ ਤੁਸੀਂ 5 ਲੱਖ ਰੁਪਏ ਦਾ ਟੈਕਸ ਚੋਰੀ ਕੀਤਾ ਹੈ, ਤਾਂ ਤੁਹਾਨੂੰ 5 ਲੱਖ ਟੈਕਸ ਦੇ ਨਾਲ-ਨਾਲ 5 ਲੱਖ ਰੁਪਏ ਹੋਰ ਜੁਰਮਾਨੇ ਵਜੋਂ ਦੇਣੇ ਪੈਣਗੇ। ਸਖ਼ਤੀ ਵਿੱਚ ਵਾਧਾ: ਪਹਿਲਾਂ ਕਈ ਮਾਮਲਿਆਂ ਵਿੱਚ ਜੁਰਮਾਨੇ ਦੀ ਦਰ ਘੱਟ ਹੁੰਦੀ ਸੀ ਜਾਂ ਅਪੀਲ ਦੀ ਗੁੰਜਾਇਸ਼ ਹੁੰਦੀ ਸੀ, ਪਰ ਹੁਣ 'ਮਿਸ-ਰਿਪੋਰਟਿੰਗ' ਨੂੰ ਗੰਭੀਰ ਅਪਰਾਧ ਮੰਨਿਆ ਜਾਵੇਗਾ।

ਮਿਸ-ਰਿਪੋਰਟਿੰਗ: ਜਿੱਥੇ ਜਾਣਬੁੱਝ ਕੇ ਤੱਥਾਂ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਜਾਂਦਾ ਹੈ, ਉੱਥੇ ਹੁਣ ਸਿੱਧਾ 100% ਜੁਰਮਾਨਾ ਹੋਵੇਗਾ।

ਪਾਰਦਰਸ਼ਤਾ 'ਤੇ ਜ਼ੋਰ: ਵਿੱਤ ਮੰਤਰੀ ਨੇ ਕਿਹਾ ਕਿ ਤਕਨਾਲੋਜੀ ਅਤੇ ਡਾਟਾ ਐਨਾਲਿਟਿਕਸ ਦੀ ਮਦਦ ਨਾਲ ਹੁਣ ਹਰ ਵੱਡੇ ਲੈਣ-ਦੇਣ 'ਤੇ ਨਜ਼ਰ ਰੱਖੀ ਜਾ ਰਹੀ ਹੈ, ਜਿਸ ਕਾਰਨ ਟੈਕਸ ਚੋਰੀ ਕਰਨਾ ਅਸੰਭਵ ਹੋ ਜਾਵੇਗਾ।

## ਇਤਿਹਾਸਕ ਬਜਟ 2026 ; ਵਿੱਤ ਮੰਤਰੀ ਸੀਤਾਰਮਨ ਤੋਂ ਬਾਅਦ PM ਮੋਦੀ ਵੀ ਪੁੱਜੇ ਸੰਸਦ ਭਵਨ

ਨਵੀਂ ਦਿੱਲੀ, 1 ਫਰਵਰੀ : ਅੱਜ, ਯਾਨੀ 1 ਫਰਵਰੀ 2026 ਨੂੰ ਦੇਸ਼ ਦਾ ਕੇਂਦਰੀ ਬਜਟ ਪੇਸ਼ ਕੀਤਾ ਜਾਵੇਗਾ, ਜਿਸ ਨੂੰ ਲੈ ਕੇ ਦੇਸ਼ ਦਾ ਹਰ ਵਿਅਕਤੀ ਕਾਫ਼ੀ ਉਤਸੁਕਤਾ ਨਾਲ ਇੰਤਜ਼ਾਰ ਕਰ ਰਿਹਾ ਹੈ ਤੇ ਪੂਰੇ ਦੇਸ਼ ਵਾਸੀਆਂ ਨੂੰ ਇਸ ਬਜਟ ਨੂੰ ਲੈ ਕੇ ਕਾਫ਼ੀ ਉਮੀਦਾਂ ਹਨ। ਇਹ ਬਜਟ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤਾ ਜਾਵੇਗਾ ਤੇ ਉਹ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਮਗਰੋਂ ਸੰਸਦ ਭਵਨ ਪਹੁੰਚ ਚੁੱਕੇ ਹਨ। ਉਨ੍ਹਾਂ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੀ ਬਜਟ ਪੇਸ਼ ਹੋਣ ਤੋਂ ਪਹਿਲਾਂ ਸੰਸਦ ਭਵਨ ਪਹੁੰਚ ਚੁੱਕੇ ਹਨ। ਬਜਟ ਪੇਸ਼ ਹੋਣ ਤੋਂ ਠੀਕ ਪਹਿਲਾਂ ਵਿੱਤ ਮੰਤਰੀ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਅਤੇ ਬਜਟ ਦੀ ਕਾਪੀ ਉਨ੍ਹਾਂ ਨੂੰ ਸੌਂਪੀ। ਹੁਣ ਸਭ ਦੀਆਂ ਨਜ਼ਰਾਂ ਵਿੱਤ ਮੰਤਰੀ ਦੇ ਭਾਸ਼ਣ 'ਤੇ ਹਨ, ਜਿੱਥੇ ਆਮ ਆਦਮੀ ਨੂੰ ਟੈਕਸ ਛੋਟ ਅਤੇ



ਨਿਵੇਸ਼ ਸਬੰਧੀ ਵੱਡੇ ਐਲਾਨਾਂ ਦੀ ਉਮੀਦ ਹੈ। ਇਸ ਵਾਰ ਦਾ ਬਜਟ ਕਈ ਕਾਰਨਾਂ ਲਈ ਖ਼ਾਸ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਣ ਅੱਜ ਆਪਣਾ ਲਗਾਤਾਰ 9ਵਾਂ ਬਜਟ ਪੇਸ਼ ਕਰਕੇ ਇੱਕ ਨਵਾਂ ਰਿਕਾਰਡ ਬਣਾ ਰਹੇ ਹਨ। ਇਸ ਤੋਂ ਇਲਾਵਾ ਭਾਰਤ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋ ਰਿਹਾ ਹੈ ਕਿ ਕੇਂਦਰੀ ਬਜਟ ਐਤਵਾਰ ਦੇ ਦਿਨ ਪੇਸ਼ ਕੀਤਾ ਜਾ ਰਿਹਾ ਹੈ। ਅੱਜ ਤੋਂ 27 ਸਾਲ ਪਹਿਲਾਂ 1999 'ਚ ਵਾਜਪਾਈ ਸਰਕਾਰ ਦੌਰਾਨ 28 ਫਰਵਰੀ ਨੂੰ ਬਜਟ ਪੇਸ਼ ਕੀਤਾ ਜਾਣਾ, ਪਰ ਐਤਵਾਰ ਹੋਣ ਕਾਰਨ ਇਸ ਦਾ ਦਿਨ ਬਦਲ ਕੇ ਇਕ ਦਿਨ ਪਹਿਲਾਂ ਸ਼ਨੀਵਾਰ ਨੂੰ ਪੇਸ਼ ਕੀਤਾ ਗਿਆ ਸੀ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਦਾ ਬਜਟ ਭਾਸ਼ਣ ਸਵੇਰੇ 11 ਵਜੇ ਲੋਕ ਸਭਾ ਵਿੱਚ ਸ਼ੁਰੂ ਹੋਵੇਗਾ। ਇਸ ਬਜਟ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਅੱਜ ਪੰਜਾਬ ਦੌਰਾ ਵੀ ਤੈਅ ਹੈ, ਜਿੱਥੇ ਉਹ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣਗੇ।

## ਪ੍ਰਦੂਸ਼ਣ ਹੁਣ ਸਿਰਫ਼ ਵਾਤਾਵਰਣ ਦਾ ਮੁੱਦਾ ਨਹੀਂ ਸਗੋਂ ਰਾਸ਼ਟਰੀ ਸਿਹਤ ਐਮਰਜੈਂਸੀ ਹੈ : ਰਾਹੁਲ ਗਾਂਧੀ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ, 1 ਫਰਵਰੀ : ਕਾਂਗਰਸ ਆਗੂ ਰਾਹੁਲ ਗਾਂਧੀ ਨੇ ਐਤਵਾਰ ਨੂੰ ਕਿਹਾ ਕਿ ਪ੍ਰਦੂਸ਼ਣ ਹੁਣ ਸਿਰਫ਼ ਇਕ ਵਾਤਾਵਰਣੀ ਮੁੱਦਾ ਨਹੀਂ ਸਗੋਂ ਇਕ ਰਾਸ਼ਟਰੀ ਸਿਹਤ ਐਮਰਜੈਂਸੀ ਹੈ। ਰਾਹੁਲ ਗਾਂਧੀ ਨੇ ਨਾਲ ਹੀ ਕਿਹਾ ਕਿ ਸੰਸਦ ਨੂੰ ਇਸ 'ਤੇ ਚਰਚਾ ਕਰਨੀ ਚਾਹੀਦੀ ਹੈ ਅਤੇ ਸਰਕਾਰ ਨੂੰ ਕਾਰਵਾਈ ਕਰਨੀ ਚਾਹੀਦੀ ਹੈ। ਲੋਕ ਸਭਾ 'ਚ ਵਿਰੋਧੀ ਧਿਰ ਦੇ



ਨੇਤਾ ਨੇ ਇਹ ਵੀ ਕਿਹਾ ਕਿ ਕੇਂਦਰੀ ਬਜਟ 'ਚ ਅਸਲ ਹੱਲਾਂ ਲਈ ਅਸਲ ਸਰੋਤ ਉਪਲੱਬਧ ਕਰਵਾਏ ਜਾਣੇ ਚਾਹੀਦੇ ਹਨ। ਰਾਹੁਲ ਗਾਂਧੀ ਨੇ ਫੇਸਬੁੱਕ 'ਤੇ ਇਕ ਵੀਡੀਓ ਜਾਰੀ ਕਰ ਕੇ ਕਿਹਾ,"ਪਿਛਲੇ ਕੁਝ ਦਿਨਾਂ, ਮੈਂ ਹਜ਼ਾਰਾਂ ਸੰਦੇਸ਼ ਪੜ੍ਹੇ ਹਨ ਕਿ ਪ੍ਰਦੂਸ਼ਣ ਉਨ੍ਹਾਂ ਦੀ ਜ਼ਿੰਦਗੀ 'ਤੇ ਕੀ ਅਸਰ ਪਾ ਰਿਹਾ ਹੈ। ਜੋ ਗੱਲ ਸਭ ਤੋਂ ਜ਼ਿਆਦਾ ਸਾਹਮਣੇ ਆਈ ਕਿ ਬੱਚਿਆਂ ਲਈ, ਮਾਤਾ-ਪਿਤਾ ਲਈ, ਆਉਣ ਵਾਲੇ ਕੱਲ੍ਹ ਦੇ ਲਈ ਲੋਕਾਂ 'ਚ ਡਰ ਹੈ। ਇਹ ਡਰ ਪੂਰੇ ਭਾਰਤ ਦੇ ਸ਼ਹਿਰੀ ਪਰਿਵਾਰਾਂ 'ਚ ਮਹਿਸੂਸ ਕੀਤਾ ਜਾ ਰਿਹਾ ਹੈ।" ਉਨ੍ਹਾਂ ਦਾ ਕਹਿਣਾ ਹੈ ਕਿ ਪ੍ਰਦੂਸ਼ਣ ਹੁਣ ਸਿਰਫ਼ ਇਕ ਵਾਤਾਵਰਣ ਦਾ ਮੁੱਦਾ ਨਹੀਂ ਰਿਹਾ, ਇਹ ਸਿਹਤ ਸੰਬੰਧੀ ਰਾਸ਼ਟਰੀ ਐਮਰਜੈਂਸੀ ਬਣ ਚੁੱਕਿਆ ਹੈ ਅਤੇ ਸੰਸਦ ਨੂੰ ਇਸ 'ਤੇ ਚਰਚਾ ਕਰਨੀ ਚਾਹੀਦੀ ਹੈ। ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਨੇ ਕਿਹਾ,"ਸਰਕਾਰ ਨੂੰ ਕਾਰਵਾਈ ਕਰਨੀ ਚਾਹੀਦੀ ਹੈ।

## 5 ਸਾਲਾਂ 'ਚ ਸ਼ੁਰੂ ਹੋਣਗੇ 20 ਨਵੇਂ ਜਲ ਮਾਰਗ, ਵਾਰਾਣਸੀ ਤੇ ਪਟਨਾ ਨੂੰ ਮਿਲੇਗੀ ਵੱਡੀ ਸੌਗਾਤ

ਨਵੀਂ ਦਿੱਲੀ, 1 ਫਰਵਰੀ : ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਆਪਣੇ ਬਜਟ ਭਾਸ਼ਣ ਦੌਰਾਨ ਦੇਸ਼ ਦੇ ਜਲ ਮਾਰਗਾਂ ਦੇ ਵਿਸਤਾਰ ਅਤੇ ਸਮੁੰਦਰੀ ਸੰਪਰਕ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਐਲਾਨ ਕੀਤੇ ਹਨ। ਸਰਕਾਰ ਦੇ ਇਸ ਕਦਮ ਨਾਲ ਆਉਣ ਵਾਲੇ ਸਮੇਂ ਵਿੱਚ ਜਲ ਮਾਰਗਾਂ ਰਾਹੀਂ ਆਵਾਜਾਈ ਅਤੇ ਵਪਾਰ ਦੇ ਖੇਤਰ ਵਿੱਚ ਵੱਡੀ ਕ੍ਰਾਂਤੀ ਆਉਣ ਦੀ ਉਮੀਦ ਹੈ। ਇਸ ਦੌਰਾਨ ਵਿੱਤ ਮੰਤਰੀ ਨੇ ਐਲਾਨ ਕੀਤਾ ਕਿ ਅਗਲੇ ਪੰਜ ਸਾਲਾਂ ਵਿੱਚ ਦੇਸ਼ ਵਿੱਚ 20 ਨਵੇਂ ਜਲ ਮਾਰਗ ਸ਼ੁਰੂ ਕੀਤੇ ਜਾਣਗੇ। ਇਸ ਯੋਜਨਾ ਦਾ ਮੁੱਖ ਉਦੇਸ਼ ਸੜਕੀ ਤੇ ਰੇਲ ਮਾਰਗਾਂ 'ਤੇ ਬੋਝ ਘਟਾਉਣਾ ਅਤੇ ਸਸਤੀ ਮਾਲ ਢੋਆ-ਢੁਆਈ ਨੂੰ ਉਤਸ਼ਾਹਿਤ ਕਰਨਾ ਹੈ। ਕੇਂਦਰ ਜਲ ਮਾਰਗਾਂ ਦੇ ਵਿਕਾਸ ਦੇ ਨਾਲ-ਨਾਲ ਬੁਨਿਆਦੀ ਢਾਂਚੇ 'ਤੇ ਜ਼ੋਰ ਦਿੰਦਿਆਂ ਸਰਕਾਰ ਨੇ ਵਾਰਾਣਸੀ ਅਤੇ ਪਟਨਾ ਵਿੱਚ ਜਹਾਜ਼ ਮੁਰੰਮਤ ਦੀਆਂ ਸਹੂਲਤਾਂ ਸਥਾਪਿਤ ਕਰਨ ਦਾ ਫੈਸਲਾ ਕੀਤਾ ਹੈ। ਇਹ ਸਹੂਲਤਾਂ ਗੰਗਾ ਨਦੀ ਰਾਹੀਂ ਚੱਲਣ ਵਾਲੇ ਵਪਾਰਕ ਜਹਾਜ਼ਾਂ ਲਈ ਬੇਹੱਦ ਲਾਹੇਵੰਦ ਸਾਬਤ ਹੋਣਗੀਆਂ ਅਤੇ ਸਥਾਨਕ ਪੱਧਰ 'ਤੇ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਕਰਨਗੀਆਂ। ਦੇਸ਼ ਵਿੱਚ ਸੈਰ-ਸਪਾਟੇ ਅਤੇ ਤੇਜ਼ ਸੰਪਰਕ ਨੂੰ ਵਧਾਉਣ ਲਈ ਸਮੁੰਦਰੀ ਜਹਾਜ਼ ਵੀ.ਜੀ.ਐੱਫ. (VGF - Viability Gap Funding) ਯੋਜਨਾ ਦੀ ਸ਼ੁਰੂਆਤ ਕੀਤੀ ਜਾਵੇਗੀ।

## ਰਾਹੁਲ ਗਾਂਧੀ ਨੇ ਬਜਟ 2026 ਦੀ ਕੀਤੀ ਆਲੋਚਨਾ

ਨਵੀਂ ਦਿੱਲੀ, 1 ਫਰਵਰੀ : ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਐਤਵਾਰ ਨੂੰ ਸਾਲ 2026-27 ਦਾ ਕੇਂਦਰੀ ਬਜਟ ਪੇਸ਼ ਕੀਤਾ, ਜਿਸ ਵਿੱਚ ਸਰਕਾਰ ਨੇ ਦੇਸ਼ ਦੇ ਵਿਕਾਸ ਦੀ ਰਫ਼ਤਾਰ ਵਧਾਉਣ ਲਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਕਦਮ ਉਠਾਏ ਹਨ। ਇਹ ਭਾਜਪਾ ਦੀ ਅਗਵਾਈ ਵਾਲੀ ਐੱਨ.ਡੀ.ਏ. ਸਰਕਾਰ ਦੇ ਤੀਜੇ ਕਾਰਜਕਾਲ ਦਾ ਤੀਜਾ ਬਜਟ ਹੈ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਬਜਟ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਇਹ ਭਾਰਤ ਦੇ ਅਸਲ ਸੰਕਟਾਂ ਨੂੰ ਦੇਖਣ ਵਿੱਚ ਨਾਕਾਮ ਰਿਹਾ ਹੈ।

## ਜ਼ਿੰਦਾ ਸੜ ਗਿਆ ਦਿਵਿਆਂਗ ਅਧਿਆਪਕ

ਬੈਤੂਲ, 1 ਫਰਵਰੀ : ਮੱਧ ਪ੍ਰਦੇਸ਼ ਦੇ ਬੈਤੂਲ ਜ਼ਿਲ੍ਹੇ 'ਚ ਸਰਕਾਰ ਵਲੋਂ ਅਲਾਟ ਇਕ ਈ-ਸਾਈਕਲ ਦੀ ਬੈਟਰੀ ਫਟਣ ਨਾਲ 30 ਸਾਲਾ ਦਿਵਿਆਂਗ ਅਧਿਆਪਕ ਦੀ ਸ਼ਨੀਵਾਰ ਨੂੰ ਸੜ ਕੇ ਮੌਤ ਹੋ ਗਈ। ਪੁਲਸ ਦੇ ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਇਹ ਘਟਨਾ ਸ਼ੁੱਕਰਵਾਰ ਦੇਰ ਸ਼ਾਮ ਜ਼ਿਲ੍ਹਾ ਹੈੱਡ ਕੁਆਰਟਰ ਤੋਂ ਕਰੀਬ 60 ਕਿਲੋਮੀਟਰ ਦੂਰ ਸਰਨੀ ਕਸਬੇ 'ਚ ਜੈ ਸਤੰਭ ਚੌਕ ਨੇੜੇ ਵਾਪਰੀ। ਅਧਿਕਾਰੀ ਨੇ ਦੱਸਿਆ ਕਿ ਸੁਨੀਲ ਕੁਮਾਰ ਲੋਖੰਡੇ ਉਰਫ਼ ਗੁੱਡੂ ਦਿਵਿਆਂਗ ਸੀ ਅਤੇ ਟਿਊਸ਼ਨ ਜਮਾਤਾਂ ਦੇ ਕੇ ਆਪਣਾ ਗੁਜ਼ਾਰਾਂ ਕਰਦਾ ਸੀ। ਸਰਨੀ ਪੁਲਸ ਥਾਣੇ ਦੇ ਇੰਚਾਰਜ ਏ.ਕੇ. ਪਰਤੇਤੀ ਨੇ ਦੱਸਿਆ ਕਿ ਸੁਨੀਲ ਦੀ ਤਿੰਨ ਪਹੀਆ ਈ-ਸਾਈਕਲ ਦੀ ਬੈਟਰੀ ਫਟ ਗਈ, ਜਿਸ ਨਾਲ ਅੱਗ ਲੱਗ ਗਈ ਅਤੇ ਉਸ ਦੀ ਮੌਤ ਹੋ ਗਈ। ਚਸ਼ਮਦੀਦਾਂ ਨੇ ਦੱਸਿਆ ਕਿ ਇਕ ਦੁਕਾਨਦਾਰ ਨੇ ਪਾਣੀ ਸੁੱਟ ਕੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ ਪਰ ਉਦੋਂ ਤੱਕ ਅੱਗ ਨੇ ਭਿਆਨਕ ਰੂਪ ਧਾਰ ਲਿਆ ਸੀ ਅਤੇ ਸੁਨੀਲ ਨੂੰ ਬਚਾਇਆ ਨਹੀਂ ਜਾ ਸਕਿਆ। ਅਧਿਕਾਰੀ ਨੇ ਦੱਸਿਆ ਕਿ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਸੁਨੀਲ ਦੇ ਭਰਾ ਰਾਜੇਸ਼ ਅਨੁਸਾਰ, ਸੁਨੀਲ ਕਰੀਬ 15 ਸਾਲ ਪਹਿਲਾਂ ਦਿਵਿਆਂਗ ਹੋ ਗਏ ਸਨ। ਉਨ੍ਹਾਂ ਕਿਹਾ ਕਿ ਉਹ ਬਚਪਨ ਤੋਂ ਦਿਵਿਆਂਗ ਨਹੀਂ ਸਨ ਅਤੇ ਇੰਜੀਨੀਅਰ ਦੀ ਪੜ੍ਹਾਈ ਦੌਰਾਨ ਜੋੜਾਂ 'ਚ ਸਮੱਸਿਆ ਆਉਣ ਕਾਰਨ ਉਨ੍ਹਾਂ ਨੂੰ ਉੱਠਣ-ਬੈਠਣ ਅਤੇ ਤੁਰਨ 'ਚ ਪਰੇਸ਼ਾਨੀ ਹੋਣ ਲੱਗੀ ਸੀ। ਸੁਨੀਲ ਦਾ ਵਿਆਹ ਨਹੀਂ ਹੋਇਆ ਸੀ ਅਤੇ ਉਹ ਬੱਚਿਆਂ ਨੂੰ ਟਿਊਸ਼ਨ ਪੜ੍ਹਾ ਕੇ ਆਪਣਾ ਖਰਚ ਚਲਾਉਂਦਾ ਸੀ। ਰਾਜੇਸ਼ ਨੇ ਦੱਸਿਆ ਕਿ ਮੁੱਖ ਮੰਤਰੀ ਦਿਵਿਆਂਗਜਨ ਸਸ਼ਕਤੀਕਰਨ ਯੋਜਨਾ ਅਧੀਨ ਕਰੀਬ ਢਾਈ ਸਾਲ ਪਹਿਲਾਂ ਸੁਨੀਲ ਨੂੰ ਬੈਟਰੀ ਨਾਲ ਚੱਲਣ ਵਾਲਾ ਤਿੰਨ ਪਹੀਆ ਸਾਈਕਲ ਉਪਲੱਬਧ ਕਰਵਾਈ ਗਈ ਸੀ।

## ਭਾਰਤ ਦਾ ਰੱਖਿਆ ਬਜਟ 7.8 ਲੱਖ ਕਰੋੜ ਪਾਰ ! ਦੁਨੀਆ ਭਰ 'ਚ ਹਲਚਲ, ਦੁਸ਼ਮਣਾਂ ਦੇ ਉੱਡੇ ਹੋਸ਼

ਨਵੀਂ ਦਿੱਲੀ, 1 ਫਰਵਰੀ : ਦੁਨੀਆ ਭਰ 'ਚ ਇਸ ਵੇਲੇ ਤੀਜੀ ਵਿਸ਼ਵ ਜੰਗ ਦੀ ਤਿਆਰੀ ਲਗਭਗ ਮੁਕੰਮਲ ਹੁੰਦੀ ਜਾ ਰਹੀ ਹੈ, ਫਿਰ ਚਾਹੇ ਉਹ ਰੂਸ-ਯੂਰ?ਰੇਨ ਵਿਚਾਲੇ ਚੱਲ ਰਹੀ ਜੰਗ ਹੋਵੇ ਜਾ ਅਮਰੀਕਾ ਦੀ ਗ੍ਰੀਨਲੈਂਡ, ਇਰਾਨ, ਯੂਰੋਪ, ਵੈਨੇਜ਼ੁਏਲਾ ਵਰਗੇ ਦੇਸ਼ਾਂ ਨਾਲ ਟਕਰਾਅ ਦੀ ਸਥਿਤੀ ਹੋਵੇ। ਜੰਗ ਕਿਸੇ ਵੇਲੇ ਵੀ ਸੰਭਵ ਹੈ ਅਜਿਹੀ ਸਥਿਤੀ ਵਿਚਾਲੇ ਭਾਰਤ ਨੇ ਵੀ ਆਪਣੇ ਰੱਖਿਆ ਬਜਟ ਲਈ ਖਜ਼ਾਨੇ ਦਾ ਮੂੰਹ ਖੋਲ੍ਹ ਦਿੱਤਾ ਹੈ। ਇਸ ਦਾ ਇਕ ਕਾਰਨ ਭਾਰਤ ਦੇ ਗੁਆਂਢੀ ਦੇਸ਼ਾਂ ਪਾਕਿਸਤਾਨ, ਨੇਪਾਲ, ਬੰਗਲਾਦੇਸ਼ ਤੇ ਸ਼?ਰੀਲੰਕਾ ਵਿਚ ਚੱਲ ਰਹੀ ਅਸ਼ਾਂਤੀ ਵੀ ਇਕ ਕਾਰਨ ਗਿਣਿਆ ਜਾ ਸਕਦਾ ਹੈ। ਅੱਜ 1 ਫਰਵਰੀ 2026 ਨੂੰ ਰੱਖਿਆ ਬਜਟ ਲਈ ਭਾਰਤੀ ਲੋਕਤੰਤਰ ਦੇ ਇਤਿਹਾਸ 'ਚ ਇਕ ਇਤਿਹਾਸਿਕ ਦਿਨ ਰਿਹਾ, ਜਦੋਂ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸੰਸਦ ਵਿੱਚ ਵਿੱਤੀ ਸਾਲ 2026-27 ਦਾ ਬਜਟ ਪੇਸ਼ ਕੀਤਾ। ਇਸ ਵਾਰ ਸਰਕਾਰ ਨੇ ਦੇਸ਼ ਦੀ ਸੁਰੱਖਿਆ ਨੂੰ ਸਰਵਉੱਚ ਤਰਜੀਹ ਦਿੰਦੇ ਹੋਏ ਰੱਖਿਆ ਮੰਤਰਾਲੇ ਨੂੰ 7.8 ਲੱਖ ਕਰੋੜ ਦਾ ਭਾਰੀ-ਭਰਕਮ ਬਜਟ ਅਲਾਟ ਕੀਤਾ ਹੈ। ਇਹ ਪਿਛਲੇ ਵਿੱਤੀ ਸਾਲ (2025-26) ਦੇ 6.81 ਲੱਖ ਕਰੋੜ ਦੀ ਤੁਲਨਾ ਵਿੱਚ ਲਗਭਗ 14.5% ਵੱਧ ਹੈ। ਸੈਨਾ ਦੇ ਆਧੁਨਿਕੀਕਰਨ ਲਈ ਇਸ ਸਾਲ ਦੇ ਬਜਟ ਵਿੱਚ 2.19 ਲੱਖ ਕਰੋੜ ਵੱਖਰੇ ਤੌਰ 'ਤੇ ਰੱਖੇ ਗਏ ਹਨ। ਇਹ ਰਾਸ਼ੀ ਨਵੀਆਂ ਮਿਜ਼ਾਈਲਾਂ, ਲੜਾਕੂ ਜਹਾਜ਼ਾਂ, ਪਣਡੁੱਬੀਆਂ ਅਤੇ ਡਰੋਨਾਂ ਦੀ ਖਰੀਦ 'ਤੇ ਖਰਚ ਕੀਤੀ ਜਾਵੇਗੀ। ਸਰਕਾਰ ਦਾ ਮੁੱਖ ਉਦੇਸ਼ ਤਿੰਨਾਂ ਸੈਨਾਵਾਂ ਨੂੰ ਦੁਨੀਆ ਦੇ ਸਭ ਤੋਂ ਆਧੁਨਿਕ ਅਤੇ 'ਮੇਡ ਇਨ ਇੰਡੀਆ' ਹਥਿਆਰਾਂ ਨਾਲ ਲੈਸ ਕਰਨਾ ਹੈ। ਇਸ ਬਜਟ ਨਾਲ 114 ਰਾਫੇਲ ਲੜਾਕੂ ਜਹਾਜ਼ਾਂ ਦੇ ਵੱਡੇ ਸੌਦੇ ਅਤੇ ਪੰਜਵੀਂ ਪੀੜ੍ਹੀ ਦੇ Su-57 ਸਟੈਲਥ ਫਾਈਟਰ ਵਰਗੇ ਪ੍ਰੋਜੈਕਟਾਂ ਨੂੰ ਨਵੀਂ ਰਫਤਾਰ ਮਿਲਣ ਦੀ ਉਮੀਦ ਹੈ। ਸਮੁੰਦਰ ਵਿੱਚ ਚੀਨ ਦੀ ਚੁਣੌਤੀ ਦਾ ਸਾਹਮਣਾ ਕਰਨ ਲਈ ਨਵੀਆਂ ਪਣਡੁੱਬੀਆਂ ਅਤੇ ਨਿਗਰਾਨੀ ਲਈ ਹਾਈ-ਟੈਕ ਡਰੋਨਾਂ ਦੀ ਖਰੀਦ ਪ੍ਰਕਿਰਿਆ ਵੀ ਤੇਜ਼ ਕੀਤੀ ਜਾਵੇਗੀ। 'ਮੇਕ ਇਨ ਇੰਡੀਆ' ਨੂੰ ਉਤਸ਼ਾਹਿਤ ਕਰਨ ਲਈ ਬਜਟ ਦਾ ਇੱਕ ਵੱਡਾ ਹਿੱਸਾ ਭਾਰਤੀ ਕੰਪਨੀਆਂ ਲਈ ਸੁਰੱਖਿਅਤ ਰੱਖਿਆ ਗਿਆ ਹੈ। ਪਿਛਲੇ ਸਾਲ ਰੱਖਿਆ ਖਰੀਦ ਦਾ 75% ਹਿੱਸਾ ਸਵਦੇਸ਼ੀ ਹਥਿਆਰਾਂ ਲਈ ਸੀ, ਜਿਸ ਨੂੰ ਇਸ ਵਾਰ ਹੋਰ ਮਜ਼ਬੂਤ ਕਰਨ ਦੀ ਯੋਜਨਾ ਹੈ। ਇਸ ਨਾਲ HAL, DRDO ਅਤੇ ਨਿੱਜੀ ਖੇਤਰ ਦੀਆਂ ਡਿਫੈਂਸ ਕੰਪਨੀਆਂ ਨੂੰ ਵੱਡਾ ਹੁਲਾਰਾ ਮਿਲੇਗਾ।

### ਸਕੂਲਾਂ-ਕਾਲਜਾਂ 'ਚ ਬਣਨਗੀਆਂ ਲੈਬਾਂ

ਨਵੀਂ ਦਿੱਲੀ: ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਬਜਟ ਪੇਸ਼ ਕਰਦੇ ਹੋਏ ਸਿੱਖਿਆ ਤੇ ਤਕਨਾਲੋਜੀ ਦੇ ਖੇਤਰ ਵਿੱਚ ਕਈ ਮਹੱਤਵਪੂਰਨ ਐਲਾਨ ਕੀਤੇ ਹਨ। ਸਰੋਤਾਂ ਅਨੁਸਾਰ, ਦੇਸ਼ ਦੇ 15,000 ਸੈਕੰਡਰੀ ਸਕੂਲਾਂ ਅਤੇ 500 ਕਾਲਜਾਂ ਵਿੱਚ 'ਕੰਟੈਂਟ ਕ੍ਰਿਏਟਰ ਲੈਬਾਂ' (Content Creator Labs) ਸਥਾਪਤ ਕੀਤੀਆਂ ਜਾਣਗੀਆਂ। ਇਹ ਕਦਮ ਯੂਟਿਊਬਰਾਂ, ਗੇਮਿੰਗ ਖੇਤਰ ਅਤੇ ਸੋਸ਼ਲ ਮੀਡੀਆ 'ਤੇ ਕੰਟੈਂਟ ਬਣਾਉਣ ਵਾਲੇ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਲਈ ਚੁੱਕਿਆ ਗਿਆ ਹੈ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਧਾਨ ਮੰਤਰੀ ਨੂੰ ਹਲਵਾਰਾ ਹਵਾਈ ਅੱਡੇ ਦਾ ਨਾਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂ 'ਤੇ ਰੱਖਣ ਦੀ ਅਪੀਲ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਲੁਧਿਆਣਾ, 1 ਫਰਵਰੀ 2026: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਲੁਧਿਆਣਾ ਦੇ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਟਰਮੀਨਲ ਇਮਾਰਤ ਦੇ ਉਦਘਾਟਨ ਮੌਕੇ ਭਾਰਤ ਸਰਕਾਰ ਨੂੰ ਹਵਾਈ ਅੱਡੇ ਦਾ ਨਾਮ ਮਹਾਨ ਸ਼ਹੀਦ, ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਰੱਖਣ ਦੀ ਮੰਗ ਨੂੰ ਦੁਹਰਾਉਂਦਿਆਂ ਕਿਹਾ ਕਿ ਇਹ ਕਦਮ ਭਾਰਤ ਦੇ ਆਜ਼ਾਦੀ ਸੰਗਰਾਮ ਦੇ ਸਭ ਤੋਂ ਛੋਟੀ ਉਮਰ ਦੇ ਨਾਇਕਾਂ ਵਿੱਚੋਂ ਇੱਕ ਨਾਇਕ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ। ਮੁੱਖ ਮੰਤਰੀ ਨੇ ਕੇਂਦਰ ਨੂੰ ਮੋਹਾਲੀ ਹਵਾਈ ਅੱਡੇ ਤੋਂ ਅੰਤਰਰਾਸ਼ਟਰੀ ਉਡਾਣਾਂ ਵਿੱਚ ਵਾਧਾ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਇੱਕ ਅਜਿਹੇ ਪਲ ਵੱਲ ਲਗਾਤਾਰ ਵਧ ਰਿਹਾ ਹੈ ਜਿੱਥੇ ਇਸ ਦੇ ਚਾਰੇ ਹਵਾਈ ਅੱਡਿਆਂ ਦੇ ਨਾਂ ਸੂਬੇ ਦੇ ਮਹਾਨ ਗੁਰੂਆਂ ਅਤੇ ਸ਼ਹੀਦਾਂ ਦੇ ਨਾਮ ਉੱਤੇ ਰੱਖੇ ਜਾਣਗੇ, ਜੋ ਆਧੁਨਿਕ ਬੁਨਿਆਦੀ ਢਾਂਚੇ ਨੂੰ ਸੂਬੇ ਦੀ ਅਧਿਆਤਮਿਕ ਅਤੇ ਇਨਕਲਾਬੀ ਵਿਰਾਸਤ ਨਾਲ ਜੋੜਨਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹਵਾਈ ਅੱਡੇ ਦੇ ਵਰਚੁਅਲ ਉਦਘਾਟਨ ਦੌਰਾਨ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਕਿੰਜਰਾਪੂ ਰਾਮ ਮੋਹਨ ਨਾਇਡੂ ਦੀ ਮੌਜੂਦਗੀ ਵਿੱਚ ਇਹ ਮੁੱਦਾ ਉਠਾਉਂਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਸਿਰਫ਼ 19 ਸਾਲ ਦੀ ਉਮਰ ਵਿੱਚ ਮਾਤ ਭੂਮੀ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ। ਉਨ੍ਹਾਂ ਦੀ ਮਹਾਨ ਕੁਰਬਾਨੀ ਨੇ ਲੱਖਾਂ ਲੋਕਾਂ ਨੂੰ ਬ੍ਰਿਟਿਸ਼ ਸਾਮਰਾਜਵਾਦ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕੀਤਾ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਵੀ ਉਨ੍ਹਾਂ ਨੂੰ ਆਪਣਾ ਰੋਲ ਮਾਡਲ ਮੰਨਦੇ ਸਨ।" ਮੁੱਖ ਮੰਤਰੀ ਨੇ ਕਿਹਾ ਕਿ ਹਲਵਾਰਾ ਹਵਾਈ ਅੱਡੇ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਰੱਖਣਾ ਇਸ ਮਹਾਨ ਸ਼ਹੀਦ ਪ੍ਰਤੀ ਸੱਚੀ ਸਰਧਾਂਜਲੀ ਹੋਵੇਗੀ ਜੋ ਇਸ ਖੇਤਰ ਨਾਲ ਸਬੰਧਤ ਸੀ ਅਤੇ ਹਵਾਬਾਜ਼ੀ ਵਿੱਚ ਕਰੀਅਰ ਬਣਾਉਣ ਲਈ ਬਰਕਲੇ




ਯੂਨੀਵਰਸਿਟੀ ਗਿਆ ਸੀ ਪਰ ਉਸ ਨੇ ਵਾਪਸ ਆਉਣ ਦੀ ਬਜਾਇ ਆਜ਼ਾਦੀ ਅੰਦੋਲਨ ਲਈ ਆਪਣਾ ਜੀਵਨ ਸਮਰਪਿਤ ਕਰਨ ਦਾ ਰਾਹ ਚੁਣਿਆ। ਉਨ੍ਹਾਂ ਕਿਹਾ, "ਪੰਜਾਬ ਮਹਾਨ ਗੁਰੂਆਂ, ਪੈਗੰਬਰਾਂ, ਸੰਤਾਂ, ਪੀਰਾਂ ਅਤੇ ਸ਼ਹੀਦਾਂ ਦੀ ਧਰਤੀ ਹੈ। ਇਸ ਪਵਿੱਤਰ ਮਿੱਟੀ ਦੇ ਕਣ-ਕਣ ਵਿੱਚੋਂ ਉਨ੍ਹਾਂ ਦੀਆਂ ਕੁਰਬਾਨੀਆਂ ਦੀ ਮਹਿਕ ਆਉਂਦੀ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੇਕਰ ਹਲਵਾਰਾ ਹਵਾਈ ਅੱਡੇ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਰੱਖਿਆ ਜਾਂਦਾ ਹੈ ਤਾਂ ਪੰਜਾਬ ਦੇ ਚਾਰ ਹਵਾਈ ਅੱਡਿਆਂ ਵਿੱਚੋਂ ਦੋ ਦਾ ਨਾਮ ਸਤਿਕਾਰਯੋਗ ਗੁਰੂਆਂ ਦੇ ਨਾਮ 'ਤੇ ਅਤੇ ਦੋ ਦਾ ਨਾਮ ਸ਼ਹੀਦਾਂ ਦੇ ਨਾਮ 'ਤੇ ਰੱਖਿਆ ਜਾਵੇਗਾ। ਉਨ੍ਹਾਂ ਕਿਹਾ, "ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਹਵਾਈ ਅੱਡਾ, ਆਦਮਪੁਰ ਦਾ ਨਾਮ ਗੁਰੂਆਂ ਦੇ ਨਾਮ 'ਤੇ ਰੱਖਿਆ ਗਿਆ ਹੈ, ਜਦੋਂ ਕਿ ਸ਼ਹੀਦ ਭਗਤ ਸਿੰਘ ਹਵਾਈ ਅੱਡਾ, ਮੋਹਾਲੀ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਹਵਾਈ ਅੱਡਾ, ਹਲਵਾਰਾ ਸਾਡੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਹੋਵੇਗਾ।" ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ 'ਤੇ ਲੋਕਾਂ ਨੂੰ ਵਧਾਈ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਆਦਮਪੁਰ ਹਵਾਈ ਅੱਡੇ ਦਾ ਨਾਮ ਭਗਤੀ ਲਹਿਰ ਦੇ ਮਹਾਨ ਗੁਰੂ ਦੇ ਨਾਮ 'ਤੇ ਰੱਖਿਆ ਗਿਆ ਹੈ। ਉਨ੍ਹਾਂ ਕਿਹਾ, "ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੁਆਰਾ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਦਿਖਾਇਆ ਗਿਆ ਰਾਹ ਸਾਡੀ ਸਰਕਾਰ ਦੀ ਜਨਤਾ ਦੀ ਸੇਵਾ ਕਰਨ ਦੀ ਵਚਨਬੱਧਤਾ ਦਾ ਮੁੱਖ ਥੰਮ੍ਹ ਹੈ।" ਉਨ੍ਹਾਂ ਕਿਹਾ ਕਿ ਇਹ ਪੰਜਾਬ ਲਈ ਇੱਕ ਇਤਿਹਾਸਕ ਦਿਨ ਰਿਹਾ ਕਿਉਂਕਿ ਪ੍ਰਧਾਨ ਮੰਤਰੀ ਨੇ ਇਸ ਸ਼ੁਭ ਮੌਕੇ 'ਤੇ ਦੋ ਹਵਾਈ ਅੱਡੇ ਲੋਕਾਂ ਨੂੰ ਸਮਰਪਿਤ ਕੀਤੇ। ਹਲਵਾਰਾ ਹਵਾਈ ਅੱਡੇ ਦੀ ਰਣਨੀਤਕ ਮਹੱਤਤਾ ਨੂੰ ਉਜਾਗਰ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਇਸ ਹਵਾਈ ਅੱਡੇ ਨੇ ਸਾਲਾਂ ਦੌਰਾਨ ਅਹਿਮ ਭੂਮਿਕਾ ਨਿਭਾਈ ਹੈ ਅਤੇ ਮਹੱਤਵਪੂਰਨ ਕਾਰਜਾਂ ਦੌਰਾਨ ਹਥਿਆਰਬੰਦ ਸੈਨਾਵਾਂ ਵੱਲੋਂ ਇਸ ਦੀ ਵਰਤੋਂ ਕੀਤੀ ਜਾਂਦੀ ਰਹੀ ਹੈ। ਉਨ੍ਹਾਂ ਨੇ ਹਲਵਾਰਾ ਵਿਖੇ ਟਰਮੀਨਲ, ਜਿਸ ਨੂੰ ਹੁਣ ਜਨਤਾ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ, ਨੂੰ ਵਿਕਸਤ ਕਰਨ ਵਿੱਚ ਯੋਗਦਾਨ ਪਾਉਣ ਲਈ ਭਾਰਤੀ ਹਥਿਆਰਬੰਦ ਸੈਨਾਵਾਂ ਦਾ ਧੰਨਵਾਦ ਕੀਤਾ।

## ਸਰਕਾਰ ਵੱਲੋਂ ਪੇਸ਼ ਕੀਤੇ ਗਏ ਕੇਂਦਰੀ ਬਜਟ 'ਤੇ MP ਚਰਨਜੀਤ ਸਿੰਘ ਚੰਨੀ ਦਾ ਵੱਡਾ ਬਿਆਨ

ਜਲੰਧਰ/ਨਵੀਂ ਦਿੱਲੀ (ਵੈੱਬ ਡੈਸਕ), 1 ਫਰਵਰੀ : ਕਾਂਗਰਸ ਦੇ ਸੰਸਦ ਮੈਂਬਰ ਚਰਨਜੀਤ ਸਿੰਘ



ਚੰਨੀ ਨੇ ਵਿੱਤ ਮੰਤਰੀ ਸੀਤਾਰਮਨ ਵੱਲੋਂ ਪੇਸ਼ ਕੀਤੇ ਗਏ ਕੇਂਦਰੀ ਬਜਟ 2026 ਨੂੰ ਲੈ ਕੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਨੇ ਬਜਟ ਦੀ ਪੇਸ਼ਕਾਰੀ ਦੇ ਸਮੇਂ ਅਤੇ ਇਸ ਵਿੱਚ ਸ਼ਾਮਲ ਸਮੱਗਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਅੱਜ ਗੁਰੂ ਰਵਿਦਾਸ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਹੈ। ਉਨ੍ਹਾਂ ਨੇ ਪਹਿਲਾਂ ਵੀ ਇਸ ਪਵਿੱਤਰ ਦਿਨ 'ਤੇ ਬਜਟ ਪੇਸ਼ ਕਰਨ 'ਤੇ ਇਤਰਾਜ਼ ਜਤਾਇਆ ਸੀ ਅਤੇ ਮੰਗ ਕੀਤੀ ਸੀ ਕਿ ਇਸ ਦਿਨ ਛੁੱਟੀ ਹੋਣੀ ਚਾਹੀਦੀ ਸੀ। ਚਰਨਜੀਤ ਸਿੰਘ ਚੰਨੀ ਨੇ ਅੱਗੇ ਕਿਹਾ ਕਿ ਉਹ ਅੱਜ ਗੁਰੂ ਰਵਿਦਾਸ ਜੀ ਦੇ ਜਨਮ ਸਥਾਨ ਵਾਰਾਣਸੀ ਜਾਣ ਦੀ ਯੋਜਨਾ ਬਣਾ ਰਹੇ ਸਨ ਪਰ ਐਤਵਾਰ ਹੋਣ ਦੇ ਬਾਵਜੂਦ ਬਜਟ ਪੇਸ਼ ਕੀਤੇ ਜਾਣ ਕਾਰਨ ਉਹ ਉੱਥੇ ਨਹੀਂ ਜਾ ਸਕੇ। ਚਰਨਜੀਤ ਸਿੰਘ ਚੰਨੀ ਨੇ ਅਫ਼ਸੋਸ ਪ੍ਰਗਟਾਇਆ ਕਿ ਬਜਟ ਦੌਰਾਨ ਕਿਸੇ ਵੀ ਮੈਂਬਰ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਜ਼ਿਕਰ ਨਹੀਂ ਕੀਤਾ। ਸਰਕਾਰ ਵੱਲੋਂ ਉਨ੍ਹਾਂ ਦੇ ਨਾਮ 'ਤੇ ਕਿਸੇ ਵੀ ਸਕੀਮ, ਯੂਨੀਵਰਸਿਟੀ ਜਾਂ ਕਿਸੇ ਨਵੀਂ ਪਹਿਲਕਦਮੀ ਦਾ ਐਲਾਨ ਨਹੀਂ ਕੀਤਾ ਗਿਆ। ਚੰਨੀ ਨੇ ਬਜਟ ਦੀ ਨਿਖੇਧੀ ਕਰਦਿਆਂ ਕਿਹਾ ਕਿ ਇਸ 'ਚ ਕਿਸਾਨਾਂ, ਮਜ਼ਦੂਰਾਂ ਜਾਂ ਗ਼ਰੀਬ ਤਬਕੇ ਲਈ ਕੋਈ ਰਾਹਤ ਜਾਂ ਵਿਸ਼ੇਸ਼ ਪ੍ਰਬੰਧ ਨਹੀਂ ਕੀਤੇ ਗਏ ਹਨ। ਚਰਨਜੀਤ ਸਿੰਘ ਚੰਨੀ ਦੇ ਇਸ ਬਿਆਨ ਨੇ ਬਜਟ ਸੈਸ਼ਨ ਦੌਰਾਨ ਸਰਕਾਰ ਦੀਆਂ ਤਰਜੀਹਾਂ 'ਤੇ ਇਕ ਨਵੀਂ ਚਰਚਾ ਛੇੜ ਦਿੱਤੀ ਹੈ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੈਕਾਰਿਆਂ ਨਾਲ ਗੂੰਜਿਆ ਜਲੰਧਰ, ਪੁਰਬ ਮੌਕੇ ਕੱਢੀ ਗਈ ਵਿਸ਼ਾਲ ਸ਼ੋਭਾ ਯਾਤਰਾ

ਜਲੰਧਰ, 1 ਫਰਵਰੀ : ਜਲੰਧਰ ਵਿਚ ਸਤਿਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਉਤਸਵ ਬੜੀ ਹੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਇਸੇ ਸਬੰਧ ਵਿਚ ਅੱਜ ਜਲੰਧਰ ਵਿਖੇ ਬੂਟਾ ਮੰਡੀ ਸਥਿਤ ਸ੍ਰੀ ਗੁਰੂ ਰਵਿਦਾਸ ਧਾਮ ਵੱਲੋਂ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ। ਇਸ ਦੌਰਾਨ ਜਿੱਥੇ ਸੁਖਬੀਰ ਸਿੰਘ ਬਾਦਲ ਅੱਜ ਸ੍ਰੀ ਗੁਰੂ ਰਵਿਦਾਸ ਧਾਮ ਨਤਮਸਤਕ ਹੋਏ, ਉੱਥੇ ਹੀ ਸ਼ੋਭਾ ਯਾਤਰਾ ਵਿਚ ਕਈ ਸਿਆਸੀ ਹਸਤੀਆਂ ਨੇ ਵੀ ਹਿੱਸਾ ਲਿਆ। ਇਸ ਦੌਰਾਨ ਸ਼ਰਧਾਲੂਆਂ ਦੀ ਅਟੁੱਟ ਸ਼ਰਧਾ ਅਤੇ ਭਗਤੀ ਵਿਖਾਈ ਦਿੱਤੀ। ਇਸ ਵਿਸ਼ੇਸ਼ ਆਯੋਜਨ ਲਈ ਪੂਰੇ ਸ਼ਹਿਰ ਨੂੰ ਸ਼ਾਨਦਾਰ ਢੰਗ ਨਾਲ ਸਜਾਇਆ ਗਿਆ। ਅਣਗਿਣਤ ਝਾਕੀਆਂ ਨਾਲ ਸ਼ਰਧਾਲੂਆਂ ਨੇ ਬਹੁਤ ਖ਼ੁਸ਼ੀ ਅਤੇ ਉਤਸ਼ਾਹ ਨਾਲ ਸ਼ੋਭਾ ਯਾਤਰਾ ਵਿਚ ਹਿੱਸਾ ਲਿਆ। ਇਥੇ ਇਹ ਵੀ ਦੱਸ ਦੇਈਏ ਕਿ ਬਸਤੀ ਗੁਜ਼ਾਂ, ਸ਼ਾਸਤਰੀ ਨਗਰ, ਬਸਤੀ ਦਾਨਿਸ਼ਮੰਦਾ ਸਮੇਤ ਹੋਰਾਂ ਬਸਤੀਆਂ ਤੋਂ ਵੀ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ। ਇਸ ਮੌਕੇ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ, ਸ਼ੀਤਲ ਅੰਗੂਰਾਲ ਸਮੇਤ ਹੋਰ ਕਈ ਸਿਆਸੀ ਆਗੂਆਂ ਨੇ ਇਸ ਵਿਸ਼ਾਲ ਸ਼ੋਭਾ ਯਾਤਰਾ ਵਿਚ ਸ਼ਿਰਕਤ ਕੀਤੀ। ਸ਼ੋਭਾ ਯਾਤਰਾ ਵਿਚ ਵਿਸ਼ੇਸ਼ ਤੌਰ 'ਤੇ ਸ਼?ਗੀ ਵਿਜੇ ਚੋਪੜਾ ਸ਼ਾਮਲ ਹੋਏ ਅਤੇ ਉਨ੍ਹਾਂ ਗੁਰੂ ਚਰਨਾਂ ਵਿਚ ਸੀਸ ਨਿਵਾਇਆ। ਸ਼ਰਧਾਲੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੈਕਾਰੇ ਲਗਾਉਂਦੇ ਹੋਏ ਅੱਗੇ ਵੱਧ ਰਹੇ ਹਨ। ਬੂਟਾ ਮੰਡੀ ਸਥਿਤ ਸ੍ਰੀ ਗੁਰੂ ਰਵਿਦਾਸ ਧਾਮ ਦੀ ਅਗਵਾਈ ਵਿਚ ਕੱਢੀ ਗਈ ਇਸ ਸ਼ੋਭਾ ਯਾਤਰਾ ਵਿਚ ਅਣਗਿਣਤ ਸ਼ਰਧਾਲੂਆਂ ਨੇ ਹਿੱਸਾ ਲੈ ਕੇ ਆਪਣੀ ਸ਼ਰਧਾ ਪ੍ਰਗਟ ਕੀਤੀ। ਸ਼ੋਭਾ ਯਾਤਰਾ ਦਾ ਸਵਾਗਤ ਸ਼ਹਿਰ ਭਰ ਵਿਚ ਲਾਏ ਗਏ ਸ਼ਾਨਦਾਰ ਸਵਾਗਤੀ ਗੇਟਾਂ ਅਤੇ ਸਟੇਜਾਂ ਨਾਲ ਕੀਤਾ ਗਿਆ। ਸ਼ਰਧਾਲੂਆਂ ਨੇ ਫੁੱਲਾਂ ਦੀ ਵਰਖਾ ਕਰਕੇ ਪਾਲਕੀ ਸਾਹਿਬ ਦਾ ਸ਼ਾਨਦਾਰ ਸਵਾਗਤ ਕੀਤਾ। ਇਸ ਦੌਰਾਨ ਢੋਲ-ਨਗਾਰਿਆਂ ਦੀ ਗੂੰਜ



ਅਤੇ ਭਗਤੀ ਸੰਗੀਤ ਦੀਆਂ ਧੁਨੀ ਤਰੰਗਾਂ ਨੇ ਪੂਰੇ ਮਾਹੌਲ ਨੂੰ ਭਗਤੀਮਈ ਬਣਾ ਦਿੱਤਾ। ਸ਼ਹਿਰ ਦੇ ਵੱਖ-ਵੱਖ ਮੰਦਰਾਂ, ਟਰੱਸਟਾਂ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਸ਼ੋਭਾ ਯਾਤਰਾ ਵਿਚ ਆਕਰਸ਼ਕ ਝਾਕੀਆਂ ਦੀ ਪੇਸ਼ਕਾਰੀ ਦਿੱਤੀ ਗਈ, ਜਿਨ੍ਹਾਂ ਵਿਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਅਤੇ ਉਪਦੇਸ਼ਾਂ ਨੂੰ ਦਰਸਾਇਆ ਗਿਆ ਸੀ। ਸ਼ੋਭਾ ਯਾਤਰਾ ਵਿਚ ਸਿਆਸੀ, ਧਾਰਮਿਕ ਅਤੇ ਸਮਾਜਿਕ ਸੰਗਠਨਾਂ ਤੋਂ ਇਲਾਵਾ ਵੱਖ-ਵੱਖ ਧਾਰਮਿਕ ਜਥੇਬੰਦੀਆਂ ਅਤੇ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਹਿੱਸਾ ਲਿਆ। ਫਿਰ ਭਗਵਾਨ ਵਾਲਮੀਕਿ ਚੌਂਕ, ਡਾ. ਭੀਮ ਰਾਓ ਅੰਬੇਡਕਰ ਚੌਂਕ ਅਤੇ ਗੁਰੂ ਰਵਿਦਾਸ ਚੌਂਕ ਤੋਂ ਹੁੰਦੇ ਹੋਏ ਸਤਿਗੁਰੂ ਰਵਿਦਾਸ ਧਾਮ ਬੂਟਾ ਮੰਡੀ ਜਾ ਕੇ ਮੁਕੰਮਲ ਹੋਵੇਗੀ। ਅਜਿਹੇ ਵਿਚ ਸ਼ੋਭਾ ਯਾਤਰਾ ਕਾਰਨ ਪ੍ਰਤਾਪਪੁਰਾ ਮੋੜ, ਵਡਾਲਾ ਚੌਂਕ, ਟ?ਰੈਫਿਕ ਸਿਗਨਲ ਅਰਬਨ ਅਸਟੇਟ ਫੇਜ਼-2, ਟੀ-ਪੁਆਇੰਟ ਨੇੜੇ ਕੋਠੀ ਪਵਨ ਟੀਨੂੰ, ਗੁਰੂ ਰਵਿਦਾਸ ਚੌਂਕ, ਨੇੜੇ ਘਈ ਮੰਡੀ, ਗੁਰੂ ਅਮਰਦਾਸ ਚੌਂਕ, ਮੋੜ ਰੈੱਡ ਕ੍ਰਾਸ ਭਵਨ, ਗੁਰੂ ਨਾਨਕ ਮਿਸ਼ਨ ਚੌਂਕ, ਸਮਰਾ ਚੌਂਕ, ਏ. ਪੀ. ਜੇ. ਕਾਲਜ ਦੇ ਸਾਹਮਣੇ, ਕਪੂਰਥਲਾ ਚੌਂਕ, ਫੁੱਟਬਾਲ ਚੌਂਕ, ਪਟੇਲ ਚੌਂਕ, ਵਰਕਸ਼ਾਪ ਚੌਂਕ, ਟੀ-ਪੁਆਇੰਟ ਗੋਪਾਲ ਨਗਰ, ਸਾਈਂ ਦਾਸ ਗਰਾਊਂਡ ਨੇੜੇ, ਪੁਰਾਣੀ ਸਬਜ਼ੀ ਮੰਡੀ ਚੌਂਕ, ਸਿੱਕਾ ਚੌਂਕ, ਪ੍ਰਥੀ ਹਸਪਤਾਲ, ਊਧਮ ਸਿੰਘ ਨਗਰ, ਬੈਕਸਾਈਡ ਵੀ-ਮਾਰਟ, ਕਿਸ਼ਨਪੁਰਾ ਚੌਂਕ, ਮਾਈ ਹੀਰਾਂ ਗੇਟ, ਟਾਂਡਾ ਰੋਡ, ਰੇਲਵੇ ਫਾਟਕ, ਅੱਡਾ ਹੁਸ਼ਿਆਰਪੁਰ ਚੌਂਕ, ਦੋਮੋਰੀਆ ਪੁਲ, ਇਕਹਿਰੀ ਪੁਲੀ, ਮੋੜ ਹੈਨਰੀ ਪੈਟਰੋਲ ਪੰਪ, ਪ੍ਰਤਾਪ ਬਾਗ ਸਾਹਮਣੇ, ਟੀ-ਪੁਆਇੰਟ ਫਗਵਾੜਾ ਗੇਟ, ਸ਼ਾਸਤਰੀ ਮਾਰਕੀਟ ਚੌਂਕ, ਜੇ. ਪੀ. ਓ. ਚੌਂਕ, ਨਾਮਦੇਵ ਚੌਂਕ, ਸਕਾਈਲਾਰਕ ਚੌਂਕ, ਸ਼ਰੀ ਰਾਮ ਚੌਂਕ, ਮੋੜ ਫਰੈਂਡਜ਼ ਸਿਨੇਮਾ, ਮਖਦੂਮਪੁਰਾ (ਫੁੱਲਾਂ ਵਾਲਾ ਚੌਂਕ), ਭਗਵਾਨ ਵਾਲਮੀਕਿ ਚੌਂਕ, ਨਾਜ਼ ਸਿਨੇਮਾ ਸਾਹਮਣੇ, ਟੀ-ਪੁਆਇੰਟ ਸ਼ਕਤੀ ਨਗਰ, ਜੇਲ ਚੌਂਕ, ਮੋੜ ਲਕਸ਼ਮੀ ਨਾਰਾਇਣ ਮੰਦਰ, ਝੰਡੀਆਂ ਵਾਲਾ ਚੌਂਕ, ਟੀ-ਪੁਆਇੰਟ ਬਸਤੀ ਪੀਰਦਾਦ, ਵਾਈ ਪੁਆਇੰਟ ਈਵਨਿੰਗ ਕਾਲਜ, ਟੀ-ਪੁਆਇੰਟ ਅਸ਼ੋਕ ਨਗਰ, ਗੁਰਦੁਆਰਾ ਆਦਰਸ਼ ਨਗਰ ਚੌਂਕ, ਸੇਂਟ ਸੋਲਜਰ ਕਾਲਜ 120 ਫੁੱਟੀ ਰੋਡ, ਬਸਤੀ ਬਾਵਾ ਖੇਲ ਦੀ ਬੈਕਸਾਈਡ ਗਲੀ, ਗਲੀ ਸਿੰਘ ਸਭਾ ਗੁਰਦੁਆਰਾ ਬਸਤੀ ਗੁਜ਼ਾਂ, ਆਦਰਸ਼ ਨਗਰ ਆਦਿ ਤੋਂ ਡਾਇਵਰਸ਼ਨ ਦਿੱਤੀ ਗਈ ਹੈ। ਪ੍ਰਤਾਪਪੁਰਾ ਮੋੜ, ਵਡਾਲਾ ਚੌਂਕ, ਗੁਰੂ ਰਵਿਦਾਸ ਚੌਂਕ, ਨੇੜੇ ਘਈ ਹਸਪਤਾਲ, ਤਿਲਕ ਨਗਰ, ਨੇੜੇ ਵਡਾਲਾ ਪਿੰਡ ਬਾਗ, ਬੂਟਾ ਮੰਡੀ ਨੇੜੇ ਚਾਰਾ ਮੰਡੀ, ਮੈਨਬ੍ਰੋ ਚੌਂਕ, ਮੋੜ ਬਾਵਾ ਸ਼ੂਜ਼, ਜੱਗੂ ਚੌਂਕ (ਸਿਧਾਰਥ ਨਗਰ ਰੋਡ ਨੇੜੇ ਘੁੱਲੇ ਦੀ ਚੱਕੀ), ਮਾਤਾ ਰਾਣੀ ਚੌਂਕ, ਬਬਰੀਕ ਚੌਂਕ, ਡਾ. ਭੀਮ ਰਾਓ ਅੰਬੇਡਕਰ ਭਵਨ ਮੋੜ, ਟੀ-ਪੁਆਇੰਟ ਖਾਲਸਾ ਸਕੂਲ ਨਕੋਦਰ ਰੋਡ, ਡਾ. ਭੀਮ ਰਾਓ ਅੰਬੇਡਕਰ ਚੌਂਕ, ਗੁਰੂ ਅਮਰਦਾਸ ਚੌਂਕ, ਸਮਰਾ ਚੌਂਕ, ਅਰਬਨ ਅਸਟੇਟ ਫੇਜ਼-2 ਟ?ਰੈਫਿਕ ਸਿਗਨਲ, ਟੀ-ਪੁਆਇੰਟ ਕੋਠੀ ਪਵਨ ਟੀਨੂ ਤੋਂ ਡਾਇਵਰਸ਼ਨ ਦਿੱਤਾ ਗਿਆ ਹੈ। ਏ. ਡੀ. ਸੀ. ਪੀ. ਗੁਰਬਾਜ ?ਸਿੰਘ ਨੇ ਕਿਹਾ ਕਿ 31 ਜਨਵਰੀ ਦੀ ਸਵੇਰ 8 ਤੋਂ ਲੈ ਕੇ ਰਾਤ 10 ਵਜੇ ਤਕ ਸ਼ੋਭਾ ਯਾਤਰਾ ਕਾਰਨ ਜਲੰਧਰ ਤੋਂ ਕਪੂਰਥਲਾ ਆਉਣ-ਜਾਣ ਵਾਲੀਆਂ ਸਾਰੀਆਂ ਬੱਸਾਂ, ਹੈਵੀ ਵ?ਹੀਕਲ ਆਦਿ ਡਾ. ਭੀਮ ਰਾਓ ਅੰਬੇਡਕਰ ਚੌਂਕ, ਕਪੂਰਥਲਾ ਚੌਂਕ, ਵਾਇਆ ਬਸਤੀ ਬਾਵਾ ਖੇਲ ਰੂਟ ਦੀ ਥਾਂ ਪੀ. ਏ. ਪੀ. ਚੌਂਕ, ਵਾਇਆ ਕਰਤਾਰਪੁਰ-ਕਪੂਰਥਲਾ ਰੂਟ ਦੀ ਵਰਤੋਂ ਕਰਨਗੇ, ਜਦਕਿ ਕਪੂਰਥਲਾ ਸਾਈਡ ਤੋਂ ਵਾਇਆ ਬਸਤੀ ਬਾਵਾ ਖੇਲ ਆਉਣ ਵਾਲੇ ਦੋਪਹੀਆ ਵਾਹਨ, ਕਾਰਾਂ ਆਦਿ ਕਪੂਰਥਲਾ ਚੌਂਕ ਤੋਂ ਵਾਇਆ ਵਰਕਸ਼ਾਪ ਚੌਂਕ, ਮਕਸੂਦਾਂ ਚੌਂਕ ਹੁੰਦੇ ਹੋਏ ਨੈਸ਼ਨਲ ਹਾਈਵੇ ਰੂਟ ਦੀ ਵਰਤੋਂ ਕਰਨਗੇ। 31 ਜਨਵਰੀ ਤੋਂ ਲੈ ਕੇ 2 ਫਰਵਰੀ ਤਕ (ਜਦੋਂ ਤਕ ਮੇਲਾ ਮੁਕੰਮਲ ਨਹੀਂ ਹੁੰਦਾ ਤਕ) ਜਲੰਧਰ ਤੋਂ ਨਕੋਦਰ-ਸ਼ਾਹਕੋਟ ਸਾਈਡ ਆਉਣ-ਜਾਣ ਵਾਲੇ ਸਾਰੇ ਵਾਹਨ, ਬੱਸਾਂ ਆਦਿ ਸਤਲੁਜ ਚੌਂਕ, ਸਮਰਾ ਚੌਂਕ, ਕੂਲ ਰੋਡ, ਟਰੈਫਿਕ ਸਿਗਨਲ ਅਰਬਨ ਅਸਟੇਟ ਫੇਜ਼-2, ਸੀ. ਟੀ. ਇੰਸਟੀਚਿਊਟ ਵਾਇਆ ਪ੍ਰਤਾਪਪੁਰਾ-ਨਕੋਦਰ ਰੂਟ ਦੀ ਵਰਤੋਂ ਕਰਨਗੇ।

## ਬਜਟ ਤੋਂ ਪਹਿਲਾਂ ਮੂਧੇ ਮੂੰਹ ਡਿੱਗੀਆਂ ਸੋਨੇ-ਚਾਂਦੀ ਦੀਆਂ ਕੀਮਤਾਂ ! ਇਕੋ ਦਿਨ 6% ਸਸਤਾ ਹੋਇਆ Gold

ਬਿਜ਼ਨੈੱਸ ਡੈਸਕ, 1 ਫਰਵਰੀ : ਇਕ ਪਾਸੇ ਸੋਨੇ-ਚਾਂਦੀ ਦੀਆਂ ਕੀਮਤਾਂ ਜਿੱਥੇ ਅਸਮਾਨੀ ਚੜ੍ਹੀਆਂ ਹੋਈਆਂ ਸਨ, ਉੱਥੇ ਹੀ ਅੱਜ ਇਕ ਵਾਰ ਫ਼?ਰ ਤੋਂ ਦੇਸ਼ ਭਰ 'ਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ 'ਚ ਭਾਰੀ ਗਿਰਾਵਟ ਦੇਖਣ ਨੂੰ ਮਿਲੀ ਹੈ। ਐਤਵਾਰ ਨੂੰ ਮਲਟੀ ਕਮੋਡਿਟੀ ਐਕਸਚੇਂਜ (MCX) 'ਤੇ ਕਾਰੋਬਾਰ ਸ਼ੁਰੂ ਹੁੰਦੇ ਹੀ ਸੋਨਾ ਤੇ ਚਾਂਦੀ ਆਪਣੇ ਲਾਈਫ ਟਾਈਮ ਹਾਈ 'ਤੇ ਪਹੁੰਚਣ ਤੋਂ ਬਾਅਦ ਹੁਣ ਮੂਧੇ ਮੂੰਹ ਆ ਡਿੱਗੀਆਂ ਹਨ। ਖ਼ਬਰ ਲਿਖੇ ਜਾਣ ਤੱਕ MCX 'ਤੇ ਸੋਨੇ ਦੀ ਕੀਮਤ ਵਿਚ ਕਰੀਬ 9,000 ਰੁਪਏ (6 ਫ਼ੀਸਦੀ) ਤੱਕ ਦੀ ਗਿਰਾਵਟ ਦੇਖਣ ਨੂੰ ਮਿਲੀ ਹੈ, ਜਦਕਿ ਚਾਂਦੀ ਦੀ ਕੀਮਤ ਕਰੀਬ 18,000 ਰੁਪਏ (6 ਫ਼ੀਸਦੀ) ਹੇਠਾਂ ਆਈ ਹੈ। ਜ਼ਿਕਰਯੋਗ ਹੈ ਕਿ ਪਿਛਲੇ ਕਰੀਬ 1 ਸਾਲ ਤੋਂ ਸੋਨੇ-ਚਾਂਦੀ ਦੀਆਂ ਕੀਮਤਾਂ ਲਗਭਗ ਦੁੱਗਣੀਆਂ ਹੋਣ ਤੋਂ ਬਾਅਦ ਆਲ ਟਾਈਮ ਹਾਈ ਤੱਕ ਪਹੁੰਚ ਗਈਆਂ ਸਨ, ਜਿਸ ਕਾਰਨ ਇਹ ਨਿਵੇਸ਼ਕਾਂ ਦੀ ਪਹਿਲੀ ਪਸੰਦ ਬਣ ਗਏ ਸਨ। ਪਰ ਕੀਮਤਾਂ 'ਚ ਆਈ ਇਹ ਗਿਰਾਵਟ ਆਮ ਨਾਗਰਿਕਾਂ ਲਈ ਵੱਡੀ ਰਾਹਤ ਲੈ ਕੇ ਆਈ ਹੈ, ਜਦਕਿ ਨਿਵੇਸ਼ਕਾਂ 'ਚ ਇਹ ਇਕ ਝਟਕਾ ਲਿਆ ਸਕਦੀ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸੋਨਾ ਲਗਾਤਾਰ ਅਸਮਾਨੀਂ ਚੜ੍ਹਦਾ ਹੋਇਆ 1,83,000 ਰੁਪਏ ਪ੍ਰਤੀ 10 ਗ੍ਰਾਮ ਤੱਕ ਪਹੁੰਚ ਗਿਆ ਸੀ, ਜੋ ਕਿ ਇਸ ਦਾ ਆਲ ਟਾਈਮ ਹਾਈ ਸੀ, ਜਦਿਕ ਚਾਂਦੀ ਵੀ 4,04,000 ਰੁਪਏ ਪ੍ਰਤੀ ਕਿੱਲੋ ਤੱਕ ਪਹੁੰਚ ਗਈ ਸੀ, ਜੋ ਕਿ ਚਾਂਦੀ ਦਾ ਵੀ ਆਲ ਟਾਈਮ ਹਾਈ ਰਿਹਾ। ਹੁਣ ਲਗਾਤਾਰ ਆ ਰਹੀਆਂ ਗਿਰਾਵਟਾਂ ਤੋਂ ਬਾਅਦ ਸੋਨਾ ਇਸ ਸਮੇਂ 1,43,000 ਰੁਪਏ, ਜਦਕਿ ਚਾਂਦੀ ਦੀ ਕੀਮਤ ਇਸ ਸਮੇਂ 2,74,000 ਰੁਪਏ ਤੱਕ ਆ ਗਈ ਹੈ।

## ਵਿਦਿਆਰਥੀਆਂ ਲਈ ਸਰਕਾਰ ਨੇ ਖੋਲ੍ਹਿਆ ਖਜ਼ਾਨਾ ! 1,28,000 ਕਰੋੜ ਦੀ ਰਾਸ਼ੀ ਦਾ ਕੀਤਾ ਐਲਾਨ

ਨਵੀਂ ਦਿੱਲੀ, 1 ਫਰਵਰੀ : ਵਿੱਤ ਮੰਤਰੀ ਨਿਰਮਲਾ ਸੀਤਾਰਮਣ ਵੱਲੋਂ ਅੱਜ ਪੇਸ਼ ਕੀਤੇ ਜਾ ਰਹੇ ਕੇਂਦਰੀ ਬਜਟ 2026 ਵਿੱਚ ਸਿੱਖਿਆ ਅਤੇ ਹੁਨਰ ਵਿਕਾਸ ਨੂੰ 'ਵਿਕਸਿਤ ਭਾਰਤ' ਦਾ ਮੁੱਖ ਆਧਾਰ ਮੰਨਦਿਆਂ ਵੱਡੀ ਰਾਸ਼ੀ ਅਲਾਟ ਕੀਤੀ ਗਈ ਹੈ। ਸਰਕਾਰ ਨੇ ਸਿੱਖਿਆ ਮੰਤਰਾਲੇ ਲਈ 1,28,650 ਕਰੋੜ ਦਾ ਬਜਟ ਰੱਖਿਆ ਹੈ, ਜੋ ਕਿ ਪਿਛਲੇ ਸਾਲ ਦੇ ਮੁਕਾਬਲੇ ਲਗਭਗ 6 ਫ਼ੀਸਦੀ ਵੱਧ ਹੈ। ਸਰਕਾਰ ਨੇ PM-Vidyalaxmi ਸਕੀਮ ਦੇ ਤਹਿਤ ਉੱਚ ਸਿੱਖਿਆ ਲਈ 10 ਲੱਖ ਤੱਕ ਦੇ ਕਰਜ਼ੇ 'ਤੇ 3 ਫ਼ੀਸਦੀ ਵਿਆਜ ਸਬਸਿਡੀ ਦੇਣ ਦਾ ਐਲਾਨ ਕੀਤਾ ਹੈ। ਇਹ ਸਹੂਲਤ ਉਨ੍ਹਾਂ ਵਿਦਿਆਰਥੀਆਂ ਨੂੰ ਮਿਲੇਗੀ ਜਿਨ੍ਹਾਂ ਦੇ ਪਰਿਵਾਰ ਦੀ ਸਾਲਾਨਾ ਆਮਦਨ 8 ਲੱਖ ਰੁਪਏ ਤੱਕ ਹੈ। ਦੇਸ਼ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੀ ਪੜ੍ਹਾਈ ਨੂੰ ਹੁਲਾਰਾ ਦੇਣ ਲਈ 500 ਕਰੋੜ ਦੀ ਲਾਗਤ ਨਾਲ 'ਸੈਂਟਰ ਆਫ ਐਕਸੀਲੈਂਸ' ਸਥਾਪਤ ਕੀਤੇ ਜਾਣ ਦਾ ਵੀ ਐਲਾਨ ਕੀਤਾ ਗਿਆ ਹੈ। 'ਸਮਗਰ ਸਿੱਖਿਆ' ਅਭਿਆਨ ਲਈ 78,572 ਕਰੋੜ ਰਾਖਵੇਂ ਰੱਖੇ ਗਏ ਹਨ। ਇਸ ਤੋਂ ਇਲਾਵਾ ਅਗਲੇ 5 ਸਾਲਾਂ ਵਿੱਚ ਸਰਕਾਰੀ ਸਕੂਲਾਂ ਵਿੱਚ 50,000 ਅਟਲ ਟਿੰਕਰਿੰਗ ਲੈਬਜ਼ ਬਣਾਈਆਂ ਜਾਣਗੀਆਂ ਤਾਂ ਜੋ ਬੱਚਿਆਂ ਵਿੱਚ ਵਿਗਿਆਨਕ ਸੋਚ ਪੈਦਾ ਕੀਤੀ ਜਾ ਸਕੇ। ਇਸ ਬਜਟ 'ਚ ਉੱਚ ਸਿੱਖਿਆ ਵਿਭਾਗ ਨੂੰ 50,078 ਕਰੋੜ ਦੇਣ ਦਾ ਐਲਾਨ ਕੀਤਾ ਗਿਆ ਹੈ। IITs ਅਤੇ ਨੈਸ਼ਨਲ ਅਪ੍ਰੈਂਟਿਸਸ਼ਿਪ ਟ?ਰੇਨਿੰਗ ਸਕੀਮ (NATS) ਦੇ ਬਜਟ ਵਿੱਚ ਵੀ ਵਾਧਾ ਕੀਤਾ ਗਿਆ ਹੈ ਤਾਂ ਜੋ ਨੌਜਵਾਨਾਂ ਨੂੰ ਨੌਕਰੀਆਂ ਦੇ ਕਾਬਿਲ ਬਣਾਇਆ ਜਾ ਸਕੇ। ਅਗਲੇ 3 ਸਾਲਾਂ ਵਿੱਚ ਦੇਸ਼ ਦੇ ਸਾਰੇ ਸਰਕਾਰੀ ਸੈਕੰਡਰੀ ਸਕੂਲਾਂ ਨੂੰ ਬਰਾਡਬੈਂਡ ਇੰਟਰਨੈੱਟ ਨਾਲ ਜੋੜੇ ਜਾਣ ਦਾ ਵੀ ਐਲਾਨ ਕੀਤਾ ਗਿਆ ਹੈ। ਇਸ ਬਜਟ ਦਾ ਸਭ ਤੋਂ ਵੱਡਾ ਫਾਇਦਾ ਮੱਧ ਵਰਗੀ ਪਰਿਵਾਰਾਂ ਦੇ ਉਨ੍ਹਾਂ ਵਿਦਿਆਰਥੀਆਂ ਨੂੰ ਹੋਵੇਗਾ ਜੋ ਪੈਸੇ ਦੀ ਕਮੀ ਕਾਰਨ ਉੱਚ ਸਿੱਖਿਆ ਨਹੀਂ ਲੈ ਪਾਉਂਦੇ ਸਨ। ਕਰਜ਼ੇ 'ਤੇ ਵਿਆਜ ਦੀ ਰਾਹਤ ਅਤੇ ਈ-ਵਾਊਚਰਸ ਰਾਹੀਂ ਮਿਲਣ ਵਾਲੀ ਸਿੱਧੀ ਸਹਾਇਤਾ ਵਿਦਿਆਰਥੀਆਂ ਲਈ ਵੱਡੀ ਰਾਹਤ ਸਾਬਤ ਹੋਵੇਗੀ।




## ਉਮੀਦਾਂ 'ਤੇ ਖਰਾ ਨਹੀਂ ਉਤਰਿਆ ਬਜਟ, ਸੁਸਤ ਤੇ ਨਿਰਾਸ਼ਾਜਨਕ ਰਿਹਾ : ਕਾਂਗਰਸ

ਨਵੀਂ ਦਿੱਲੀ : ਕਾਂਗਰਸ ਪਾਰਟੀ ਨੇ ਐਤਵਾਰ ਨੂੰ ਵਿੱਤੀ ਸਾਲ 2026-27 ਦੇ ਕੇਂਦਰੀ ਬਜਟ ਨੂੰ ਨੀਰਸ ਅਤੇ ਨਿਰਾਸ਼ਾਜਨਕ ਕਰਾਰ ਦਿੰਦੇ ਹੋਏ ਕਿਹਾ ਕਿ ਇਹ ਉਮੀਦਾਂ 'ਤੇ ਖਰਾ ਨਹੀਂ ਉਤਰਿਆ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਇਹ ਵੀ ਦਾਅਵਾ ਕੀਤਾ ਕਿ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਦਾ ਬਜਟ ਭਾਸ਼ਣ ਪਾਰਦਰਸ਼ੀ ਨਹੀਂ ਸੀ ਅਤੇ ਇਸ ਵਿੱਚ ਵੱਡੇ ਪ੍ਰੋਗਰਾਮਾਂ ਅਤੇ ਯੋਜਨਾਵਾਂ ਲਈ ਬਜਟ ਵੰਡ ਬਾਰੇ ਜਾਣਕਾਰੀ ਨਹੀਂ ਦਿੱਤੀ ਗਈ ਸੀ। ਰਮੇਸ਼ ਨੇ X 'ਤੇ ਪੋਸਟ ਕੀਤਾ, ÷ਹਾਲਾਂਕਿ (ਬਜਟ) ਦਸਤਾਵੇਜ਼ਾਂ ਦਾ ਅਜੇ ਵਿਸਥਾਰ ਨਾਲ ਅਧਿਐਨ ਕਰਨਾ ਬਾਕੀ ਹੈ ਪਰ 90 ਮਿੰਟ ਦੇ ਭਾਸ਼ਣ ਤੋਂ ਬਾਅਦ ਇਹ ਸਪੱਸ਼ਟ ਹੈ ਕਿ ਬਜਟ ਉਮੀਦਾਂ 'ਤੇ ਖਰਾ ਨਹੀਂ ਉਤਰਦਾ। ਇਹ ਪੂਰੀ ਤਰ੍ਹਾਂ ਸੁਸਤ ਅਤੇ ਨਿਰਾਸ਼ਾਜਨਕ ਸੀ।÷ ਉਨ੍ਹਾਂ ਦਾਅਵਾ ਕੀਤਾ, ÷ਭਾਸ਼ਣ ਵੀ ਪਾਰਦਰਸ਼ੀ ਨਹੀਂ ਸੀ, ਕਿਉਂਕਿ ਇਸ ਵਿੱਚ ਵੱਡੇ ਪ੍ਰੋਗਰਾਮਾਂ ਅਤੇ ਯੋਜਨਾਵਾਂ ਲਈ ਬਜਟ ਵੰਡ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ।÷ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਐਤਵਾਰ ਨੂੰ ਵਿੱਤੀ ਸਾਲ 2026-27 ਲਈ ਬਜਟ ਪੇਸ਼ ਕੀਤਾ। ਉਨ੍ਹਾਂ ਐਲਾਨ ਕੀਤਾ ਕਿ ਪੂੰਜੀ ਖਰਚ ਦਾ ਟੀਚਾ ਮੌਜੂਦਾ ਵਿੱਤੀ ਸਾਲ ਲਈ ?11.2 ਲੱਖ ਕਰੋੜ ਤੋਂ ਵਧਾ ਕੇ ?12.2 ਲੱਖ ਕਰੋੜ ਕੀਤਾ ਜਾਵੇਗਾ। ਉਨ੍ਹਾਂ ਨੇ ਦੇਸ਼ ਵਿੱਚ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਕਈ ਉਪਾਵਾਂ ਦਾ ਐਲਾਨ ਵੀ ਕੀਤਾ।



## ਦਿੱਲੀ 'ਚ ਬਦਲੇਗਾ ਮੌਸਮ ਦਾ ਮਿਜਾਜ਼, ਹਲਕੀ ਬਾਰਿਸ਼ ਹੋਣ ਦੀ ਕੀਤੀ ਭਵਿੱਖਬਾਣੀ

ਨਵੀਂ ਦਿੱਲੀ, 1 ਫਰਵਰੀ : ਰਾਸ਼ਟਰੀ ਰਾਜਧਾਨੀ ਵਿੱਚ ਸ਼ਨੀਵਾਰ ਰਾਤ ਨੂੰ ਤਾਪਮਾਨ ਆਮ ਨਾਲੋਂ ਉੱਪਰ ਰਿਹਾ ਅਤੇ ਅਗਲੇ ਕੁਝ ਦਿਨਾਂ ਵਿੱਚ ਸ਼ਹਿਰ ਦੇ ਕੁਝ ਹਿੱਸਿਆਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਦੇ ਅਨੁਸਾਰ ਦਿੱਲੀ ਦਾ ਘੱਟੋ-ਘੱਟ ਤਾਪਮਾਨ 12.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਆਮ ਨਾਲੋਂ 3.7 ਡਿਗਰੀ ਵੱਧ ਹੈ। ਸਵੇਰੇ 8:30 ਵਜੇ ਤੱਕ ਸਾਪੇਖਿਕ ਨਮੀ 97 ਪ੍ਰਤੀਸ਼ਤ ਦਰਜ ਕੀਤੀ ਗਈ। ਮੌਸਮ ਵਿਭਾਗ ਦੇ ਅਨੁਸਾਰ ਸਫਦਰਜੰਗ ਅਤੇ ਪਾਲਮ ਵਿੱਚ ਸਵੇਰੇ 8:30 ਵਜੇ ਖਤਮ ਹੋਏ 24 ਘੰਟਿਆਂ ਦੇ ਸਮੇਂ ਦੌਰਾਨ ਹਲਕੀ ਬਾਰਿਸ਼ ਦਰਜ ਕੀਤੀ ਗਈ। ਲੋਧੀ ਰੋਡ 'ਤੇ 0.2 ਮਿਲੀਮੀਟਰ ਬਾਰਿਸ਼ ਹੋਈ, ਜਦੋਂ ਕਿ ਰਿਜ ਖੇਤਰ ਵਿੱਚ 0.6 ਮਿਲੀਮੀਟਰ ਬਾਰਿਸ਼ ਹੋਈ। ਮੌਸਮ ਵਿਭਾਗ ਨੇ ਐਤਵਾਰ ਸਵੇਰ ਤੋਂ ਪਹਿਲਾਂ ਬੱਦਲਵਾਈ ਅਤੇ 30-40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਦੇ ਨਾਲ ਹਲਕੀ ਤੋਂ ਬਹੁਤ ਹਲਕੀ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਹੈ। ਮੌਸਮ ਵਿਭਾਗ ਨੇ ਕਿਹਾ ਕਿ ਦੁਪਹਿਰ ਅਤੇ ਸ਼ਾਮ ਦੇ ਸਮੇਂ ਵੀ ਮੀਂਹ ਪੈਣ ਦੀ ਸੰਭਾਵਨਾ ਹੈ। ਵੱਧ ਤੋਂ ਵੱਧ ਤਾਪਮਾਨ 18 ਡਿਗਰੀ ਸੈਲਸੀਅਸ ਦੇ ਆਸ-ਪਾਸ ਰਹਿਣ ਦੀ ਉਮੀਦ ਹੈ, ਜੋ ਆਮ ਨਾਲੋਂ ਥੋੜ੍ਹਾ ਘੱਟ ਹੈ। ਦਿੱਲੀ ਦੇ ਸਫਦਰਜੰਗ ਵਿੱਚ ਘੱਟੋ-ਘੱਟ ਤਾਪਮਾਨ 12.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਪਾਲਮ ਵਿੱਚ 10.6 ਡਿਗਰੀ, ਲੋਧੀ ਰੋਡ ਵਿੱਚ 11.8 ਡਿਗਰੀ, ਰਿਜ ਵਿੱਚ 12.1 ਡਿਗਰੀ ਅਤੇ ਅਯਾਨਗਰ ਵਿੱਚ 11.6 ਡਿਗਰੀ ਰਿਹਾ। ਰਾਸ਼ਟਰੀ ਰਾਜਧਾਨੀ ਵਿੱਚ ਏਅਰ ਕੁਆਲਿਟੀ ਇੰਡੈਕਸ (AQI) 315 ਦਰਜ ਕੀਤਾ ਗਿਆ, ਜੋ ਕਿ 'ਬਹੁਤ ਮਾੜੀ' ਸ਼੍ਰੇਣੀ ਵਿੱਚ ਆਉਂਦਾ ਹੈ। ਦਿੱਲੀ ਲਈ ਏਅਰ ਕੁਆਲਿਟੀ ਅਰਲੀ ਵਾਰਨਿੰਗ ਸਿਸਟਮ ਨੇ ਭਵਿੱਖਬਾਣੀ ਕੀਤੀ ਹੈ ਕਿ AQI 1 ਫਰਵਰੀ ਤੋਂ 3 ਫਰਵਰੀ ਤੱਕ 'ਬਹੁਤ ਮਾੜੀ' ਸ਼੍ਰੇਣੀ ਵਿੱਚ ਰਹਿ ਸਕਦਾ ਹੈ।

## ਇਨਕਮ ਟੈਕਸ ਚੋਰੀ 'ਤੇ ਨਹੀਂ ਹੋਵੇਗੀ ਸਜ਼ਾ, ਲੱਗੇਗਾ 30% ਟੈਕਸ

ਨਵੀਂ ਦਿੱਲੀ, 1 ਫਰਵਰੀ : ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵਲੋਂ ਭਾਰਤ ਦਾ ਕੇਂਦਰੀ ਬਜਟ ਪੇਸ਼ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਨੇ ਇਨਕਮ ਟੈਕਸ ਚੋਰੀ 'ਤੇ ਜੁਰਮਾਨਾ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਨਕਮ ਟੈਕਸ ਚੋਰੀ 'ਤੇ ਹੁਣ ਕੋਈ ਸਜ਼ਾ ਨਹੀਂ ਹੋਵੇਗੀ ਸਗੋਂ ਸਜ਼ਾ ਦੀ ਥਾਂ 'ਤੇ ਹੁਣ 30% ਟੈਕਸ ਲਗਾਇਆ ਜਾਵੇਗਾ। ਵਿੱਤ ਮੰਤਰੀ ਨੇ 30 ਪ੍ਰਤੀਸ਼ਤ ਟੈਕਸ ਦਾ ਐਲਾਨ ਕੀਤਾ ਹੈ। ਇਸਦਾ ਮਤਲਬ ਹੈ ਕਿ ਆਪਣੀ ਆਮਦਨ ਛੁਪਾਉਣ ਵਾਲਿਆਂ ਨੂੰ ਹੁਣ ਸਜ਼ਾ ਨਹੀਂ ਦਿੱਤੀ ਜਾਵੇਗੀ, ਉਨ੍ਹਾਂ ਤੋਂ 30 ਪ੍ਰਤੀਸ਼ਤ ਟੈਕਸ ਵਸੂਲਿਆ ਜਾਵੇਗਾ। ਇਸ ਦੇ ਨਾਲ ਹੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਬਜਟ ਪੇਸ਼ ਕਰਦੇ ਹੋਏ ਆਮਦਨ ਟੈਕਸ ਰਿਟਰਨ (ITR) ਭਰਨ ਦੀ ਸਮਾਂ ਸੀਮਾ ਅਤੇ ਨਿਯਮਾਂ ਵਿੱਚ ਬਦਲਾਅ ਦਾ ਐਲਾਨ ਕੀਤਾ।

## ਕੇਂਦਰ ਸਰਕਾਰ ਵੱਲੋਂ ਨਵੀਂ ਪੇਂਡੂ ਰੁਜ਼ਗਾਰ ਯੋਜਨਾ 'ਵੀਬੀ-ਜੀ ਰਾਮ ਜੀ' ਲਈ 95,000 ਕਰੋੜ ਰੁਪਏ ਦਾ ਐਲਾਨ

ਵੈੱਬ ਡੈਸਕ, 1 ਫਰਵਰੀ : ਨਵੀਂ ਦਿੱਲੀ ਵਿਖੇ ਕੇਂਦਰ ਸਰਕਾਰ ਨੇ ਪੇਂਡੂ ਖੇਤਰਾਂ ਵਿੱਚ ਰੁਜ਼ਗਾਰ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਇੱਕ ਵੱਡਾ ਕਦਮ ਚੁੱਕਦਿਆਂ ਨਵੀਂ ਯੋਜਨਾ 'ਵੀਬੀ-ਜੀ ਰਾਮ ਜੀ' ਨੂੰ ਲਾਗੂ ਕਰਨ ਦੀ ਤਿਆਰੀ ਕਰ ਲਈ ਹੈ, ਜਿਸ ਲਈ 95,692.31 ਕਰੋੜ ਰੁਪਏ ਦੀ ਭਾਰੀ ਰਾਸ਼ੀ ਅਲਾਟ ਕੀਤੀ ਗਈ ਹੈ। ਇਸ ਯੋਜਨਾ ਦਾ ਪੂਰਾ ਨਾਮ 'ਵਿਕਸਿਤ ਭਾਰਤ-ਗਾਰੰਟੀ ਫਾਰ ਰੁਜ਼ਗਾਰ ਆਜੀਵਿਕਾ ਮਿਸ਼ਨ - ਗ੍ਰਾਮੀਣ' (VB-G Ram Ji) ਹੈ, ਜਿਸ ਦੇ ਤਹਿਤ ਪੇਂਡੂ ਮਜ਼ਦੂਰਾਂ ਨੂੰ ਹੁਣ ਸਾਲ ਵਿੱਚ 125 ਦਿਨਾਂ ਦੇ ਕੰਮ ਦੀ ਗਾਰੰਟੀ ਦਿੱਤੀ ਜਾਵੇਗੀ। ਇਹ ਨਵੀਂ ਮੁਹਿੰਮ ਸੰਯੁਕਤ ਪ੍ਰਗਤੀਸ਼ੀਲ ਗਠਜੋੜ (UPA) ਸਰਕਾਰ ਦੇ ਕਾਰਜਕਾਲ ਦੌਰਾਨ ਸ਼ੁਰੂ ਹੋਈ ਦੋ ਦਹਾਕੇ ਪੁਰਾਣੀ ਮਨਰੇਗਾ (MGNREGA) ਯੋਜਨਾ ਦੀ ਜਗ?ਹਾ ਲਵੇਗੀ। ਹਾਲਾਂਕਿ, ਸਰਕਾਰੀ ਅਧਿਕਾਰੀਆਂ ਨੇ ਇਹ ਸਪੱਸ਼ਟ ਕੀਤਾ ਹੈ ਕਿ ਮਨਰੇਗਾ ਯੋਜਨਾ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ 'ਵੀਬੀ-ਜੀ ਰਾਮ ਜੀ' ਪੂਰੀ ਤਰ੍ਹਾਂ ਅਮਲ ਵਿੱਚ ਨਹੀਂ ਆ ਜਾਂਦੀ ਅਤੇ ਮਨਰੇਗਾ ਅਧੀਨ ਲੰਬਿਤ ਪਏ ਸਾਰੇ ਕਾਰਜ ਪੂਰੇ ਨਹੀਂ ਹੋ ਜਾਂਦੇ। ਬਜਟ ਦਸਤਾਵੇਜ਼ਾਂ ਅਨੁਸਾਰ, ਗ੍ਰਾਮੀਣ ਵਿਕਾਸ ਵਿਭਾਗ ਲਈ ਕੁੱਲ 1,94,368.81 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ, ਜੋ ਕਿ ਪਿਛਲੇ ਵਿੱਤੀ ਸਾਲ ਦੇ 1,86,995.61 ਕਰੋੜ ਰੁਪਏ ਦੇ ਮੁਕਾਬਲੇ ਵੱਧ ਹੈ। ਲਗਭਗ 88,000 ਕਰੋੜ ਰੁਪਏ ਖਰਚ ਹੋਏ ਸਨ। ਹੋਰ ਪ੍ਰਮੁੱਖ ਸਕੀਮਾਂ ਦੀ ਗੱਲ ਕਰੀਏ ਤਾਂ ਪ੍ਰਧਾਨ ਮੰਤਰੀ ਆਵਾਸ ਯੋਜਨਾ-ਗ੍ਰਾਮੀਣ ਲਈ ਇਸ ਸਾਲ 54,916.70 ਕਰੋੜ ਰੁਪਏ ਨਿਰਧਾਰਤ ਕੀਤੇ ਗਏ ਹਨ ਅਤੇ ਦੀਨਦਿਆਲ ਅੰਤਯੋਦਿਆ ਯੋਜਨਾ ਲਈ ਬਜਟ ਵਧਾ ਕੇ 19,200 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਲਈ 19,000 ਕਰੋੜ ਰੁਪਏ ਅਤੇ ਸਾਲ 2026-27 ਲਈ ਭੂਮੀ ਸਰੋਤ ਵਿਭਾਗ ਵਾਸਤੇ 2,654.33 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।




## ਸ਼ਰਾਬ ਹੋਵੇਗੀ ਮਹਿੰਗੀ ! ਪੜ੍ਹੋ ਵਿੱਤ ਮੰਤਰੀ ਨੇ ਕੀ ਕੀਤਾ ਐਲਾਨ

ਨਵੀਂ ਦਿੱਲੀ, 1 ਫਰਵਰੀ : ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਵਿੱਤੀ ਸਾਲ 2026-27 ਦੇ ਬਜਟ 'ਚ ਸ਼ਰਾਬ, ਸਕ੍ਰੈਪ ਅਤੇ ਖਣਿਜਾਂ ਦੇ ਵਿਕਰੇਤਾਵਾਂ ਲਈ ਟੈਕਸ ਪ੍ਰਣਾਲੀ ਵਿੱਚ ਅਹਿਮ ਬਦਲਾਅ ਕੀਤੇ ਹਨ। ਸਰਕਾਰ ਨੇ ਇਹਨਾਂ ਖੇਤਰਾਂ ਵਿੱਚ ਲਾਗੂ ਹੋਣ ਵਾਲੀ ਟੈਕਸ ਕਲੈਕਟਿਡ ਐਟ ਸੋਰਸ (TCS) ਦੀ ਦਰ ਨੂੰ ਸਰਲ ਬਣਾ ਕੇ 2 ਫੀਸਦੀ ਫਲੈਟ ਰੇਟ ਨਿਰਧਾਰਤ ਕਰ ਦਿੱਤੀ ਹੈ। ਇਸ ਨਵੇਂ ਫੈਸਲੇ ਤੋਂ ਪਹਿਲਾਂ, ਇਹਨਾਂ ਖੇਤਰਾਂ ਦੇ ਵਿਕਰੇਤਾਵਾਂ ਨੂੰ ਵੱਖ-ਵੱਖ ਦਰਾਂ 'ਤੇ TCS ਅਦਾ ਕਰਨਾ ਪੈਂਦਾ ਸੀ, ਜੋ ਕਈ ਸਥਿਤੀਆਂ ਵਿੱਚ ਮੌਜੂਦਾ 2 ਫੀਸਦੀ ਦੀ ਦਰ ਨਾਲੋਂ ਕਿਤੇ ਜ਼ਿਆਦਾ ਸੀ। ਸਰਕਾਰ ਦੇ ਇਸ ਕਦਮ ਨਾਲ ਟੈਕਸ ਪ੍ਰਣਾਲੀ ਪਹਿਲਾਂ ਨਾਲੋਂ ਵਧੇਰੇ ਇਕਸਾਰ ਅਤੇ ਸਰਲ ਬਣੇਗੀ, ਜਿਸ ਨਾਲ ਵਿਕਰੇਤਾਵਾਂ 'ਤੇ ਟੈਕਸ ਪਾਲਣਾ ਦਾ ਬੋਝ ਘਟਣ ਦੀ ਉਮੀਦ ਹੈ। ਵਿੱਤ ਮੰਤਰਾਲੇ ਅਨੁਸਾਰ, ਇਹ ਤਬਦੀਲੀ ਸਰਕਾਰ ਦੀ ਟੈਕਸ ਉਗਰਾਹੀ ਪ੍ਰਣਾਲੀ ਨੂੰ ਵਧੇਰੇ ਕਾਰੋਬਾਰ-ਅਨੁਕੂਲ (business-friendly) ਬਣਾਉਣ ਦੇ ਉਦੇਸ਼ ਨਾਲ ਕੀਤੀ ਗਈ ਹੈ। ਦੂਜੇ ਪਾਸੇ ਮਾਹਰ ਇਸ ਦੇ ਪ੍ਰਭਾਵ ਨਾਲ ਹੋਰ ਮਹਿੰਗੀ ਹੋਣ ਜਾਣ ਦੀਆਂ ਕਿਆਸ ਲਗਾ ਰਹੇ ਹਨ। ਤੰਬਾਕੂ ਉਤਪਾਦਾਂ ਦੇ ਸਬੰਧ ਵਿੱਚ ਵੀ ਬਜਟ ਵਿੱਚ ਇੱਕ ਮਹੱਤਵਪੂਰਨ ਸੋਧ ਦਾ ਐਲਾਨ ਕੀਤਾ ਗਿਆ ਹੈ। 1 ਮਈ, 2026 ਤੋਂ ਚਬਾਉਣ ਵਾਲੇ ਤੰਬਾਕੂ, ਜਰਦਾ ਅਤੇ ਇਸ ਤਰ੍ਹਾਂ ਦੇ ਹੋਰ ਉਤਪਾਦਾਂ 'ਤੇ ਨੈਸ਼ਨਲ ਕੈਲਾਮਿਟੀ ਕੰਟੀਜੈਂਟ ਡਿਊਟੀ (NCCD) ਦੀ ਦਰ ਨੂੰ ਕਾਗਜ਼ੀ ਤੌਰ 'ਤੇ 25 ਫੀਸਦੀ ਤੋਂ ਵਧਾ ਕੇ 60 ਫੀਸਦੀ ਕਰ ਦਿੱਤਾ ਜਾਵੇਗਾ। ਹਾਲਾਂਕਿ, ਇਸ ਬਦਲਾਅ ਦਾ ਆਮ ਖਪਤਕਾਰਾਂ ਜਾਂ ਨਿਰਮਾਤਾਵਾਂ 'ਤੇ ਟੈਕਸ ਦੇ ਰੂਪ ਵਿੱਚ ਕੋਈ ਵਾਧੂ ਵਿੱਤੀ ਬੋਝ ਨਹੀਂ ਪਵੇਗਾ। ਦਰਅਸਲ, ਇਹ ਇੱਕ ਤਕਨੀਕੀ ਤਬਦੀਲੀ ਹੈ ਜਿਸ ਰਾਹੀਂ ਸਰਕਾਰ NCCD ਦੀ ਦਰ ਵਿੱਚ ਵਾਧਾ ਕਰ ਰਹੀ ਹੈ, ਪਰ ਨਾਲ ਹੀ ਆਬਕਾਰੀ ਡਿਊਟੀ (Excise Duty) ਦੇ ਹੋਰ ਤੱਤਾਂ ਨੂੰ ਘਟਾ ਕੇ ਪ੍ਰਭਾਵੀ ਟੈਕਸ ਦਰ ਨੂੰ ਪਹਿਲਾਂ ਜਿੰਨਾ ਹੀ ਬਰਕਰਾਰ ਰੱਖਿਆ ਜਾਵੇਗਾ। ਅਜਿਹਾ ਕਰਨ ਨਾਲ ਸਰਕਾਰ ਕੋਲ ਕੀਮਤਾਂ ਨੂੰ ਪ੍ਰਭਾਵਿਤ ਕੀਤੇ ਬਿਨਾਂ ਟੈਕਸਾਂ ਦੇ ਪ੍ਰਬੰਧਨ ਵਿੱਚ ਵਧੇਰੇ ਲਚਕਤਾ ਹੋਵੇਗੀ।




## ਨਿਰਮਲਾ ਸੀਤਾਰਮਨ ਨੇ ਬਜਟ 'ਚ ਸੈਰ-ਸਪਾਟੇ ਤੇ ਖੇਡਾਂ ਲਈ ਕੀਤੇ ਵੱਡੇ ਐਲਾਨ

ਨਵੀਂ ਦਿੱਲੀ, 1 ਫਰਵਰੀ : ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਬਜਟ ਦੌਰਾਨ ਦੇਸ਼ ਵਿੱਚ ਸੈਰ-ਸਪਾਟੇ ਨੂੰ ਹੁਲਾਰਾ ਦੇਣ ਅਤੇ ਖੇਡਾਂ ਦੇ ਖੇਤਰ ਵਿੱਚ ਕ੍ਰਾਂਤੀ ਲਿਆਉਣ ਲਈ ਕਈ ਅਹਿਮ ਯੋਜਨਾਵਾਂ ਦਾ ਐਲਾਨ ਕੀਤਾ ਹੈ। ਇਸ ਤਹਿਤ ਜਿੱਥੇ ਦੇਸ਼ ਦੇ ਪਹਾੜੀ ਸੂਬਿਆਂ 'ਚ ਟ?ਰੈਕਿੰਗ ਨੂੰ ਉਤਸ਼ਾਹਿਤ ਕੀਤਾ ਜਾਵੇਗਾ, ਉੱਥੇ ਹੀ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਅਗਲੇ 10 ਸਾਲਾਂ ਦਾ ਰੋਡਮੈਪ ਵੀ ਪੇਸ਼ ਕੀਤਾ ਗਿਆ ਹੈ। ਟੂਰਿਜ਼ਮ: ਹੋਸਪਿਟੈਲਿਟੀ ਇੰਸਟੀਚਿਊਟ ਤੇ ਡਿਜੀਟਲ ਗਰਿੱਡ ਸੈਰ-ਸਪਾਟਾ ਖੇਤਰ ਵਿੱਚ ਸੁਧਾਰ ਲਈ ਕੇਂਦਰ ਸਰਕਾਰ 'ਨੈਸ਼ਨਲ ਇੰਸਟੀਚਿਊਟ ਆਫ ਹੋਸਪਿਟੈਲਿਟੀ' ਦੀ ਸਥਾਪਨਾ ਕਰੇਗੀ। ਇਸ ਦੇ ਨਾਲ ਹੀ 20 ਪ੍ਰਸਿੱਧ ਸੈਰ-ਸਪਾਟਾ ਸਥਾਨਾਂ 'ਤੇ 10,000 ਗਾਈਡਾਂ ਦੇ ਹੁਨਰ ਨੂੰ ਨਿਖਾਰਨ ਲਈ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ। ਜਾਣਕਾਰੀ ਨੂੰ ਡਿਜੀਟਲ ਰੂਪ ਵਿੱਚ ਮੁਹੱਈਆ ਕਰਵਾਉਣ ਲਈ ਇੱਕ 'ਨੈਸ਼ਨਲ ਡੈਸਟੀਨੇਸ਼ਨ ਡਿਜੀਟਲ ਨੋਲੇਜ ਗਰਿੱਡ' ਵੀ ਸਥਾਪਿਤ ਕੀਤਾ ਜਾਵੇਗਾ। ਸਾਹਸੀ ਸੈਰ-ਸਪਾਟੇ ਨੂੰ ਵਧਾਉਣ ਲਈ ਹਿਮਾਚਲ ਪ੍ਰਦੇਸ਼, ਉੱਤਰਾਖੰਡ, ਜੰਮੂ-ਕਸ਼ਮੀਰ ਅਤੇ ਅਰਾਕੂ ਘਾਟੀ ਵਿੱਚ ਵਿਸ਼ੇਸ਼ 'ਮਾਊਂਟੇਨ ਟ?ਰੇਲਜ਼' (ਪਹਾੜੀ ਰਸਤੇ) ਵਿਕਸਿਤ ਕੀਤੇ ਜਾਣਗੇ। ਇਸ ਤੋਂ ਇਲਾਵਾ ਸਮੁੰਦਰੀ ਜੀਵਾਂ ਦੀ ਸਾਂਭ-ਸੰਭਾਲ ਅਤੇ ਸੈਰ-ਸਪਾਟੇ ਲਈ ਓਡੀਸ਼ਾ, ਕਰਨਾਟਕ ਅਤੇ ਕੇਰਲ ਵਿੱਚ 'ਟਾਰਟਲ ਟ?ਰੇਲਜ਼' ਬਣਾਉਣ ਦੀ ਯੋਜਨਾ ਹੈ। ਸਰਕਾਰ ਨੇ ਦੇਸ਼ ਦੇ 15 ਪੁਰਾਤੱਤਵ ਸਥਾਨਾਂ, ਜਿਨ੍ਹਾਂ ਵਿੱਚ ਧੋਲਾਵੀਰਾ ਵਰਗੇ ਪ੍ਰਮੁੱਖ ਸਥਾਨ ਸ਼ਾਮਲ ਹਨ, ਨੂੰ ਸੱਭਿਆਚਾਰਕ ਮੰਜ਼ਿਲਾਂ ਵਜੋਂ ਵਿਕਸਿਤ ਕਰਨ ਦਾ ਫੈਸਲਾ ਕੀਤਾ ਹੈ।

ਅਗਲੇ 10 ਸਾਲਾਂ ਲਈ 'ਖੇਲੋ ਇੰਡੀਆ ਮਿਸ਼ਨ' ਖੇਡਾਂ ਦੇ ਖੇਤਰ ਵਿੱਚ ਭਾਰਤ ਨੂੰ ਵਿਸ਼ਵ ਸ਼ਕਤੀ ਬਣਾਉਣ ਲਈ 'ਖੇਲੋ ਇੰਡੀਆ ਮਿਸ਼ਨ' ਦੀ ਸਥਾਪਨਾ ਕੀਤੀ ਗਈ ਹੈ, ਜੋ ਅਗਲੇ 10 ਸਾਲਾਂ ਤੱਕ ਕੰਮ ਕਰੇਗਾ। ਇਸ ਮਿਸ਼ਨ ਤਹਿਤ:

ਦੇਸ਼ ਭਰ ਵਿੱਚ ਅਤਿ-ਆਧੁਨਿਕ ਸਿਖਲਾਈ ਕੇਂਦਰ ਬਣਾਏ ਜਾਣਗੇ।

ਕੋਚਾਂ ਤੇ ਸਪੋਰਟ ਸਟਾਫ ਨੂੰ ਵਿਵਸਥਿਤ ਤਰੀਕੇ ਨਾਲ ਸਿਖਲਾਈ ਦਿੱਤੀ ਜਾਵੇਗੀ।

## 9ਵੀਂ ਵਾਰ ਅੱਜ ਬਜਟ ਪੇਸ਼ ਕਰੇਗੀ ਨਿਰਮਲਾ ਸੀਤਾਰਮਨ, ਰੱਖਿਆ ਨਿਰਮਾਣ 'ਤੇ ਰਹੇਗੀ ਨਜ਼ਰ

ਨਵੀਂ ਦਿੱਲੀ, 1 ਫਰਵਰੀ : ਵਧਦੀਆਂ ਗਲੋਬਲ ਬੇਭਰੋਸਗੀਆਂ ਵਿਚਾਲੇ ਐਤਵਾਰ ਨੂੰ ਪੇਸ਼ ਕੀਤੇ ਜਾਣ ਵਾਲੇ ਆਮ ਬਜਟ 2026-27 'ਚ ਸਰਕਾਰ ਦੇ ਸਾਹਮਣੇ ਮੁੱਖ ਚੁਣੌਤੀ ਆਰਥਿਕ ਵਿਕਾਸ ਦੀ ਰਫਤਾਰ ਅਤੇ ਵਿਕਾਸ ਦੀਆਂ ਤਰਜੀਹਾਂ, ਵਿੱਤੀ ਅਨੁਸ਼ਾਸਨ ਅਤੇ ਲੋੜਵੰਦਾਂ ਦੇ ਰੋਜ਼ਗਾਰ ਤੇ ਕਲਿਆਣ ਨੂੰ ਸੁਰੱਖਿਅਤ ਰੱਖਣ ਵਿਚਾਲੇ ਸੰਤੁਲਨ ਬਿਠਾਉਣ ਦੀ ਹੈ। ਹਾਲਾਂਕਿ, ਰੱਖਿਆ ਅਤੇ ਨਿਰਮਾਣ ਖੇਤਰਾਂ ਨੂੰ ਬਜਟ ਤੋਂ ਕਾਫੀ ਉਮੀਦਾਂ ਹਨ ਅਤੇ ਵਿੱਤ ਮੰਤਰੀ ਇਨ੍ਹਾਂ ਨੂੰ ਲੈ ਕੇ ਕੁਝ ਵੱਡੇ ਐਲਾਨ ਕਰ ਸਕਦੀ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਐਤਵਾਰ ਸਵੇਰੇ 11 ਵਜੇ ਸੰਸਦ 'ਚ ਮਾਲੀ ਸਾਲ 2026-27 ਦਾ ਆਮ ਬਜਟ ਪੇਸ਼ ਕਰੇਗੀ। ਨਿਰਮਲਾ ਸੀਤਾਰਮਨ ਲਗਾਤਾਰ ਨੌਵੀਂ ਵਾਰ ਬਜਟ ਪੇਸ਼ ਕਰੇਗੀ, ਜਿਸ 'ਚ ਇਕ ਅੰਤ੍ਰਿਮ ਬਜਟ ਵੀ ਹੈ। ਰੱਖਿਆ ਖੇਤਰ ਦੇ ਜਾਣਕਾਰਾਂ ਅਤੇ ਬਾਜ਼ਾਰ ਨਾਲ ਜੁੜੇ ਲੋਕਾਂ ਨੂੰ ਰੱਖਿਆ ਬਜਟ 'ਚ 8 ਤੋਂ 10 ਫੀਸਦੀ ਤੱਕ ਦੇ ਵਾਧੇ ਦੀ ਉਮੀਦ ਹੈ। ਨਾਲ ਹੀ, ਮੇਕ ਇਨ ਇੰਡੀਆ ਦੇ ਤਹਿਤ ਉਤਪਾਦਨ 'ਚ ਵਾਧਾ ਅਤੇ ਬਰਾਮਦ 'ਤੇ ਫੋਕਸ ਰਹਿਣ ਦੀ ਉਮੀਦ ਹੈ। ਸਰਕਾਰ ਭਾਰਤ ਨੂੰ ਲਗਾਤਾਰ ਵਿਨਿਰਮਾਣ ਖੇਤਰ ਦੇ ਇਕ ਪ੍ਰਮੁੱਖ ਕੇਂਦਰ ਵਜੋਂ ਉਤਸ਼ਾਹਿਤ ਕਰਨ 'ਚ ਲੱਗੀ ਹੋਈ ਹੈ। ਆਉਣ ਵਾਲੇ ਸਾਲ 'ਚ ਨਿਰਮਾਣ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੀ ਰਫਤਾਰ ਮਿਲ ਸਕਦੀ ਹੈ। ਇਸ ਦੇ ਲਈ ਪੂੰਜੀਗਤ ਖਰਚੇ 'ਚ ਵਾਧਾ ਹੋਣ ਦੀ ਸੰਭਾਵਨਾ ਹੈ। ਇਸ ਨਾਲ ਭਾਰਤਮਾਲਾ ਪ੍ਰਾਜੈਕਟ, ਰੇਲ ਆਧੁਨਿਕੀਕਰਨ ਅਤੇ ਸ਼ਹਿਰੀ ਵਿਕਾਸ ਨੂੰ ਰਫ਼ਤਾਰ ਮਿਲੇਗੀ। ਇਹ ਬਜਟ 8ਵੇਂ ਤਨਖਾਹ ਕਮਿਸ਼ਨ ਅਤੇ 16ਵੇਂ ਵਿੱਤ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਦੇ ਲਾਗੂ ਹੋਣ ਦੇ ਪਹਿਲੇ ਸਾਲ ਲਈ ਹੋਵੇਗਾ। ਇਸ ਦੇ ਮੱਦੇਨਜ਼ਰ ਸਰਕਾਰ ਨੂੰ ਵਿਸ਼ੇਸ਼ ਤੌਰ 'ਤੇ ਵਿੱਤੀ ਵਿਵਸਥਾ ਕਰਨੀ ਪੈ ਸਕਦੀ ਹੈ। ਤਨਖਾਹ ਕਮਿਸ਼ਨ ਦੀ ਰਿਪੋਰਟ ਅਜੇ ਨਹੀਂ ਆਈ ਹੈ ਪਰ ਇਸ ਨੂੰ 1 ਜਨਵਰੀ 2026 ਤੋਂ ਲਾਗੂ ਕੀਤਾ ਜਾਣਾ ਹੈ। ਬਜਟ 'ਚ ਸੁਧਾਰਾਂ ਨੂੰ ਵਧਾਉਣ ਅਤੇ ਪ੍ਰਮਾਣੂ ਊਰਜਾ ਵਰਗੇ ਨਿੱਜੀ ਨਿਵੇਸ਼ ਲਈ ਖੋਲ੍ਹੇ ਗਏ ਨਵੇਂ ਖੇਤਰਾਂ ਲਈ ਬਜਟ 'ਚ ਕੀਤੇ ਜਾਣ ਵਾਲੇ ਪ੍ਰਬੰਧਾਂ 'ਤੇ ਲੋਕਾਂ ਦੀ ਨਜ਼ਰ ਰਹੇਗੀ। ਸਰਕਾਰ ਬੀਮਾ ਅਤੇ ਸਮਾਜਿਕ ਸੁਰੱਖਿਆ ਦੇ ਉਤਪਾਦਾਂ ਦੇ ਬਾਜ਼ਾਰ ਨੂੰ ਉਤਸ਼ਾਹਿਤ ਕਰਨ ਲਈ ਕੁਝ ਰਿਆਇਤਾਂ ਅਤੇ ਉਤਸ਼ਾਹ ਦੇ ਸਕਦੀ ਹੈ। ਬਜਟ 'ਚ ਮਹੱਤਵਪੂਰਨ ਖਣਿਜ, ਬਿਜਲੀ, ਇਲੈਕਟ?ਰਾਨਿਕਸ, ਬੁਨਿਆਦੀ ਢਾਂਚਾ, ਪੂੰਜੀਗਤ ਸਾਮਾਨ ਅਤੇ ਕਿਫਾਇਤੀ ਰਿਹਾਇਸ਼ ਵਰਗੇ ਖੇਤਰਾਂ 'ਤੇ ਵਿਸ਼ੇਸ਼ ਧਿਆਨ ਦਿੱਤੇ ਜਾਣ ਦੀ ਉਮੀਦ ਹੈ। ਜਲਵਾਯੂ ਨਾਲ ਜੁੜੇ ਖਰਚੇ ਅਤੇ ਗ੍ਰੀਨ ਬੁਨਿਆਦੀ ਢਾਂਚਾ ਵਿਕਾਸ 'ਤੇ ਵੀ ਖਾਸ ਧਿਆਨ ਦਿੱਤੇ ਜਾਣ ਦੀ ਉਮੀਦ ਹੈ, ਜਿਸ 'ਚ ਨਵਿਆਉਣਯੋਗ ਊਰਜਾ, ਇਲੈਕਟ੍ਰਿਕ ਵਾਹਨ ਅਤੇ ਸ਼ਹਿਰਾਂ ਦਾ ਸਿਹਤਮੰਦ ਵਿਕਾਸ ਕੁਝ ਅਜਿਹੇ ਖੇਤਰ ਹਨ ਜਿਨ੍ਹਾਂ ਨੂੰ ਉਤਸ਼ਾਹਿਤ ਕੀਤਾ ਜਾ ਸਕਦਾ ਹੈ। ਵਿਸ਼ਲੇਸ਼ਕਾਂ ਅਨੁਸਾਰ, ਇਸ ਬਜਟ 'ਚ ਨਿਵੇਸ਼ਕਾਂ ਅਤੇ ਕਰਦਾਤਿਆਂ ਨੂੰ ਕਿਸੇ ਵੱਡੇ ਐਲਾਨ ਦੀ ਉਮੀਦ ਨਹੀਂ ਲੱਗਦੀ। ਪਰ ਵਿੱਤ ਮੰਤਰੀ ਆਮ ਲੋਕਾਂ ਲਈ ਕੁਝ ਨਵੀਆਂ ਪਹਿਲ-ਕਦਮੀਆਂ ਕਰ ਕੇ ਬਜਟ ਨੂੰ ਉਨ੍ਹਾਂ ਲਈ ਖਿੱਚ ਦਾ ਕੇਂਦਰ ਬਣਾਉਣ ਦੀ ਕੋਸ਼ਿਸ਼ ਕਰ ਸਕਦੇ ਹਨ।

## 'ਕਾਂਜੀਵਰਮ ਸਾੜ੍ਹੀ' 'ਚ ਬਜਟ ਪੇਸ਼ ਕਰਨਗੇ ਸੀਤਾਰਮਨ, ਜਾਣੋ ਪਿਛਲੇ 8 ਸਾਲ ਦੀਆਂ ਸਾੜ੍ਹੀਆਂ ਦੀ ਖਾਸੀਅਤ

ਨਵੀਂ ਦਿੱਲੀ, 1 ਫਰਵਰੀ : ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅੱਜ ਸਵੇਰੇ 11 ਵਜੇ ਦੇਸ਼ ਦਾ ਕੇਂਦਰੀ ਬਜਟ 2026-27 ਪੇਸ਼ ਕਰਨ ਜਾ ਰਹੇ ਹਨ, ਜੋ ਕਿ ਉਨ੍ਹਾਂ ਦਾ ਲਗਾਤਾਰ ਨੌਂਵਾਂ ਬਜਟ ਹੋਵੇਗਾ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਜਟ ਦੇ ਨਾਲ-ਨਾਲ ਵਿੱਤ ਮੰਤਰੀ ਦੀ ਸਾੜ੍ਹੀ ਚਰਚਾ ਦਾ ਵਿਸ਼ਾ ਬਣੀ ਹੋਈ ਹੈ, ਕਿਉਂਕਿ ਉਨ੍ਹਾਂ ਦਾ ਪਹਿਰਾਵਾ ਹਮੇਸ਼ਾ ਭਾਰਤੀ ਸੰਸਕ੍ਰਿਤੀ ਅਤੇ ਵਿਰਾਸਤ ਦੀ ਪਛਾਣ ਹੁੰਦਾ ਹੈ। ਵਿੱਤ ਮੰਤਰੀ ਨੇ ਹੁਣ ਤੱਕ ਪੇਸ਼ ਕੀਤੇ ਗਏ ਅੱਠ ਬਜਟਾਂ ਵਿੱਚੋਂ ਹਰੇਕ ਵਿੱਚ ਵੱਖ-ਵੱਖ ਸਾੜ੍ਹੀਆਂ ਪਹਿਨੀਆਂ ਹਨ। ਮਹੱਤਵਪੂਰਨ ਗੱਲ ਇਹ ਹੈ ਕਿ ਉਨ੍ਹਾਂ ਨੇ ਹਰ ਵਾਰ ਇਨ੍ਹਾਂ ਸਾੜ੍ਹੀਆਂ ਰਾਹੀਂ ਇੱਕ ਵੱਖਰਾ ਰਾਜਨੀਤਿਕ ਅਤੇ ਸੱਭਿਆਚਾਰਕ ਸੰਦੇਸ਼ ਦੇਣ ਦੀ ਕੋਸ਼ਿਸ਼ ਕੀਤੀ ਹੈ। ਇਸ ਵਾਰ ਵਿੱਤ ਮੰਤਰੀ ਨੇ ਬਜਟ ਪੇਸ਼ ਕਰਨ ਲਈ ਹੱਥ ਨਾਲ ਬੁਣੀ ਹੋਈ ਬੈਂਗਣੀ ਰੰਗ ਦੀ ਕਾਂਜੀਵਰਮ ਸਿਲਕ ਸਾੜ੍ਹੀ ਦੀ ਚੋਣ ਕੀਤੀ ਹੈ। ਇਹ ਸਾੜ੍ਹੀ ਤਾਮਿਲਨਾਡੂ ਦੀ ਪੁਰਾਤਨ ਬੁਣਾਈ ਕਲਾ ਦਾ ਸ਼ਾਨਦਾਰ ਨਮੂਨਾ ਹੈ, ਜਿਸ ਵਿੱਚ ਹਲਕੇ ਸੁਨਹਿਰੀ ਭੂਰੇ ਰੰਗ ਦੇ ਚੈਕ, ਜਿਨ੍ਹਾਂ ਨੂੰ 'ਕੱਟਮ' ਕਿਹਾ ਜਾਂਦਾ ਹੈ, ਅਤੇ ਕੌਫੀ ਬ੍ਰਾਊਨ ਬਾਰਡਰ 'ਤੇ ਧਾਗੇ ਦਾ ਬਰੀਕ ਕੰਮ ਕੀਤਾ ਗਿਆ ਹੈ। ਵਿੱਤ ਮੰਤਰੀ ਦੀ ਪੂਰੀ ਸਾੜ੍ਹੀ ਭਾਰੀ ਕਢਾਈ ਤੋਂ ਬਿਨਾਂ ਹੈ। ਸਾੜ੍ਹੀ ਦੀ ਸਾਦਗੀ, ਸ਼ਾਨ ਅਤੇ ਰਵਾਇਤੀ ਸ਼ੈਲੀ ਇਸਨੂੰ ਬਜਟ-ਅਨੁਕੂਲ ਮੌਕੇ ਲਈ ਬਹੁਤ ਢੁਕਵੀਂ ਬਣਾ ਰਹੀ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਆਪਣੀਆਂ ਸਾੜ੍ਹੀਆਂ ਨੂੰ ਲੈ ਕੇ ਹਮੇਸ਼ਾ ਸੁਰਖੀਆਂ 'ਚ ਰਹਿੰਦੀ ਹੈ, ਜੋ ਉਹ ਬਜਟ ਪੇਸ਼ ਕਰਦੇ ਸਮੇਂ ਪਹਿਨਦੀ ਹੈ। ਉਸ ਦੀਆਂ ਸਾੜ੍ਹੀਆਂ ਦੀ ਚੋਣ ਭਾਰਤੀ ਸੱਭਿਆਚਾਰ ਅਤੇ ਵਿਰਾਸਤ ਦੀ ਵਿਭਿੰਨਤਾ ਨੂੰ ਦਰਸਾਉਂਦੀ ਹੈ। ਸੀਤਾਰਮਨ ਦੀਆਂ ਸਾੜ੍ਹੀਆਂ ਲਾਲ, ਨੀਲੇ, ਪੀਲੇ, ਭੂਰੇ ਅਤੇ ਆਫ-ਵਾਈਟ ਵਰਗੇ ਰੰਗਾਂ ਵਿੱਚ ਆਉਂਦੀਆਂ ਹਨ, ਅਤੇ ਹਰ ਇੱਕ ਸਾੜ੍ਹੀ ਨਾਲ ਇੱਕ ਖਾਸ ਕਹਾਣੀ ਜੁੜੀ ਹੋਈ ਹੈ। ਇਹ ਸਾੜ੍ਹੀਆਂ ਵਿੱਤੀ ਨੀਤੀਆਂ, ਛੋਟਾਂ ਅਤੇ ਪ੍ਰੋਗਰਾਮਾਂ ਦੇ ਐਲਾਨ ਦੇ ਨਾਲ-ਨਾਲ ਬਜਟ ਵਾਲੇ ਦਿਨ ਦਾ ਇੱਕ ਮਹੱਤਵਪੂਰਨ ਪ੍ਰਤੀਕ ਬਣ ਗਈਆਂ ਹਨ। ਸਾਲ 2025: ਬਿਹਾਰ ਦੀ ਮਧੂਬਨੀ ਕਲਾ: ਪਿਛਲੇ ਸਾਲ ਸੀਤਾਰਮਣ ਨੇ ਸੁਨਹਿਰੀ ਬਾਰਡਰ ਵਾਲੀ ਮਧੂਬਨੀ ਸ਼ੈਲੀ (ਮਿਥਿਲਾ ਕਲਾ) ਦੀ ਹੱਥ ਨਾਲ ਪੇਂਟ ਕੀਤੀ ਸਾੜ੍ਹੀ ਪਹਿਨੀ ਸੀ। ਉਸ ਸਮੇਂ ਬਿਹਾਰ ਵਿੱਚ ਵਿਧਾਨ ਸਭਾ ਚੋਣਾਂ ਵੀ ਸਨ, ਜਿਸ ਕਾਰਨ ਇਸ ਚੋਣ ਨੂੰ ਸਿਆਸੀ ਲਿਹਾਜ਼ ਨਾਲ ਕਾਫੀ ਅਹਿਮ ਮੰਨਿਆ ਗਿਆ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# 'ਸੰਤੁਸ਼ਟੀਜਨਕ ਨਹੀਂ ਕੇਂਦਰ ਸਰਕਾਰ ਦਾ ਬਜਟ' : MP ਹਰਸਿਮਰਤ ਕੌਰ ਬਾਦਲ

ਬਠਿੰਡਾ, 1 ਫਰਵਰੀ : ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਕੇਂਦਰੀ ਬਜਟ 2026 ਬਾਰੇ ਟਿੱਪਣੀ



ਕਰਦਿਆਂ ਕਿਹਾ ਕਿ ਇਹ ਨੌਵੀਂ ਵਾਰ ਹੈ ਜਦੋਂ ਦੇਸ਼ ਦੀ ਕਿਸੇ ਮਹਿਲਾ ਵਿੱਤ ਮੰਤਰੀ ਵੱਲੋਂ ਬਜਟ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਇਸ ਬਜਟ ਤੋਂ ਬਿਲਕੁਲ ਵੀ ਸੰਤੁਸ਼ਟ ਨਹੀਂ ਹਨ, ਕਿਉਂਕਿ ਪਿਛਲੇ 10 ਬਜਟਾਂ ਵਿੱਚ ਪੰਜਾਬ ਦਾ ਨਾਂ ਤੱਕ ਨਹੀਂ ਲਿਆ ਗਿਆ। ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਅੱਜ ਪੇਸ਼ ਕੀਤਾ ਗਿਆ ਇਹ 11ਵਾਂ ਬਜਟ 'ਚ ਵੀ ਪੰਜਾਬ ਨੂੰ ਨਜ਼ਰਅੰਦਾਜ਼ ਕਰਦਾ ਨਜ਼ਰ ਆਇਆ ਹੈ ਅਤੇ ਇਸ ਵਿੱਚ ਵੀ ਸੂਬੇ ਦਾ ਨਾਂ ਨਹੀਂ ਲਿਆ ਗਿਆ। ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ 'ਤੇ ਪੰਜਾਬ(ਜਲੰਧਰ) ਜਾ ਰਹੇ ਹਨ ਤਾਂ ਉਮੀਦ ਸੀ ਕਿ ਅੱਜ ਦੇ ਸ਼ੁੱਭ ਦਿਨ ਨਤਮਸਤਕ ਹੋਣ ਲਈ ਜਾ ਰਹੇ ਹਨ ਤਾਂ ਇੱਥੋਂ ਖਾਲੀ ਹੱਥ ਨਹੀਂ ਜਾਣਗੇ ਪਰ ਅਫ਼ਸੋਸ ਦੀ ਗੱਲ ਹੈ ਕਿ ਅੱਜ ਦੇ ਬਜਟ 'ਚ ਪਿਛਲੇ ਬਜਟਾਂ ਵਾਂਗ ਪੰਜਾਬ ਦਾ ਨਾਂ ਤੱਕ ਨਹੀਂ ਸੀ ਅਤੇ ਨਾ ਹੀ ਕੋਈ ਸੌਗਾਤ ਨਹੀਂ ਪੇਸ਼ ਕੀਤੀ ਗਈ। ਉਨ੍ਹਾਂ ਕਿਹਾ ਜਿਹੜੇ ਸੂਬਿਆਂ 'ਚ ਚੋਣਾਂ ਹੋਣੀਆਂ ਹੁੰਦੀਆਂ ਹਨ ਉਸੇ ਹੀ ਸੂਬੇ ਦਾ ਬਜਟ 'ਚ ਨਾਂ ਲਿਆ ਜਾਂਦਾ ਹੈ। ਇਸ ਦੌਰਾਨ ਉਨ੍ਹਾਂ ਕਿਹਾ ਪੰਜਾਬ ਦੇ ਲੋਕਾਂ ਦਾ ਵੀ ਟੈਕਸ 'ਚ ਪੈਸਾ ਜਾਂਦਾ ਹੈ ਤਾਂ ਫਿਰ ਪੰਜਾਬ ਦਾ ਹੱਕ ਵੀ ਬਣਦਾ ਹੀ ਹੈ। ਜ਼ਿਕਰਯੋਗ ਹੈ ਕਿ ਬਜਟ ਪੇਸ਼ ਕਰਨ ਤੋਂ ਪਹਿਲਾਂ ਹਰਸਿਮਰਤ ਕੌਰ ਬਾਦਲ ਨੇ ਪਿਛਲੇ ਬਜਟਾਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਪਿਛਲੇ ਦਸ ਬਜਟਾਂ ਵਿੱਚ ਪੰਜਾਬ ਦਾ ਜ਼ਿਕਰ ਤੱਕ ਨਹੀਂ ਕੀਤਾ ਗਿਆ। ਉਨ੍ਹਾਂ ਨੇ ਉਮੀਦ ਜਤਾਈ ਕਿ ਕਿਉਂਕਿ ਪ੍ਰਧਾਨ ਮੰਤਰੀ ਅੱਜ ਪੰਜਾਬ ਦੇ ਦੌਰੇ 'ਤੇ ਹਨ, ਇਸ ਲਈ ਸੂਬੇ ਦੇ ਲੋਕਾਂ ਨੂੰ ਅੱਜ ਦੇ ਬਜਟ ਵਿੱਚ ਕਿਸੇ 'ਵੱਡੇ ਤੋਹਫ਼ੇ' ਦੀ ਉਮੀਦ ਹੈ। ਹਰਸਿਮਰਤ ਕੌਰ ਬਾਦਲ ਨੇ ਆਸ ਪ੍ਰਗਟਾਈ ਸੀ ਕਿ ਕੇਂਦਰ ਸਰਕਾਰ ਅੱਜ ਦੇ ਬਜਟ ਵਿੱਚ MSP ਦੀ ਕਾਨੂੰਨੀ ਗਾਰੰਟੀ ਲਈ ਕੋਈ ਵਿਸ਼ੇਸ਼ ਐਲਾਨ ਜ਼ਰੂਰ ਕਰੇਗੀ।

# ਕੇਂਦਰੀ ਬਜਟ ਨੇ ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਨਾਲ ਫਿਰ ਕੀਤਾ ਧੋਖਾ: ਹਰਪਾਲ ਚੀਮਾ

ਚੰਡੀਗੜ੍ਹ 1 ਫਰਵਰੀ : ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੇਂਦਰੀ ਬਜਟ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਇੱਕ ਵਾਰ ਫਿਰ ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਦੀਆਂ ਜਾਇਜ਼ ਚਿੰਤਾਵਾਂ ਨੂੰ ਨਜ਼ਰਅੰਦਾਜ਼ ਕੀਤਾ ਹੈ, ਜਿਸ ਨਾਲ ਉਸ ਦੇ ਕਿਸਾਨ-ਪੱਖੀ ਹੋਣ ਦੇ ਖੋਖਲੇ ਦਾਅਵਿਆਂ ਦੀ ਪੋਲ ਖੁੱਲ੍ਹ ਗਈ ਹੈ। ਚੀਮਾ ਨੇ ਇਸ਼ਾਰਾ ਕੀਤਾ ਕਿ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ ਅਤੇ ਨਾ ਹੀ ਮੰਡੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੋਈ ਠੋਸ ਸਹਾਇਤਾ ਦਿੱਤੀ ਗਈ ਹੈ, ਜਿਸ ਨਾਲ ਖੇਤੀ ਪ੍ਰਧਾਨ ਰਾਜਾਂ ਨੂੰ ਆਪਣੇ ਭਰੋਸੇ ਛੱਡ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ ਦੇਸ਼ ਦਾ ਪੇਟ ਭਰਦਾ ਹੈ, ਫਿਰ ਵੀ ਕੇਂਦਰ ਸਰਕਾਰ ਉਨ੍ਹਾਂ ਪ੍ਰਣਾਲੀਆਂ ਵਿੱਚ ਨਿਵੇਸ਼ ਨੂੰ ਲਗਾਤਾਰ ਅਣਗੌਲਿਆ ਕਰ ਰਹੀ ਹੈ ਜੋ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਂਦੀਆਂ ਹਨ। ਵਿੱਤ ਮੰਤਰੀ ਨੇ ਵੱਧ ਕੀਮਤ ਵਾਲੀਆਂ ਫ਼ਸਲਾਂ ਨੂੰ ਉਤਸ਼ਾਹਿਤ ਕਰਨ ਲਈ ਅਪਣਾਏ ਗਏ ਚੋਣਵੇਂ ਪਹੁੰਚ ਦੀ ਵੀ ਆਲੋਚਨਾ ਕੀਤੀ। ਜਦੋਂ



ਕਿ ਬਜਟ ਵਿੱਚ ਨਾਰੀਅਲ, ਕਾਜੂ, ਚੰਦਨ ਅਤੇ ਡਰਾਈ ਫਰੂਟਸ ਵਰਗੀਆਂ ਫ਼ਸਲਾਂ ਦਾ ਜ਼ਿਕਰ ਹੈ, ਪਰ ਉੱਤਰੀ ਭਾਰਤ ਦੇ ਕਿਸਾਨਾਂ ਲਈ ਕੁਝ ਵੀ ਨਹੀਂ ਹੈ ਜੋ ਆਪਣੀਆਂ ਖੇਤੀਬਾੜੀ-ਜਲਵਾਯੂ ਹਾਲਤਾਂ ਦੇ ਅਨੁਕੂਲ ਫ਼ਸਲਾਂ 'ਤੇ ਨਿਰਭਰ ਕਰਦੇ ਹਨ। ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਬਜਟ ਸਪੱਸ਼ਟ ਤੌਰ 'ਤੇ ਕੇਂਦਰ ਦੇ ਪੱਖਪਾਤ ਅਤੇ ਅੰਨ ਪੈਦਾ ਕਰਨ ਵਾਲੇ ਰਾਜਾਂ, ਖਾਸ ਕਰਕੇ ਪੰਜਾਬ ਦੇ ਕਿਸਾਨਾਂ ਪ੍ਰਤੀ ਉਸ ਦੀ ਲਗਾਤਾਰ ਉਦਾਸੀਨਤਾ ਨੂੰ ਦਰਸਾਉਂਦਾ ਹੈ। ਇਹ ਕਿਸਾਨ ਸਨਮਾਨ, ਸਹਿਯੋਗ ਅਤੇ ਉਚਿਤ ਨਿਵੇਸ਼ ਦੇ ਹੱਕਦਾਰ ਹਨ, ਖੋਖਲੇ ਨਾਅਰਿਆਂ ਦੇ ਨਹੀਂ। ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਕੇਂਦਰੀ ਬਜਟ- 2026 ਵਿੱਚ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਵਿੱਚ ਵਾਧੇ ਜਾਂ ਮੰਡੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਬਾਰੇ ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਲਈ ਕੁਝ ਵੀ ਨਹੀਂ ਹੈ। ਉਨ੍ਹਾਂ ਅੱਗੇ ਕਿਹਾ ਕਿ ਰਾਜਾਂ ਨੂੰ ਆਪਣੇ ਫੰਡਾਂ ਨਾਲ ਹੀ ਵਿਕਾਸ ਕਰਨਾ ਹੋਵੇਗਾ। ਬਜਟ ਵਿੱਚ ਉੱਚ-ਮੁੱਲ ਵਾਲੀਆਂ ਫਸਲਾਂ ਦੇ ਵਿਕਾਸ ਬਾਰੇ ਜ਼ਿਕਰ ਹੋਇਆ ਪਰ ਪੰਜਾਬ ਨੂੰ ਪੂਰੀ ਤਰ੍ਹਾਂ ਅੱਖੋਂ ਪਰੋਖੇ ਰੱਖਿਆ। ਉਨ੍ਹਾਂ ਕਿਹਾ ਕਿ ਯੂਰੀਆ ਸਬਸਿਡੀ ਪਿਛਲੇ ਸਾਲ 1,26,475 ਕਰੋੜ ਤੋਂ ਘਟਾ ਕੇ 1,16,805 ਕਰੋੜ ਕਰ ਦਿੱਤੀ ਗਈ ਹੈ। ਇਸ ਬਜਟ ਵਿੱਚ 'ਆਮ ਆਦਮੀ' ਲਈ ਕੁਝ ਨਹੀਂ, ਜਦਕਿ ਅੱਜ ਦੇ ਸਮੇਂ ਵਿੱਚ ਜਦੋਂ ਮਹਿੰਗਾਈ ਆਮ ਆਦਮੀ ਦੀ ਬੱਚਤ ਨੂੰ ਖਾ ਰਹੀ ਹੈ ਅਤੇ ਆਮਦਨ ਵਧ ਨਹੀਂ ਰਹੀ ਤਾਂ ਟੈਕਸ ਤੋਂ ਜ਼ੀਰੋ ਰਾਹਤ ਵਾਜਿਬ ਨਹੀਂ। ਦਰਅਸਲ, ਭਾਰਤ ਸਰਕਾਰ ਨੇ ਐਸਐਸਟੀ (ਸਿਕਿਓਰਿਟੀਜ਼ ਟ੍ਰਾਂਜੈਕਸ਼ਨ ਟੈਕਸ) ਵਧਾ ਦਿੱਤਾ ਹੈ ਜੋ ਆਮ ਆਦਮੀ 'ਤੇ ਮਾੜਾ ਪ੍ਰਭਾਵ ਪਾਵੇਗਾ। ਇਸ ਵਾਧੇ ਨਾਲ ਬਾਅਦ ਲੰਬੇ ਸਮੇਂ ਦੇ ਪੂੰਜੀ ਲਾਭ 'ਤੇ ਕੋਈ ਰਾਹਤ ਨਹੀਂ ਹੈ। ਇਹ ਆਮ ਆਦਮੀ ਨੂੰ ਹਰ ਪਾਸਿਓਂ ਨਿਚੋੜਨ ਵਾਂਗ ਹੈ। ਰੱਖਿਆ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਸਾਨੂੰ ਉਮੀਦ ਸੀ ਕਿ ਕੇਂਦਰੀ ਵਿੱਤ ਮੰਤਰੀ ਭਾਰਤ ਨੂੰ ਰੱਖਿਆ ਉਤਪਾਦਨ 'ਤੇ ਮਜ਼ਬੂਤ ਬਣਾਉਣ ਅਤੇ ਪਿਛਲੇ ਸਾਲ ਪਾਕਿਸਤਾਨ ਨਾਲ ਤਣਾਅ ਦੇ ਮੱਦੇਨਜ਼ਰ ਰੱਖਿਆ ਬਜਟ ਨੂੰ ਅਰਥਪੂਰਨ ਵਧਾਉਣ ਲਈ ਵੱਡੀਆਂ ਯੋਜਨਾਵਾਂ ਦਾ ਐਲਾਨ ਕਰਨਗੇ। ਅਜਿਹਾ ਕੁਝ ਵੀ ਨਹੀਂ ਹੋਇਆ। ਕੇਂਦਰੀ ਵਿੱਤ ਮੰਤਰੀ ਦੇ ਭਾਸ਼ਣ ਵਿੱਚ ਰੱਖਿਆ ਦਾ ਕੁੱਲ ਜ਼ਿਕਰ '-ਚਾਰ (4)' ਵਾਰ ਸੀ। ਪ੍ਰਧਾਨ ਮੰਤਰੀ-ਵਿਸ਼ਵਕਰਮਾ ਯੋਜਨਾ ਨੂੰ ਉਜਾਗਰ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਇਹ ਪਿਛਲੇ ਸਾਲ ਬਹੁਤ ਜ਼ਿਆਦਾ ਧੂਮਧਾਮ ਨਾਲ ਸ਼ੁਰੂ ਕੀਤਾ ਗਿਆ ਸੀ ਤਾਂ ਜੋ ਰਵਾਇਤੀ ਕਾਰੀਗਰਾਂ ਅਤੇ ਦਸਤਕਾਰਾਂ ਨੂੰ ਸੰਪੂਰਨ, ਆਧੁਨਿਕ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ, ਹੁਨਰ ਸਿਖਲਾਈ ਦੀ ਪੇਸ਼ਕਸ਼ ਕੀਤੀ ਜਾ ਸਕੇ। ਬਜਟ 5,100 ਕਰੋੜ ਤੋਂ ਘਟਾ ਕੇ 3,861 ਕਰੋੜ ਕਰ ਦਿੱਤਾ ਗਿਆ। ਇੱਕ ਪਾਸੇ ਉਹ ਕਹਿੰਦੇ ਹਨ ਕਿ ਇਹ ਬਜਟ ਵਿਰਾਸਤੀ ਉਦਯੋਗਾਂ ਅਤੇ ਇੱਕ ਨੌਜਵਾਨ-ਸ਼ਕਤੀ ਬਜਟ ਨੂੰ ਵਿਕਸਤ ਕਰਨ ਦੇ ਉਦੇਸ਼ ਨਾਲ ਹੈ, ਫਿਰ ਉਨ੍ਹਾਂ ਨੇ ਇਸ ਲਈ ਬਣਾਈ ਗਈ ਯੋਜਨਾ ਦੇ ਬਜਟ ਵਿੱਚ ਕਟੌਤੀ ਕਿਉਂ ਕੀਤੀ। 16ਵੇਂ ਵਿੱਤ ਕਮਿਸ਼ਨ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਵਰਟੀਕਲ ਡੇਵੋਲੂਸ਼ਨ (ਟੈਕਸ ਪੂਲ ਵਿੱਚ ਰਾਜਾਂ ਦਾ ਕੁੱਲ ਹਿੱਸਾ) 41 ਪ੍ਰਤੀਸ਼ਤ 'ਤੇ ਰੱਖਿਆ ਗਿਆ ਹੈ। ਕੋਈ ਬਦਲਾਅ ਨਹੀਂ ਕੀਤਾ ਗਿਆ। ਵਿੱਤ ਕਮਿਸ਼ਨ ਨੇ ਰਾਜਾਂ ਦੀ ਮਾੜੀ ਹਾਲਤ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਹੈ ਅਤੇ ਰਾਜਾਂ ਨੂੰ ਦਰਪੇਸ਼ ਵਿੱਤੀ ਤਣਾਅ ਦੇ ਬਾਵਜੂਦ ਇਸ ਹਿੱਸੇ ਨੂੰ ਵਧਾਉਣ ਵਿੱਚ ਅਸਫਲ ਰਿਹਾ ਹੈ। 15ਵੇਂ ਵਿੱਤ ਕਮਿਸ਼ਨ ਵਿੱਚ ਪੰਜਾਬ ਲਈ ਹਾਰੀਜ਼ੋਂਟਲ ਡਿਵੋਲਿਊਸ਼ਨ 1.807 ਫੀਸਦ ਤੋਂ ਵਧ ਕੇ 1.996 ਪ੍ਰਤੀਸ਼ਤ ਹੋ ਗਿਆ ਹੈ। 16ਵੇਂ ਵਿੱਤ ਕਮਿਸ਼ਨ ਤੋਂ ਕੋਈ ਮਾਲੀਆ ਘਾਟਾ ਗ੍ਰਾਂਟ ਨਹੀਂ। 15ਵੇਂ ਵਿੱਤ ਕਮਿਸ਼ਨ ਨੇ ਇਨ੍ਹਾਂ ਗ੍ਰਾਂਟਾਂ ਦੀ ਸਿਫ਼ਾਰਸ਼ ਕੀਤੀ ਸੀ। ਐਸਡੀਆਰਐਫ ਦੀਆਂ ਸ਼ਰਤਾਂ ਬਹੁਤ ਜ਼ਿਆਦਾ ਸੀਮਤ ਹਨ ਅਤੇ ਆਫ਼ਤਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਘਟਾਉਣ ਅਤੇ ਪ੍ਰਬੰਧਨ ਕਰਨ ਦੀ ਪੰਜਾਬ ਵਰਗੇ ਰਾਜ ਨੂੰ ਪ੍ਰਭਾਵਤ ਕਰਨਗੀਆਂ। ਉਨ੍ਹਾਂ ਅੱਗੇ ਕਿਹਾ ਕਿ ਬਜਟ ਭਾਸ਼ਣ ਵਿੱਚ ਸੂਬੇ ਦਾ ਕੋਈ ਜ਼ਿਕਰ ਨਹੀਂ ਹੈ। ਉਹ ਪੰਜਾਬ ਅਤੇ ਪੰਜਾਬੀਆਂ ਬਾਰੇ ਪੂਰੀ ਤਰ੍ਹਾਂ ਭੁੱਲ ਗਏ ਹਨ। ਸਿੱਖਿਆ ਦੇ ਮਾਮਲੇ ਵਿੱਚ, ਇਹ ਬਹੁਤ ਹੀ ਨਿਰਾਸ਼ਾਜਨਕ ਹੈ। ਉਨ੍ਹਾਂ ਕਿਹਾ ਕਿ ਸਿੱਖਿਆ 'ਤੇ ਪਿਛਲੇ ਸਾਲ ਨਾਲੋਂ 10 ਫ਼ੀਸਦ ਤੋਂ ਘੱਟ (8 ਫ਼ੀਸਦ) ਵਾਧਾ ਹੋਇਆ ਹੈ। ਬਜਟ ਵਿੱਚ ਪਿਛਲੇ ਸਾਲ ਨਾਲੋਂ ਬਦਲਾਅ ਨਹੀਂ ਕੀਤਾ ਗਿਆ ਹੈ, ਜਿਸ ਵਿੱਚ ਪੀਐਮ-ਸ਼?ਰੀ ਯੋਜਨਾ ਲਈ 7,500 ਕਰੋੜ ਰੁਪਏ ਰੱਖੇ ਗਏ।

## NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

## NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

## NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

## NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

## NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

## NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

## NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

## NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

## NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

## PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

## PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

## PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

## NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

## PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

## NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

## NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

## PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

## NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

## NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

## NAME CHANGE
ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਲੋਕ ਭਾਗੀਦਾਰੀ ਨੂੰ ਯਕੀਨੀ ਬਣਾਉਂਦੇ ਹੋਏ ਹਰੇਕ ਗ੍ਰਾਮ ਪੰਚਾਇਤ ਅਤੇ ਵਾਰਡ ਵਿੱਚ ਵੀਲੇਜ ਡਿਫੈਂਸ ਕਮੇਟੀ ਅਤੇ ਵਾਰਡ ਡਿਫੈਂਸ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਹ ਕਮੇਟੀਆਂ ਜਿਲ੍ਹਾ ਪ੍ਰਸ਼ਾਸਨ ਨਾਲ ਮਿਲਕੇ ਨਸ਼ਿਆਂ ਦੀ ਰੋਕਥਾਮ ਲਈ ਸਰਕਾਰ ਦੀ ਸਹਾਇਤਾ ਕਰ ਰਹੀਆਂ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਕਮੇਟੀਆਂ ਪਿੰਡਾਂ ਅਤੇ ਵਾਰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨਾਂ ਬਾਰੇ ਜਾਗਰੂਕ ਕਰ ਰਹੀਆਂ ਹਨ। ਨਾਲ ਹੀ ਨਸ਼ਾ ਵੇਚਣ ਵਾਲੇ ਵਿਅਕਤੀਆਂ ਦੀ ਪਛਾਣ ਕਰਕੇ ਪ੍ਰਸ਼ਾਸਨ ਨੂੰ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਨਸ਼ਿਆਂ ਦੇ ਆਦੀ ਵਿਅਕਤੀਆਂ ਨੂੰ ਨਸ਼ਾ ਛਡਾਉ ਕੇਂਦਰਾਂ ਵਿੱਚ ਦਾਖਲ ਕਰਵਾ ਕੇ ਉਹਨਾਂ ਦੀ ਜ਼ਿੰਦਗੀ ਦੁਬਾਰਾ ਖੁਸ਼ਹਾਲ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।

ਸ਼੍ਰੀ ਰਾਜੇਸ਼ ਧੀਮਾਨ ਨੇ ਹੋਰ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਫੇਜ਼-2 ਤਹਿਤ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਅਧੀਨ ਜ਼ਿਲ੍ਹੇ ਦੇ 318 ਪੇਂਡੂ ਖੇਤਰਾਂ ਅਤੇ 151 ਸ਼ਹਿਰੀ ਖੇਤਰਾਂ ਵਿੱਚ ਨਸ਼ਾ ਮੁਕਤੀ ਯਾਤਰਾਵਾਂ ਕੱਢੀਆਂ ਗਈਆਂ ਹਨ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 2 ਫਰਵਰੀ 2026 ਤੋਂ 6 ਫਰਵਰੀ 2026 ਤੱਕ ਵੀਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਈਆਂ ਜਾਣਗੀਆਂ।

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਸਮੂਹ ਜਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੀ ਰੋਕਥਾਮ ਲਈ ਜਾਰੀ ਕੀਤੇ ਟੋਲ ਫਰੀ ਹੈਲਪਲਾਈਨ ਨੰਬਰ 9899100002 ਅਤੇ ਨਸ਼ਾ ਮੁਕਤੀ ਐਪ ਦਾ ਵੱਧ ਤੋਂ ਵੱਧ ਉਪਯੋਗ ਕੀਤਾ ਜਾਵੇ। ਉਨ੍ਹਾਂ ਭਰੋਸਾ ਦਿਵਾਇਆ ਕਿ ਨਸ਼ਿਆਂ ਸਬੰਧੀ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਦੇ ਮਾਲਵਾ ਜੋਨ ਦੇ ਇੰਚਾਰਜ ਸ੍ਰੀ ਚੁਸਪਿੰਦਰ ਸਿੰਘ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਸੰਘਰਸ਼ ਨੂੰ ਜਨ-ਅੰਦੋਲਨ ਦਾ ਰੂਪ ਦੇਣ ਲਈ ਪਿੰਡਾਂ ਅਤੇ ਵਾਰਡਾਂ ਦੇ ਲੋਕਾਂ ਦੀ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਸਪਸ਼ਟ ਕੀਤਾ ਕਿ VDC/WDC ਦੀ ਮਜ਼ਬੂਤੀ ਨਾਲ ਹੀ ਸਮਾਜ ਨੂੰ ਨਸ਼ਿਆਂ ਦੀ ਬੁਰਾਈ ਤੋਂ ਬਚਾਇਆ ਜਾ ਸਕਦਾ ਹੈ।

ਜਿਲਾ ਪੁਲਿਸ ਮੁਖੀ ਡਾ. ਜਯੋਤੀ ਯਾਦਵ ਬੈਂਸ ਨੇ ਕਿਹਾ ਕਿ ਪੁਲਿਸ ਵੱਲੋਂ ਜ਼ਿਲ੍ਹੇ ਭਰ ਵਿੱਚ ਨਸ਼ਿਆਂ ਦੀ ਤਸਕਰੀ ਅਤੇ ਵਿਕਰੀ ਵਿਰੁੱਧ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

ਇਸ ਮੌਕੇ ਨਗਰ ਸੁਧਾਰ ਟਰੱਸਟ ਬਠਿੰਡਾ ਦੇ ਚੇਅਰਮੈਨ ਸ. ਜਤਿੰਦਰ ਸਿੰਘ ਭੱਲਾ, ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਪੂਨਮ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਪਛੜੀਆਂ ਸ਼੍ਰੇਣੀਆਂ, ਘੱਟ ਗਿਣਤੀ ਵਰਗ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੇ ਉਥਾਨ ਲਈ ਪੰਜਾਬ ਸਰਕਾਰ ਯਤਨਸ਼ੀਲ : ਸੰਦੀਪ ਸੈਣੀ

**ਚੰਡੀਗੜ੍ਹ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਪਛੜੀਆਂ ਸ਼੍ਰੇਣੀਆਂ, ਭੌ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ (ਬੈਕਫਿੰਕੋ) ਵੱਲੋਂ ਸੂਬੇ ਦੀਆਂ ਪਛੜੀਆਂ ਸ਼੍ਰੇਣੀਆਂ, ਆਰਥਿਕ ਤੌਰ 'ਤੇ ਕਮਜ਼ੋਰ ਵਰਗ ਅਤੇ ਘੱਟ ਗਿਣਤੀ ਵਰਗ ਦੇ ਵਿਅਕਤੀਆਂ ਦਾ ਆਰਥਿਕ ਮਿਆਰ ਉੱਚਾ ਚੁੱਕਣ ਦੇ ਮਨੋਰਥ ਨਾਲ ਸਵੈ-ਰੁਜ਼ਗਾਰ ਸਥਾਪਿਤ ਕਰਨ ਲਈ ਅਤੇ ਵਿਦਿਆਰਥੀਆਂ ਨੂੰ ਦੇਸ਼ ਅਤੇ ਵਿਦੇਸ਼ਾਂ ਵਿੱਚ ਉਚੇਰੀ ਸਿਖਿਆ ਪ੍ਰਾਪਤ ਕਰਨ ਲਈ ਘੱਟ ਵਿਆਜ ਦੀ ਦਰ 'ਤੇ ਕਰਜੇ ਮੁਹੱਇਆ ਕਰਵਾਏ ਜਾਂਦੇ ਹਨ। ਇਹ ਜਾਣਕਾਰੀ ਬੈਕਫਿੰਕੋ ਦੇ ਚੇਅਰਮੈਨ ਸ੍ਰੀ ਸੰਦੀਪ ਸੈਣੀ ਵੱਲੋਂ ਦਿੱਤੀ ਗਈ।

ਉਨ੍ਹਾਂ ਦੱਸਿਆ ਕਿ ਪਛੜੀਆਂ ਸ਼੍ਰੇਣੀਆਂ, ਘੱਟ ਗਿਣਤੀ ਵਰਗ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੇ ਉਥਾਨ ਲਈ ਪੰਜਾਬ ਸਰਕਾਰ ਯਤਨਸ਼ੀਲ ਹੈ।

ਸ੍ਰੀ ਸੈਣੀ ਨੇ ਦੱਸਿਆ ਕਿ ਬੈਕਫਿੰਕੋ ਵੱਲੋਂ ਸਾਲ 2025-26 ਦੌਰਾਨ ਐਨ.ਐਮ.ਡੀ. ਸਕੀਮ ਅਧੀਨ ਪੰਜਾਬ ਰਾਜ ਦੇ ਘੱਟ ਗਿਣਤੀ ਵਰਗ (ਸਿੱਖ, ਮੁਸਲਿਮ, ਕ੍ਰਿਸ਼ਚਨ, ਪਾਰਸੀ, ਬੋਧੀ ਅਤੇ ਜੈਨੀ) ਦੇ ਲੋਕਾਂ ਨੂੰ 1 ਅਪ੍ਰੈਲ, 2025 ਤੋਂ 31-12-2025 ਤੱਕ 256 ਲਾਭਪਾਤਰੀਆਂ ਨੂੰ 8.25 ਕਰੋੜ ਰੁਪਏ ਕਰਜੇ ਵੰਡੇ ਜਾ ਚੁੱਕੇ ਹਨ। ਪੰਜਾਬ ਪਛੜੀਆਂ ਸ਼੍ਰੇਣੀਆਂ, ਭੌ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ (ਬੈਕਫਿੰਕੋ) ਵੱਲੋਂ ਸੂਬੇ ਦੀਆਂ ਪਛੜੀਆਂ ਸ਼੍ਰੇਣੀਆਂ, ਆਰਥਿਕ ਤੌਰ 'ਤੇ ਕਮਜ਼ੋਰ ਵਰਗ ਅਤੇ ਘੱਟ ਗਿਣਤੀ ਵਰਗ ਦੇ ਵਿਅਕਤੀਆਂ ਦਾ ਆਰਥਿਕ ਮਿਆਰ ਉੱਚਾ ਚੁੱਕਣ ਦੇ ਮਨੋਰਥ ਨਾਲ ਸਵੈ-ਰੁਜ਼ਗਾਰ ਸਥਾਪਿਤ ਕਰਨ ਲਈ ਅਤੇ ਵਿਦਿਆਰਥੀਆਂ ਨੂੰ ਦੇਸ਼ ਅਤੇ ਵਿਦੇਸ਼ਾਂ ਵਿੱਚ ਉਚੇਰੀ ਸਿਖਿਆ ਪ੍ਰਾਪਤ ਕਰਨ ਲਈ ਘੱਟ ਵਿਆਜ ਦੀ ਦਰ ਉਨ੍ਹਾਂ ਪੰਜਾਬ ਦੇ ਪਛੜੀਆਂ ਸ਼੍ਰੇਣੀਆਂ, ਘੱਟ ਗਿਣਤੀ ਵਰਗ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਵੈ-ਰੁਜਗਾਰ ਸ਼ੁਰੂ ਕਰਨ ਲਈ ਬੈਕਫਿੰਕੋ ਨਾਲ ਸੰਪਰਕ ਕਰਨ।

# ਸਾਹਿਬਜ਼ਾਦਿਆਂ ਦੀ ਯਾਦ 'ਚ ਖੂਨਦਾਨ ਕੈਂਪ



**ਰਤੀਆ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ 13-13 ਚੈਰੀਟੇਬਲ ਟਰੱਸਟ ਦੇ ਸੰਸਥਾਪਕ ਗੁਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਚਾਰ ਸਾਹਿਬਜ਼ਾਦਿਆਂ ਅਤੇ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਖੂਨਦਾਨ ਕੈਂਪ ਲਗਾਇਆ ਗਿਆ। ਕੈਂਪ ਵਿੱਚ ਵੱਡੀ ਗਿਣਤੀ ਵਿੱਚ ਵਿਅਕਤੀਆਂ ਨੇ ਸ਼ਿਰਕਤ ਕੀਤੀ ਅਤੇ ਖੂਨਦਾਨ ਕੀਤਾ।

ਲਗਪਗ 71 ਯੂਨਿਟ ਖੂਨਦਾਨ ਕੀਤਾ ਗਿਆ। ਇਸ ਮੌਕੇ ਸੰਸਥਾ ਨੇ ਲੜਕੀਆਂ ਲਈ ਇੱਕ ਮੁਫਤ ਸਿਲਾਈ ਸਿਖਲਾਈ ਕੇਂਦਰ ਵੀ ਸ਼ੁਰੂ ਕੀਤਾ ਜਿਸ ਵਿੱਚ ਸਿਲਾਈ ਕਲਾਸਾਂ ਇਸ ਹਫ਼ਤੇ ਸ਼ੁਰੂ ਹੋ ਰਹੀਆਂ ਹਨ। ਜ਼ਿਕਰਯੋਗ ਹੈ ਕਿ ਸਥਾਨਕ ਲੋਕਾਂ ਨੇ ਖੂਨਦਾਨ ਕੈਂਪ ਅਤੇ ਸਿਲਾਈ ਕੇਂਦਰ ਲਈ ਸਮਰਥਨ ਦਿੱਤਾ।

ਬਹੁਤ ਸਾਰੇ ਵਾਲੰਟੀਅਰਾਂ ਨੇ ਉਤਸ਼ਾਹ ਨਾਲ ਸਵੈ-ਇੱਛਾ ਨਾਲ ਸੇਵਾ ਕੀਤੀ। ਗੁਰਜੀਤ ਸਿੰਘ ਰਤੀਆ ਦੀ ਟੀਮ ਨੇ ਕਿਹਾ ਕਿ ਹਮੇਸ਼ਾ ਵਾਂਗ ਇਸ ਸਾਲ ਸਾਹਿਬਜ਼ਾਦਿਆਂ ਅਤੇ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਖੂਨਦਾਨ ਕੈਂਪ ਲਾਇਆ ਗਿਆ ਹੈ। ਇਸ ਮੌਕੇ 'ਤੇ ਟਰੱਸਟ ਦੇ ਉਪ ਪ੍ਰਧਾਨ, ਹਰਦੇਵ ਸਿੰਘ, ਹਰਮਨ ਕੰਵਲਗੜ੍ਹ, ਹੈਪੀ, ਵਿਵੇਕ ਠਾਕੁਰ, ਅੰਮ੍ਰਿਤਪਾਲ ਸਿੰਘ, ਅਭਿਸ਼ੇਕ, ਅਮਨ, ਗੁਰਪ੍ਰੀਤ, ਸਾਹਿਲ, ਸੁਖਚੈਨ, ਪ੍ਰਵੀਨ ਮਰਾਠਾ ਤੇ ਤੀਰਥ ਗਰਗ ਮੌਜੂਦ ਸਨ।

# ਜਿਲਾ ਰੂਪਨਗਰ ਦੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਵਧਾਉਣ ਲਈ ਜਾਗਰੂਕਤਾ ਮੁਹਿੰਮ ਦਾ ਆਗਾਜ

**ਸ੍ਰੀ ਆਨੰਦਪੁਰ ਸਾਹਿਬ,1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਅਤੇ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤੇ ਸੂਬੇ ਦੇ ਸਰਕਾਰੀ ਸਕੂਲਾਂ ▾ਚ ਸੈਸ਼ਨ 2026-27 ਲਈ ਪ੍ਰੀ-ਪ੍ਰਾਇਮਰੀ ਜਮਾਤਾਂ ਤੋਂ ਬਾਰ੍ਹਵੀਂ ਜਮਾਤਾਂ ਤੱਕ ਦੇ ਦਾਖ਼ਲਿਆਂ ਨੂੰ ਭਰਵਾਂ ਹੁੰਗਾਰਾ ਦੇਣ ਲਈ ਵਿਸ਼ੇਸ਼ ਮੁਹਿੰਮ ਅਰੰਭੀ ਗਈ ਹੈ।

ਇਸ ਮੁਹਿੰਮ ਤਹਿਤ ਅੱਜ ਬਲਾਕ ਸ੍ਰੀ ਅਨੰਦਪੁਰ ਸਾਹਿਬ ਤੋਂ ਜ਼ਿਲਾ ਰੂਪਨਗਰ ਦੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਵਧਾਉਣ ਲਈ ਸ੍ਰੀ ਸਮਸ਼ੇਰ ਸਿੰਘ ਜਿਲਾ ਸਿੱਖਿਆ ਅਫਸਰ ਪ੍ਰਾਇਮਰੀ ਨੇ ਹਰੀ ਝੰਡੀ ਦੇ ਕੇ ਦਾਖਲਾ ਜਾਗਰੂਕਤਾ ਵੈਨ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਸੋਹਣ ਸਿੰਘ ਬੈਂਸ ਪਿਤਾ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਨੇ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕੀਤੀ।

ਇਸ ਮੌਕੇ ਸ਼ਮਸ਼ੇਰ ਸਿੰਘ ਜਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ, ਡਾਇਟ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਭੂਟਾਨੀ ਅਤੇ ਉਪ ਜਿਲਾ ਸਿੱਖਿਆ ਅਫਸਰ ਸੈਕੰਡਰੀ ਇੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਵਚਨਬੱਧ ਹੈ ਅਤੇ ਸਿੱਖਿਆ ਵਿੱਚ ਸੁਧਾਰ ਲਿਆਉਣ ਲਈ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ ਅਤੇ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਹਰ ਪ੍ਰਕਾਰ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਰਾਜ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਦਿਨ ਰਾਤ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮਨੋਰਥ ਪੰਜਾਬ ਅੰਦਰ ਲੋਕਾਂ ਨੂੰ ਵਧੀਆ ਸਿੱਖਿਆ ਪ੍ਰਣਾਲੀ ਦੀਆਂ



ਸਹੂਲਤਾਂ ਪ੍ਰਦਾਨ ਕਰਨਾ ਹੈ ਤਾਂ ਜੋ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹਿ ਜਾਵੇ।

ਇਸ ਮੌਕੇ ਸੋਹਣ ਸਿੰਘ ਬੈਂਸ ਅਤੇ ਮਨਜੀਤ ਸਿੰਘ ਮਾਵੀ ਬਲਾਕ ਪ੍ਰਾਇਮਰੀ ਸਿੱਖਿਆ ਸ਼੍ਰੀ ਅਨੰਦਪੁਰ ਸਾਹਿਬ ਨੇ ਕਿਹਾ ਕਿ ਮਾਨ ਸਰਕਾਰ ਪੰਜਾਬ ਦੇ ਰੌਸ਼ਨ ਭਵਿੱਖ ਲਈ ਸਿੱਖਿਆ ਢਾਂਚੇ ਨੂੰ ਕੌਮਾਂਤਰੀ ਪੱਧਰ 'ਤੇ ਲਿਜਾਣ ਲਈ ਵਚਨਬੱਧ ਹੈ ਅਤੇ ਇਸ ਤਹਿਤ ਸੂਬੇ ਵਿੱਚ 100 ਸਕੂਲ ਆਫ ਐਮੀਨੈਂਸ ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਦੇ ਨਾਲ ਨਾਲ ਪੰਜਾਬ ਸਰਕਾਰ ਵੱਲੋਂ ਸਿੱਖਿਆ ਨੂੰ ਹੋਰ ਬਿਹਤਰ ਬਣਾਉਣ ਲਈ ਅਧਿਆਪਕ ਨੂੰ ਸਿੰਘਾਪੁਰ ਤੇ ਫਿਨਲੈਂਡ ਵਰਗੇ ਦੇਸ਼ਾਂ ਵਿੱਚ ਟ੍ਰੇਨਿੰਗ ਲਈ ਭੇਜਿਆ ਗਿਆ ਹੈ। ਅੱਜ ਇਹ ਦਾਖਲਾ ਜਾਗਰੁਕਤ ਵੈਨ ਸ੍ਰੀ ਅਨੰਦਪੁਰ ਸਾਹਿਬ ਬਲਾਕ ਤੋਂ ਨੰਗਲ, ਝੱਜ ,ਤਖਤਗੜ੍ਹ ਤੋਂ ਹੁੰਦੀ ਹੋਈ ਬਲਾਕ ਕੀਰਤਪੁਰ ਸਾਹਿਬ ਜਾ ਕੇ ਸਮਾਪਤ ਹੋਈ।

ਇਸ ਮੌਕੇ ਸੁਪਰਡੈਂਟ ਮਲਕੀਤ ਸਿੰਘ ਭੱਠਲ, ਸੁਨੀਤਾ ਧੀਮਾਨ, ਕਮਲਜੀਤ ਕੌਰ, ਬਲਜਿੰਦਰ ਸਿੰਘ ਢਿੱਲੋਂ, ਜਸਵੀਰ ਸਿੰਘ ਸਾਰੇ ਸੀਐਚਟੀ, ਸੁਰਿੰਦਰ ਸਿੰਘ ਭਟਨਾਗਰ, ਮੀਹਮਲ ਸਿੰਘ, ਮਨਿੰਦਰ ਸਿੰਘ ਰਾਣਾ, ਕੁਲਦੀਪ ਪਰਮਾਰ, ਸੁਰਿੰਦਰ ਕਾਲੀਆ, ਜੋਗਾ ਸਿੰਘ,ਬਲਵੀਰ ਸਿੰਘ,ਜਸਵੀਰ ਸਿੰਘ, ਇੰਦਰਦੀਪ ਸਿੰਘ, ਗੁਰਜੀਤ ਕੌਰ, ਰਵਿੰਦਰ ਕੌਰ, ਸੋਨੀਆ, ਕਮਲਪ੍ਰੀਤ ਕੌਰ,ਬੰਦਨਾ ਪੁਰੀ ,ਮਨਿੰਦਰ ਕੌਰ ,ਮੋਨੀਕਾ ਦੇਵੀ,ਪਰਮਜੀਤ ਕੌਰ ,ਹਰਪ੍ਰੀਤ ਕੌਰ,ਸੋਨਿਕਾ ਸ਼ਰਮਾ,ਰੰਜਨਾ ਰਾਣੀ,ਜਸਵਿੰਦਰ ਕੌਰ ਆਦ ਅਧਿਆਪਕ ਹਾਜ਼ਰ ਸਨ।

# ਵਿਧਾਇਕ ਨੇ ਅਰਨੀਵਾਲਾ ਸਬ ਤਹਿਸੀਲ ਦੀ ਇਮਾਰਤ ਦੇ ਨਵੀਨੀਕਰਨ ਦਾ ਰੱਖਿਆ ਨੀਹ ਪੱਥਰ



**ਫਾਜ਼ਿਲਕਾ,1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਜਲਾਲਾਬਾਦ ਤੋਂ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਅੱਜ ਪੰਜਾਬ ਦੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੇ ਉਪਰਾਲੇ ਅਤੇ ਮਾਲ ਅਤੇ ਮੁੜ ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆ ਦੀ ਅਗਵਾਈ ਹੇਠ ਸਵਾ 2 ਕਰੋੜ ਦੀ ਲਾਗਤ ਨਾਲ ਅਰਨੀਵਾਲਾ ਸਬ ਤਹਿਸੀਲ ਦੀ ਇਮਾਰਤ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਨਾਂ ਨੇ ਬੋਲਦਿਆਂ ਕਿਹਾ ਕਿ ਇਸ ਇਮਾਰਤ ਦੇ ਵਿੱਚ ਮਾਲ ਵਿਭਾਗ ਨਾਲ ਸਬੰਧਿਤ ਸਾਰੀਆਂ ਸਹੂਲਤਾਂ ਇਲਾਕਾ ਵਾਸੀਆਂ ਨੂੰ ਇਕ ਥਾਂ ਹੇਠ ਮੁਹੱਈਆ ਕਰਵਾ ਕੇ ਦਿੱਤੀਆਂ ਜਾਣਗੀਆਂ। ਉਨਾਂ ਕਿਹਾ ਕਿ ਸਬ ਤਹਿਸੀਲ ਦੀ ਨਵੀਂ ਇਮਾਰਤ 6 ਮਹੀਨਿਆਂ ਵਿੱਚ ਤਿਆਰ ਕਰਕੇ ਲੋਕਾਂ ਦੇ ਸਪੁਰਦ ਕਰ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਅਰਨੀਵਾਲਾ ਬਲਾਕ ਵਿੱਚ 28 ਲਿੰਕ ਸੜਕਾਂ ਦੀ ਰਿਪੇਅਰ ਅਤੇ ਨਵੀਨੀਕਰਨ ਦਾ ਕੰਮ ਚੱਲ ਰਿਹਾ ਹੈ।ਹਲਕਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਦੱਸਿਆ ਕਿ ਬਲਾਕ ਅਰਨੀਵਾਲਾ ਦੇ ਕਿਸਾਨਾਂ ਦੇ ਪੱਕੇ ਖਾਲਾਂ ਦਾ ਕੰਮ ਵੀ ਜੰਗੀ ਪੱਧਰ 'ਤੇ ਚੱਲ ਰਿਹਾ ਹੈ।

ਉਨ੍ਹਾਂ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਜੋ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਹੈ ਜਿਸ ਦਾ ਪੰਜਾਬ ਵਾਸੀਆਂ ਨੂੰ ਬਹੁਤ ਫਾਇਦਾ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਜੋ ਸਹੂਲਤਾਂ ਪੰਜਾਬ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਹਨ ਉਹ ਆਪਣੇ ਆਪ ਵਿੱਚ ਇੱਕ ਰਿਕਾਰਡ ਹੈ। ਵਿਧਾਇਕ ਜਗਦੀਪ ਕੰਬੋਜ ਨੇ ਕਿਹਾ ਕਿ ਅਰਨੀਵਾਲਾ ਨਗਰ ਪੰਚਾਇਤ ਵਿੱਚ ਸੀਵਰੇਜ ਦਾ ਕੰਮ ਵੀ 90 ਫੀਸਦੀ ਮੁਕੰਮਲ ਕਰ ਦਿੱਤਾ ਗਿਆ ਹੈ।

## ਸੰਪਾਦਕੀ

# ਨਵੇਂ ਨੇਮਾਂ ’ਤੇ ਰੋਕ ਲਗਾਉਣ ਦੇ ਸੁਪਰੀਮ ਕੋਰਟ ਦੇ ਫ਼ੈਸਲੇ

ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਦੇ 2026 ਵਾਲੇ ਨਵੇਂ ਨੇਮਾਂ ’ਤੇ ਰੋਕ ਲਗਾਉਣ ਦੇ ਸੁਪਰੀਮ ਕੋਰਟ ਦੇ ਫ਼ੈਸਲੇ ਤੋਂ ਪਤਾ ਲੱਗਦਾ ਹੈ ਕਿ ਚੰਗੇ ਇਰਾਦੇ ਠੋਸ ਸੰਵਿਧਾਨਕ ਨੇਮਾਂ ਦਾ ਬਦਲ ਨਹੀਂ ਹੋ ਸਕਦੇ। ਹਾਲਾਂਕਿ, ਇਹ ਨਿਯਮ ਉੱਚ ਸਿੱਖਿਆ ਖੇਤਰ ਵਿੱਚ ਹੋਣ ਵਾਲੇ ਜਾਤੀ-ਆਧਾਰਿਤ ਵਿਤਕਰਿਆਂ ਨੂੰ ਰੋਕਣ ਦੇ ਉਦੇਸ਼ ਤਹਿਤ ਬਣਾਏ ਜਾਣ ਦਾ ਦਾਅਵਾ ਕੀਤਾ ਗਿਆ ਸੀ, ਪਰ ਇਨ੍ਹਾਂ ਨਿਯਮਾਂ ਵਿਚਲੀ ਅਸਪੱਸ਼ਟਤਾ, ਵਿਆਪਕਤਾ ਅਤੇ ਇੱਕ ਵਿਸ਼ੇਸ਼ ਵਰਗ ਨੂੰ ਅਲੱਗ ਥਲੱਗ ਕਰ ਦੇਣ ਵਾਲੇ ਇਨ੍ਹਾਂ ਦੇ ਖ਼ਾਸੇ ਨੇ ਵਿਆਪਕ ਪੱਧਰ ’ਤੇ ਚਿੰਤਾ ਪੈਦਾ ਕੀਤੀ ਹੈ। ਇਸ ਵਿਵਾਦ ਦੇ ਮੁੱਢ ਵਿੱਚ ਵੀ ਜਾਤੀ ਆਧਾਰਿਤ ਵਿਤਕਰੇ ਦੀ ਪਰਿਭਾਸ਼ਾ ਹੀ ਪਈ ਹੈ। ਇਸ ਦੇ ਘੇਰੇ ਨੂੰ ਮੁੱਖ ਤੌਰ ’ਤੇ ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ ਅਤੇ ਹੋਰ ਪੱਛੜੇ ਵਰਗਾਂ ਤੱਕ ਸੀਮਤ ਕਰਨ ਕਰਕੇ ਇਨ੍ਹਾਂ ਨਿਯਮਾਂ ਨੇ ਵਿਤਕਰੇ ਦੀ ਇੱਕ ਸੌੜੀ ਲੀਹ ਪਾਉਣ ਦੀ ਕੋਸ਼ਿਸ਼ ਕੀਤੀ ਹੈ। ਸਿੱਖਿਆ ਸੰਸਥਾਵਾਂ ਵਿੱਚ ਹੋਣ ਵਾਲਾ ਵਿਤਕਰਾ ਕਦੇ ਇੰਨਾ ਉੱਘੜਵਾਂ ਨਹੀਂ ਹੁੰਦਾ ਕਿ ਉਸ ਨੂੰ ਸੌਖਿਆਂ ਹੀ ਵਰਗੀਕ੍ਰਿਤ ਕੀਤਾ ਜਾ ਸਕੇ ਅਤੇ ਨਾ ਹੀ ਉਹ ਛੇਤੀ ਕਿਤੇ ਠੱਲ੍ਹਿਆ ਜਾ ਸਕਣ ਵਾਲਾ ਹੁੰਦਾ ਹੈ। ਸੰਵਿਧਾਨ ਸਾਰੇ ਨਾਗਰਿਕਾਂ ਨੂੰ ਸਮਾਨਤਾ ਅਤੇ ਸਨਮਾਨ ਦੀ ਗਾਰੰਟੀ ਦਿੰਦਾ ਹੈ। ਕੋਈ ਵੀ ਰੈਗੂਲੇਟਰੀ ਢਾਂਚਾ ਜੋ ਪੀੜਤਾਂ ਦੀ ਪਛਾਣ ਚੋਣਵੇਂ ਢੰਗ ਨਾਲ ਕਰਦਾ ਹੈ, ਉਹ ਸੁਰੱਖਿਆ ਦੇਣ ਦੇ ਆਪਣੇ ਮੁੱਢਲੇ ਵਾਅਦੇ ਨੂੰ ਕਮਜ਼ੋਰ ਕਰ ਸਕਦਾ ਹੈ। ਅਦਾਲਤ ਵੱਲੋਂ ਨਿਯਮਾਂ ਨੂੰ ‘ਬਹੁਤ ਜ਼ਿਆਦਾ ਵਿਆਪਕ’ ਦੱਸਿਆ ਗਿਆ ਹੈ, ਜੋ ਇੱਕ ਹੋਰ ਗੰਭੀਰ ਨੁਕਸ ਵੱਲ ਇਸ਼ਾਰਾ ਕਰਦਾ ਹੈ: ਨਿਯਮਾਂ ਦੀ ਦੁਰਵਰਤੋਂ ਦੀ ਸੰਭਾਵਨਾ। ਅਸਪੱਸ਼ਟ ਸ਼ਬਦਾਂ ਵਾਲੀਆਂ ਸ਼ਰਤਾਂ ਦੇ ਨਾਲ ਨਾਲ ਇਨ੍ਹਾਂ ਉੱਤੇ ਅਮਲ ਲਈ ਸਖ਼ਤੀ ਵਰਤਣ ਨਾਲ ਯੂਨੀਵਰਸਿਟੀਆਂ ਵਿੱਚ ਖੁੱਲ੍ਹਾ ਸੰਵਾਦ ਅਤੇ ਸੰਸਥਾਗਤ ਸੁਧਾਰ ਨੂੰ ਉਤਸ਼ਾਹਿਤ ਕਰਨ ਦੀ ਥਾਂ ਖ਼ੌਫ਼ਜ਼ਦਾ ਕਰਨ ਵਾਲੇ ਪ੍ਰਸ਼ਾਸਨ ਨੂੰ ਹੱਲਾਸ਼ੇਰੀ ਮਿਲ ਸਕਦੀ ਹੈ। ਸੰਵਾਦ ਅਤੇ ਸੰਸਥਾਗਤ ਸੁਧਾਰ ਉਹ ਗੁਣ ਹਨ, ਜਿਨ੍ਹਾਂ ’ਤੇ ਯੂਨੀਵਰਸਿਟੀ ਕੈਂਪਸ ਮੌਲਦੇ ਵਿਗਸਦੇ ਹਨ। 2012 ਦੇ ਯੂ ਜੀ ਸੀ ਨਿਯਮਾਂ ਨੂੰ ਫਿਲਹਾਲ ਲਾਗੂ ਰੱਖਣ ਦਾ ਅਦਾਲਤੀ ਫ਼ੈਸਲਾ ਵੀ ਓਨਾ ਹੀ ਮਹੱਤਵਪੂਰਨ ਹੈ ਕਿਉਂਕਿ ਇਹ ਇਸ ਸਮੇਂ ਦੌਰਾਨ ਵਿਤਕਰੇ ਤੋਂ ਸੁਰੱਖਿਆ ਨੂੰ ਯਕੀਨੀ ਬਣਾਉਂਦਾ ਹੈ। ਇਹ ਘਟਨਾ ਇੱਕ ਵੱਡਾ ਸਵਾਲ ਖੜ੍ਹਾ ਕਰਦੀ ਹੈ: ਕੀ ਅਸੀਂ ਵਿਤਕਰੇ ਨੂੰ ਸਮਾਜ ਦੇ ਕਈ ਵਰਗਾਂ ਵੱਲੋਂ ਹੰਢਾਈ ਜਾਂਦੀ ਸਮੱਸਿਆ ਵਜੋਂ ਸੰਬੋਧਿਤ ਕਰ ਰਹੇ ਹਾਂ ਜਾਂ ਇਸ ਨੂੰ ਅਫ਼ਸਰਸ਼ਾਹੀ ਵੱਲੋਂ ਕੀਤੀ ਜਾਣ ਵਾਲੀ ਇੱਕ ਕਾਗਜ਼ੀ ਕਾਰਵਾਈ ਤੱਕ ਹੀ ਸੀਮਤ ਕਰ ਰਹੇ ਹਾਂ। ਜੇਕਰ ਬਰਾਬਰੀ ਦੀਆਂ ਨੀਤੀਆਂ ਨੂੰ ਦਬਾਅ ਜਾਂ ਸਿਆਸੀ ਦਿਖਾਵੇ ਦੇ ਸੰਕੇਤ ਵਜੋਂ ਲਿਆ ਜਾਂਦਾ ਹੈ ਤਾਂ ਉਹ ਵਿਰੋਧ ਅਤੇ ਮੁਕੱਦਮੇਬਾਜ਼ੀ ਨੂੰ ਸੱਦਾ ਦੇਣਗੀਆਂ। ਯੂ ਜੀ ਸੀ ਕੋਲ ਹੁਣ ਆਪਣੇ ਨਿਯਮਾਂ ਨੂੰ ਮੁੜ ਵਾਚਣ, ਸਮੀਖਿਆ ਕਰਨ ਅਤੇ ਉਨ੍ਹਾਂ ਨੂੰ ਮੁੜ ਸੋਧਣ ਦਾ ਮੌਕਾ ਹੈ। ਉੱਚ ਸਿੱਖਿਆ ਖੇਤਰ ਵਿੱਚ ਸਮਾਜਿਕ ਨਿਆਂ ਨੂੰ ਯਕੀਨੀ ਬਣਾਉਣ ਲਈ ਮੁੱਠੀ ਭਰ ਲੋਕਾਂ ਵੱਲੋਂ ਤਿਆਰ ਕੀਤੇ ਗਏ ਨਿਯਮਾਂ ਦੀ ਥਾਂ ਸੰਵੇਦਨਸ਼ੀਲਤਾ, ਸਲਾਹ-ਮਸ਼ਵਰੇ ਅਤੇ ਸਟੀਕਤਾ ਦੀ ਲੋੜ ਹੈ। ਸਹੀ ਅਰਥਾਂ ਵਿੱਚ ਬਣਿਆ ਇੱਕ ਸਮਾਵੇਸ਼ੀ ਢਾਂਚਾ ਹੀ ਵਿਆਪਕ ਤੌਰ ’ਤੇ ਲਾਗੂ ਅਤੇ ਸੰਸਥਾਗਤ ਤੌਰ ’ਤੇ ਕਾਰਜਸ਼ੀਲ ਹੋਣਾ ਚਾਹੀਦਾ ਹੈ।

## ਭਾਰਤੀ ਅਰਥਵਿਵਸਥਾ ਨੂੰ ਲਚਕੀਲਾ ਬਣਾਉਣ ਦੇ ਸਮਰੱਥ ਆਰਥਿਕ ਸਰਵੇਖਣ

ਆਰਥਿਕ ਸਰਵੇਖਣ 2025-26 ਭਾਰਤੀ ਅਰਥਵਿਵਸਥਾ ਨੂੰ ਲਚਕੀਲਾ, ਗਤੀਸ਼ੀਲ ਅਤੇ ਵਿਸ਼ਵਵਿਆਪੀ ਰੁਕਾਵਟਾਂ ਦਾ ਸਾਹਮਣਾ ਕਰਨ ਦੇ ਸਮਰੱਥ ਦੱਸਦਾ ਹੈ। ਇਸ ਦੇ ਨਾਲ ਹੀ ਇਹ ਉਨ੍ਹਾਂ ਚੁਣੌਤੀਆਂ ਨੂੰ ਵੀ ਉਜਾਗਰ ਕਰਦਾ ਹੈ, ਜਿਨ੍ਹਾਂ ਸਬੰਧੀ ਬਹੁਤ ਸਾਵਧਾਨ ਹੋ ਕੇ ਨੀਤੀਆਂ ਬਣਾਉਣ ਦੀ ਲੋੜ ਹੈ। ਮੌਜੂਦਾ ਵਿੱਤੀ ਵਰ੍ਹੇ ਦੌਰਾਨ ਭਾਰਤ ਦੀ ਜੀ ਡੀ ਪੀ 7.4 ਫ਼ੀਸਦੀ ਤੱਕ ਪਹੁੰਚਣ ਦੀ ਸੰਭਾਵਨਾ ਦੱਸੀ ਗਈ ਹੈ, ਜੋ ਦੁਨੀਆ ਵਿੱਚ ਸਭ ਤੋਂ ਤੇਜ਼ੀ ਨਾਲ ਵਧਣ ਵਾਲੀ ਜੀ ਡੀ ਪੀ ਹੋਵੇਗੀ। 2026-27 ਦੌਰਾਨ ਜੀ ਡੀ ਪੀ 6.8-7.2 ਫ਼ੀਸਦੀ ਰਹਿਣ ਦੀ ਸੰਭਾਵਨਾ ਹੈ, ਜੋ ਭੂ-ਸਿਆਸੀ ਤਣਾਅ, ਵਪਾਰਕ ਰੁਕਾਵਟਾਂ ਤੇ ਵਿਸ਼ਵ ਪੱਧਰ ’ਤੇ ਬਾਜ਼ਾਰ ਨੂੰ ਪ੍ਰਭਾਵਿਤ ਕਰਨ ਵਾਲੀ ਵਿੱਤੀ ਅਸਥਿਰਤਾ ਨੂੰ ਧਿਆਨ ਵਿੱਚ ਰੱਖ ਕੇ ਦੱਸੀ ਗਈ ਹੈ। ਸਾਵਧਾਨੀ ਤੇ ਆਸ਼ਾਵਾਦੀ ਦ੍ਰਿਸ਼ਟੀਕੋਣ ਨਾਲ ਜਤਾਈ ਗਈ ਇਹ ਉਮੀਦ ਘਰੇਲੂ ਮੰਗ, ਖਪਤ ਅਤੇ ਨਿਵੇਸ਼ ਦੀ ਤਾਕਤ ਨੂੰ ਦਰਸਾਉਂਦੀ ਹੈ ਜਦੋਂਕਿ ਟੈਰਿਫ ਤੋਂ ਲੈ ਕੇ ਸਪਲਾਈ ਚੇਨ ਵਿੱਚ ਤਣਾਅ ਦੇ ਬਾਹਰੀ ਜੋਖ਼ਮ ਇਸ ਨੂੰ ਖੋਰਾ ਵੀ ਲਾਉਂਦੇ ਹਨ। ਸਰਵੇਖਣ ਯਥਾਰਥਵਾਦ ਤੋਂ ਪਿੱਛੇ ਨਹੀਂ ਹਟਦਾ। ਇਹ ਦੱਸਦਾ ਹੈ ਕਿ ਵਿਸ਼ਵਵਿਆਪੀ ਆਰਥਿਕ ਪ੍ਰਣਾਲੀ ਹੁਣ ਕਰੰਸੀ ਦੀ ਮਜ਼ਬੂਤੀ ਜਾਂ ਸ਼ਰਤੀਆ ਪੂੰਜੀ ਪ੍ਰਵਾਹ ਨੂੰ ਸਫ਼ਲਤਾ ਦੀ ਜ਼ਾਮਨ ਨਹੀਂ ਮੰਨਦੀ, ਜਦੋਂਕਿ ਏ ਆਈ ਵਰਗੀਆਂ ਨਵੀਆਂ ਤਕਨੀਕਾਂ ਤੋਂ ਹੋਣ ਵਾਲੇ ਮੁਨਾਫ਼ੇ ਸਾਵੇਂ ਨਹੀਂ ਅਤੇ ਇਨ੍ਹਾਂ ਦੀ ਸਫ਼ਲਤਾ ਲਈ ਸਹਾਇਕ ਮਨੁੱਖੀ ਸਰੋਤਾਂ ਅਤੇ ਰੈਗੂਲੇਟਰੀ ਢਾਂਚੇ ਦੀ ਲੋੜ ਹੁੰਦੀ ਹੈ। ਸਰਵੇਖਣ ਰਾਹੀਂ ਦਰਸਾਇਆ ਗਿਆ ਉਤਸ਼ਾਹੀ ਰਾਹ ‘ਸਵਦੇਸ਼ੀ ਤੋਂ ਰਣਨੀਤਕ ਲਚਕੀਲੇਪਣ ਅਤੇ ਰਣਨੀਤਕ ਤੌਰ ਲਾਜ਼ਮੀ ਹੋਣ ਤੱਕ’ ਭਾਰਤ ਦੀ ਆਰਥਿਕ ਤਾਕਤ ਦੀ ਪਰਖ ਕਰੇਗਾ। ਦੁਨੀਆ ਨੂੰ ‘ਭਾਰਤੀ ਚੀਜ਼ਾਂ ਖਰੀਦਣ ਬਾਰੇ ਸੋਚਣ’ ਤੋਂ ‘ਬਿਨਾਂ ਸੋਚੇ ਭਾਰਤੀ ਚੀਜ਼ਾਂ ਖਰੀਦਣ’ ਵੱਲ ਲਿਜਾਣਾ ਇੱਕ ਮੁਸ਼ਕਿਲ ਕੰਮ ਹੋਵੇਗਾ। ਇਸ ਲਈ ਲੋੜੀਂਦੇ ਉਤਪਾਦਨ ਖੇਤਰ ਨੂੰ ਮਜ਼ਬੂਤ ਕਰਨ ਲਈ ਬਹੁਤ ਜ਼ਿਆਦਾ ਵਚਨਬੱਧਤਾ ਦੀ ਲੋੜ ਹੋਵੇਗੀ। ਭਾਰਤ-ਅਮਰੀਕਾ ਵਪਾਰ ਸਮਝੌਤੇ ਬਾਰੇ ਅਨਿਸ਼ਚਿਤਤਾ ਬਣੀ ਰਹੇਗੀ ਕਿਉਂਕਿ ਇਸ ਬਾਰੇ ਸਰਵੇਖਣ ਵਿੱਚ ਸਿਰਫ਼ ਇਹੀ ਕਿਹਾ ਗਿਆ ਹੈ ਕਿ ਚੱਲ ਰਹੀ ਗੱਲਬਾਤ ‘ਇਸ ਵਰ੍ਹੇ ਦੌਰਾਨ ਖ਼ਤਮ ਹੋਣ ਦੀ ਉਮੀਦ’ ਹੈ। ਫਿਲਹਾਲ, ਭਾਰਤ ਉਮੀਦ ਕਰ ਰਿਹਾ ਹੈ ਕਿ ਯੂਰਪੀ ਸੰਘ ਨਾਲ ਹੋਏ ਇਤਿਹਾਸਕ ਸਮਝੌਤੇ ਮਗਰੋਂ ਮਿਲਿਆ ਉਤਸ਼ਾਹ ਥੋੜਚਿਰਾ ਨਹੀਂ ਹੋਵੇਗਾ।

ਇਸ ਸਰਵੇਖਣ ’ਚ ਇਸ ਗੱਲ ’ਤੇ ਜ਼ੋਰ ਦਿੱਤਾ ਗਿਆ ਹੈ ਕਿ ਦੋ ਦਹਾਕਿਆਂ ਪੁਰਾਣੇ ਆਰ ਟੀ ਆਈ ਐਕਟ ਨੂੰ ਮੁੜ ਘੋਖਿਆ ਜਾਵੇ ਤਾਂ ਜੋ ਗੁਪਤ ਰਿਪੋਰਟਾਂ ਅਤੇ ਖਰੜੇ ਦੀਆਂ ਟਿੱਪਣੀਆਂ ਨੂੰ ਜਨਤਕ ਕਰਨ ਤੋਂ ਛੋਟ ਮਿਲ ਸਕੇ ਕਿਉਂਕਿ ਇਨ੍ਹਾਂ ਨੂੰ ਜਨਤਕ ਕਰਨਾ ਸ਼ਾਸਨ ਕਰਨ ਦੀ ਸਮਰੱਥਾ ਨੂੰ ਘਟਾਉਂਦਾ ਹੈ। ਇਹ ਸੁਝਾਅ ਸਿਆਸੀ ਤੌਰ ’ਤੇ ਵੰਡੀਆਂ ਪਾਉਣ ਵਾਲਾ ਹੈ ਕਿਉਂਕਿ ਕਾਂਗਰਸ ਦੀ ਅਗਵਾਈ ਵਾਲੀ ਯੂ ਪੀ ਏ ਸਰਕਾਰ ਨੇ ਹੀ ਇਸ ਨਾਗਰਿਕ-ਕੇਂਦਰਿਤ ਕਾਨੂੰਨ ਨੂੰ ਲਾਗੂ ਕੀਤਾ ਸੀ। ਮਗਨਰੇਗਾ ਵਿਵਾਦ ਤੋਂ ਬਾਅਦ ਮੋਦੀ ਸਰਕਾਰ ਲਈ ਇਹ ਵਧੇਰੇ ਸਹੀ ਹੋਵੇਗਾ ਕਿ ਕਿਸੇ ਪੁਰਾਣੇ ਕਾਨੂੰਨ ਦੀ ਸਮੀਖਿਆ ਕਰਨ ਤੋਂ ਪਹਿਲਾਂ ਆਰਥਿਕ ਤੌਰ ’ਤੇ ਇੱਕ ਮਜ਼ਬੂਤ ਆਧਾਰ ਤਿਆਰ ਕੀਤਾ ਜਾਵੇ।

# ਟਰਾਂਸਪੋਰਟ ਵਿਭਾਗ ਦੀਆਂ ਮਨਮਾਨੀਆਂ ਤੋਂ ਲੋਕ ਦੁਖੀ; ਹਾਈ ਸਕਿਓਰਟੀ ਨੰਬਰ ਪਲੇਟਾਂ ਲਗਾਉਣ ਵਾਲੀ ਕੰਪਨੀ ਦਾ ਠੇਕਾ ਹੋਇਆ ਖਤਮ

## ਨੰਬਰ ਪਲੇਟਾਂ ਲਗਵਾਉਣ ਵਾਲੇ ਲੋਕ ਹੋ ਰਹੇ ਹਨ ਖੱਜਲ ਖੁਆਰ

**ਪਟਿਆਲਾ, 1 ਫਰਵਰੀ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਅੰਦਰ ਜਿਸ ਦਿਨ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਸੰਭਾਲੀ ਹੈ, ਉਸ ਦਿਨ ਤੋਂ ਟਰਾਂਸਪੋਰਟ ਵਿਭਾਗ ਨੂੰ ਦਿੱਲੀ ਦੀ ਤਰਜ਼ ’ਤੇ ਤਾਲਾ ਲਗਾਉਣ ਦੇ ਮਨਸੂਬੇ ਤਹਿਤ ਲੋਕਾਂ ਦੇ ਹੋਣ ਵਾਲੇ ਕੰਮਾਂ ਨੂੰ ਵੀ ਤਾਲਾ ਲੱਗਦਾ ਨਜ਼ਰ ਆ ਰਿਹਾ ਹੈ। ਭਾਵੇਂਕਿ ਹਾਈ ਸਕਿਓਰਟੀ ਨੰਬਰ ਪਲੇਟਾਂ ਦਾ ਕੰਮ ਹੋਵੇ ਜਾਂ ਫਿਰ ਲਾਇਸੈਂਸਾਂ ਅਤੇ ਆਰ.ਸੀਜ਼ ਦੀਆਂ ਅਪਰੂਵਲਾਂ ਦਾ ਕੰਮ ਹੋਵੇ। ਸਮੇਂ ਦੀ ਸਰਕਾਰ ਟਰਾਂਸਪੋਰਟ ਵਿਭਾਗ ਅਧੀਨ ਹੋਣ ਵਾਲੇ ਕੰਮਾਂ ਦੇ ਰੇਟਾਂ ਵਿਚ ਵਾਧਾ ਤਾਂ ਤੁਰੰਤ ਲਾਗੂ ਹੋ ਜਾਂਦਾ ਹੈ, ਪਰ ਕੰਮ ਦੀ ਰਫਤਾਰ ਪਹਿਲਾਂ ਨਾਲੋਂ ਵੀ ਸੁਸਤ ਹੋ ਜਾਂਦੀ ਹੈ। ਭਾਵੇਂਕਿ ਸਰਕਾਰ ਨੇ ਲੁਧਿਆਣਾ ਵਿਖੇ ਟਰਾਂਸਪੋਰਟ ਦਫਤਰ ਨੂੰ ਤਾਲਾ ਲਗਾ ਕੇ ਸਮੁੱਚੇ ਕੰਮਾਂ ਨੂੰ ਆਨਲਾਈਨ ਪ੍ਰਣਾਲੀ ਰਾਹੀਂ ਸਮੁੱਚੀ ਕਾਰਵਾਈ ਸੇਵਾ ਕੇਂਦਰਾਂ ਨੂੰ ਸੌਂਪ ਦਿੱਤੀ ਸੀ। ਜਿਸ ਨਾਲ ਸੁਧਾਰ ਹੋਣ ਦੀ ਬਜਾਏ ਖੱਜਲ ਖੁਆਰੀ ਵਿਚ ਵਾਧਾ ਹੋ ਗਿਆ ਹੈ। ਜਦੋਂ ਹੁਣ ਸਰਕਾਰ ਨੇ ਹਾਈ ਸਕਿਓਰਟੀ ਨੰਬਰ ਪਲੇਟਾਂ ਲਗਾਉਣ ਵਾਲੀਆਂ ਕੰਪਨੀਆਂ ਦਾ ਠੇਕਾ ਖਤਮ ਹੋਣ ਉਪਰੰਤ ਸੰਬੰਧਿਤ ਵਾਹਨ ਏਜੰਸੀਆਂ ਨੂੰ ਕੰਮ ਸੌਂਪ ਦਿੱਤਾ ਗਿਆ ਹੈ। ਪਰ ਇਨ੍ਹਾਂ ਏਜੰਸੀਆਂ ਵਿਚ ਨੰਬਰ ਪਲੇਟਾਂ ਲਈ ਫੀਸ ਭਰਨ ਲਈ ਸਾਈਟਾਂ ਦੇ ਹੌਲੀ ਚੱਲਣ ਕਾਰਨ ਫੀਸਾਂ ਨਹੀਂ ਭਰੀਆਂ ਜਾ ਰਹੀਆਂ। ਜਿਸ ਕਾਰਨ ਲੋਕਾਂ ਦੀਆਂ ਫੀਸਾਂ ਪਾਈਪ ਲਾਈਨ ਵਿਚ ਫਸਦੀਆਂ ਜਾ ਰਹੀਆਂ ਹਨ। ਦੇਖਣ ਵਿਚ ਆਇਆ ਹੈ ਕਿ ਸਰਕਾਰ ਨੇ ਦੋ ਪਹੀਆ ਵਾਹਨ ਦੀ ਫੀਸ ਜੋ ਕਿ 211 ਰੁਪਏ ਹੁੰਦੀ ਸੀ, ਹੁਣ ਵਧਾ ਕੇ 495 ਰੁਪਏ ਕਰ ਦਿੱਤਾ ਹੈ। ਜਿਥੇ 284 ਰੁਪਏ ਹਰ ਵਹੀਕਲ ਮਾਲਕ ਨੂੰ ਵਾਧੂ ਅਦਾ ਕਰਨੇ ਪੈਣਗੇ। ਉਥੇ ਹੀ ਚਾਰ ਪਹੀਆ ਪੁਰਾਣੇ ਵਾਹਨਾਂ ਦੀ 992 ਨੂੰ ਘਟਾ ਕੇ 875 ਰੁਪਏ ਕਰ ਦਿੱਤਾ ਗਿਆ ਹੈ, ਯਾਨੀ ਕਿ 117 ਰੁਪਏ ਦੀ ਰਿਆਇਤ ਦਿੱਤੀ ਗਈ ਹੈ। ਉਥੇ ਹੀ ਨਵੇਂ ਚਾਰ ਪਹੀਆ ਨਵੇਂ ਵਾਹਨਾਂ ਦੀਆਂ ਨੰਬਰ ਪਲੇਟਾਂ ਦਾ ਵਾਧਾ ਦਰਜ ਕਰਕੇ ਵੱਡੇ ਪੱਧਰ ’ਤੇ ਆਮ ਲੋਕਾਂ ਦੀਆਂ ਜੇਬਾਂ ’ਤੇ ਸਰਕਾਰੀ ਲੁੱਟ ਦਾ ਡਾਕਾ ਮਾਰਿਆ ਜਾ ਰਿਹਾ ਹੈ।

**5ਏ ਫਾਰਮ ਨੇ ਲਾਇਸੈਂਸ ਦਰਖਾਸਤਕਰਤਾਵਾਂ ਨੂੰ ਪਾਇਆ ਚੱਕਰਾਂ ’ਚ**

ਟਰਾਂਸਪੋਰਟ ਵਿਭਾਗ ਵਿੱਚ ਨਿੱਤ ਦਿਨ ਤਬਦੀਲੀਆਂ ਦਾ ਜ਼ੋਰ ਜੰਗੀ ਪੱਧਰ ’ਤੇ ਚੱਲ ਰਿਹਾ ਹੈ। ਜਦੋਂ ਵੀ ਕੋਈ ਨਵਾਂ ਅਧਿਕਾਰੀ ਆਉਂਦਾ ਹੈ ਤਾਂ ਨਵੇਂ ਨਿਯਮ ਲਾਗੂ ਹੋ ਜਾਂਦੇ ਹਨ ਅਤੇ ਪੁਰਾਣੇ ਹੋਣ ਵਾਲੇ ਕੰਮਾਂ ਦੀਆਂ ਫਾਈਲਾਂ ਆਨਲਾਈਨ ਪੋਰਟਲਾਂ ’ਤੇ ਰੁਕੀਆਂ ਰਹਿ ਜਾਂਦੀਆਂ ਹਨ। ਜਿਸ ਕਾਰਨ ਲਾਇਸੈਂਸ ਬਣਵਾਉਣ ਵਾਲਿਆਂ ਨੂੰ ਕਈ-ਕਈ ਮਹੀਨਿਆਂ ਦਾ ਇੰਤਜ਼ਾਰ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਜਿਨ੍ਹਾਂ ਦਰਖਾਸਤਕਰਤਾਵਾਂ ਨੇ 2-3 ਮਹੀਨੇ ਪਹਿਲਾਂ ਆਪਣੀਆਂ ਆਨਲਾਈਨ ਫੋਟੋਆਂ ਖਿੱਚਵਾਈਆਂ ਹੋਈਆਂ ਹਨ, ਉਨ੍ਹਾਂ ਦੀਆਂ ਫਾਈਲਾਂ ਨੂੰ ਵੀ ਰਿਵਰਟ ਮਾਰਿਆ ਜਾ ਰਿਹਾ ਹੈ ਅਤੇ ਨਵੇਂ ਸਿਰਿਓਂ ਨਵੀਆਂ ਫਾਈਲਾਂ ਜਮ੍ਹਾਂ ਕਰਵਾਉਣ ਲਈ ਕਿਹਾ ਜਾ ਰਿਹਾ ਹੈ। ਜਿਥੇ 5ਏ ਪੁਰਾਣੇ ਫਾਰਮ ਦਾ ਹਵਾਲਾ ਦੇ ਕੇ ਲਾਇਸੈਂਸਧਾਰਕਾਂ ਨੂੰ ਸੂਬੇ ਅੰਦਰ ਚੱਲ ਰਹੇ ਟਰੇਨਿੰਗ ਸੈਂਟਰਾਂ ਤੋਂ ਲੈਣ ਵਾਲੇ ਸਿਖਲਾਈ ਸਰਟੀਫਿਕੇਟ 5ਏ ਨਵੇਂ ਫਾਰਮ ਨੂੰ ਜਮ੍ਹਾਂ ਕਰਵਾਉਣ ਲਈ ਕਿਹਾ ਜਾ ਰਿਹਾ ਹੈ। ਇੱਥੇ ਹੀ ਬੱਸ ਨਹੀਂ ਸਥਾਨਕ ਪੱਧਰ ’ਤੇ ਜਾਰੀ ਕੀਤੇ ਜਾ ਰਹੇ ਸਿਖਲਾਈ ਸਕੂਲਾਂ ਦੇ ਸਰਟੀਫਿਕੇਟ ’ਤੇ ਵੀ ਕਿੰਤੂ ਕਰਕੇ ਇੱਕ ਵਿਸ਼ੇਸ਼ ਸਿਖਲਾਈ ਸਕੂਲ ਪਾਸੋਂ ਸਰਟੀਫਿਕੇਟ ਲੈਣ ਲਈ ਮਜ਼ਬੂਰ ਕੀਤਾ ਜਾ ਰਿਹਾ ਹੈ। ਜਦੋਂਕਿ ਹੋਰ ਵੀ ਕਈ ਪੁਰਾਣੇ ਸਿਖਲਾਈ ਸੈਂਟਰ ਚੱਲ ਰਹੇ ਹਨ, ਜਿਨ੍ਹਾਂ ਦੇ ਪਹਿਲਾਂ ਤੋਂ ਹੀ ਸਰਟੀਫਿਕੇਟ ਲੱਗਦੇ ਰਹੇ ਹਨ। ਪਰ ਹੁਣ ਇਨ੍ਹਾਂ ਸਰਟੀਫਿਕੇਟ ਨੂੰ ਰੱਦ ਕਰਨਾ ਭ੍ਰਿਸ਼ਟਾਚਾਰ ਨੂੰ ਬੜਾਵਾ ਦੇਣ ਵਾਲੀ ਗੱਲ ਹੈ।

**ਮੋਟਰ ਵਹੀਕਲ ਇੰਸਪੈਕਟਰ ਦੀ ਡਾਕ ਦਾ ਡਾਟਾ ਅਪਡੇਟ ਹੋਣ ’ਚ ਹੋ ਰਹੀ ਹੈ ਦੇਰੀ**

ਪੰਜਾਬ ਟਰਾਂਸਪੋਰਟ ਵਿਭਾਗ ਦੇ ਮੋਟਰ ਵਹੀਕਲ ਇੰਸਪੈਕਟਰ ਦੀ ਡਾਕ ਦਾ ਡਾਟਾ ਸਾਈਟਾਂ ’ਤੇ ਅਪਡੇਟ ਹੋਣ ’ਚ ਹੋ ਰਹੀ ਦੇਰੀ ਕਾਰਨ ਸਮੁੱਚੇ ਦਰਖਾਸਤਕਰਤਾਵਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਉਂਕਿ ਵੱਡੀਆਂ ਗੱਡੀਆਂ ਵਾਲੇ ਸੈਂਕੜੇ ਹੀ ਡਰਾਇਵਰ ਟਰਾਂਸਪੋਰਟ ਦੇ ਧੰਦੇ ਨਾਲ ਜੁੜੇ ਹੋਏ ਹਨ, ਜਿਨ੍ਹਾਂ ਦਾ ਇੱਕ-ਇੱਕ ਦਿਨ ਬੇਸ਼ਕੀਮਤੀ ਹੁੰਦਾ ਹੈ। ਲਾਇਸੈਂਸ ਡਾਕ ਵਾਲਾ ਡਾਟਾ ਅਪਡੇਟ ਨਾ ਹੋਣ ਕਾਰਨ ਇੱਕ-ਇੱਕ ਮਹੀਨੇ ਤੋਂ ਖੱਜਲ ਖੁਆਰ ਹੋ ਰਹੇ ਹਨ।

**ਪਿਛਲੇ 15 ਸਾਲਾਂ ਤੋਂ ਪਬਲਿਕ ਡੀਲਿੰਗ ਵਾਲੀਆਂ ਸੀਟਾਂ ’ਤੇ ਨਹੀਂ ਹੋਈਆਂ ਬਦਲੀਆਂ**

ਪਟਿਆਲਾ ਟਰਾਂਸਪੋਰਟ ਵਿਭਾਗ ਅੰਦਰ ਟਰਾਂਸਪੋਰਟ ਸੁਸਾਇਟੀ ਰਾਹੀਂ ਪਬਲਿਕ ਡੀਲਿੰਗ ਵਾਲੀਆਂ ਸੀਟਾਂ ’ਤੇ ਕੰਮ ਕਰ ਰਹੇ ਬਾਬੂਆਂ ਅਤੇ ਮੈਡਮਾਂ ਦੀਆਂ ਪਿਛਲੇ 15 ਸਾਲਾਂ ਦੇ ਵੱਧ ਸਮੇਂ ਤੋਂ ਨਹੀਂ ਹੋਈਆਂ ਬਦਲੀਆਂ। ਇੱਕ ਹੀ ਸੀਟ ’ਤੇ ਲੰਮਾਂ ਸਮਾਂ ਕੰਮ ਕਰਨ ਕਾਰਨ ਕੰਮ ਕਰਨ ਵਿਚ ਮਨਮਾਨੀਆਂ ਅਤੇ ਭ੍ਰਿਸ਼ਟਾਚਾਰ ਵਿਚ ਵਾਧਾ ਦੇਖਣ ਨੂੰ ਮਿਲ ਰਿਹਾ ਹੈ। ਇੰਨਾ ਹੀ ਨਹੀਂ ਜੇਕਰ ਪੰਜਾਬ ਵਿਜੀਲੈਂਸ ਰਾਹੀਂ ਇਨ੍ਹਾਂ ਦੀਆਂ ਜਾਇਦਾਦਾਂ ਦੀ ਜ

# ਆਤਮਾ ਦੇ ਸਲਾਨਾ ਐਕਸ਼ਨ ਪਲਾਨ ਤਹਿਤ ਬਲਾਕ ਫਾਰਮਰ ਐਡਵਾਈਜ਼ਰੀ ਦੀ ਕੀਤੀ ਮੀਟਿੰਗ

**ਤਰਨਤਾਰਨ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਤਰਨ ਤਰਨ ਦੇ ਡਿਪਟੀ ਕਮਿਸ਼ਨਰ ਅਤੇ ਆਤਮਾ ਦੇ ਚੇਅਰਮੈਨ ਸ੍ਰੀ ਰਾਹੁਲ, ਆਈ.ਏ.ਐਸ. ਦੇ ਹੁਕਮਾਂ ਤਹਿਤ ਜ਼ਿਲ੍ਹਾ ਤਰਨ ਤਾਰਨ ਨੂੰ ਅੱਗ ਮੁਕਤ, ਜ਼ਹਿਰ ਮੁਕਤ ਅਤੇ ਬਾਗਬਾਨੀ ਯੁਕਤ ਕਰਨ ਦੇ ਉਦੇਸ਼ ਨਾਲ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਵੱਖ-ਵੱਖ ਸਕੀਮਾਂ, ਪ੍ਰਦਰਸ਼ਨੀਆਂ ਟ੍ਰੇਨਿੰਗ ਕੈਂਪਾਂ ਦੀ ਜਰੀਏ ਕਿਸਾਨਾਂ ਨੂੰ ਰਵਾਇਤੀ ਫਸਲਾਂ ਨੂੰ ਘੱਟ ਕਰਕੇ ਸਹਾਇਕ ਧੰਦੇ ਅਪਨਾਉਣ ਲਈ ਟ੍ਰੇਨਿੰਗਾਂ ਅਤੇ ਕਿਸਾਨ ਗੋਸ਼ਟੀਆਂ ਲਗਾਈਆਂ ਜਾ ਰਹੀਆਂ ਹਨ।

ਇਸੇ ਲੜੀ ਨੂੰ ਅੱਗੇ ਤੋਰਦਿਆਂ ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ: ਤੇਜਬੀਰ ਸਿੰਘ ਭੰਗੂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਲਾਕ ਫਾਰਮਰ ਐਡਵਾਈਜ਼ਰੀ ਕਮੇਟੀ ਦੀ ਮੀਟਿੰਗ ਬੀ ਟੀ ਟੀ ਇੰਚਾਰਜ ਡਾ: ਭੁਪਿੰਦਰ ਸਿੰਘ ਦੀ ਅਗਵਾਈ ਹੇਠ ਕੀਤੀ ਗਈ। ਬਲਾਕ ਫਾਰਮਰ ਐਡਵਾਈਜ਼ਰੀ ਕਮੇਟੀ ਦੀ ਮੀਟਿੰਗ ਵਿੱਚ ਆਤਮਾ ਦੇ 2026-27 ਦੇ ਸਲਾਨਾ ਐਕਸ਼ਨ ਪਲਾਨ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਡਾ: ਯਾਦਵਿੰਦਰ ਸਿੰਘ ਬਲਾਕ ਟੈਕਨੋਲੋਜੀ ਮੈਨੇਜਰ ਨੇ ਕਿਸਾਨ ਦੇ ਨਾਲ ਸਲਾਨਾ ਐਕਸ਼ਨ ਪਲਾਨ ਵਿੱਚ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਪ੍ਰਦਰਸ਼ਨੀ ਪਲਾਟ, ਸਕਿਲ ਡਿਵੈਲਪਮੈਂਟ ਕੰਪੋਨੈਂਟ, ਖਾਦ ਬੀਜ ਦਵਾਈਆਂ ਦੀ ਦੁਕਾਨ ਖੋਲਣ ਵਾਸਤੇ ਡਿਪਲੋਮਾ ,ਕਿਸਾਨ ਅਵਾਰਡ, ਕਿਸਾਨ ਮਿੱਤਰਾਂ ਨੂੰ ਦਿੱਤਾ ਜਾਣ ਵਾਲਾ ਸਲਾਨਾ ਭੱਤਾ ਅਤੇ ਹੋਰ ਅਹਿਮ ਮੁੱਦਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਬਲਾਕ ਟੈਕਨੋਲੋਜੀ ਟੀਮ ਅਤੇ ਬਲਾਕ ਐਡਵਾਈਜਰੀ ਕਮੇਟੀ ਦੇ ਮੈਂਬਰਾਂ ਨੇ ਡਾ:ਯਾਦਵਿੰਦਰ ਸਿੰਘ ਦੁਆਰਾ ਪੇਸ਼ ਕੀਤੇ ਗਏ ਸਲਾਨਾ ਐਕਸ਼ਨ ਪਲਾਨ ਦੀ ਪ੍ਰੋੜਤਾ ਕੀਤੀ ਅਤੇ ਇਸ ਨੂੰ ਹੈਡਕੁਆਟਰ ਤੇ ਭੇਜਣ ਵਾਸਤੇ ਪ੍ਰਵਾਨਗੀ ਦਿੱਤੀ।

ਡਾ:ਯਾਦਵਿੰਦਰ ਸਿੰਘ ਨੇ ਬਲਾਕ ਫਾਰਮਰ ਐਡਵਾਈਜਰੀ ਕਮੇਟੀ ਦੇ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਨੂੰ ਰਵਾਇਤੀ ਫਸਲਾਂ ਨੂੰ ਘੱਟ ਕਰਕੇ ਤੇਲ ਬੀਜ ਦਾਲਾਂ ਅਤੇ ਦਵਾਈਆਂ ਵਾਲੀਆਂ ਫਸਲਾਂ ਨੂੰ ਤਰਜੀਹ ਦੇਣੀ ਚਾਹੀਦੀ ਹੈ ਜੋ ਕਿ ਸਮੇਂ ਦੀ ਮੁਢਲੀ ਲੋੜ ਹੈ ਅਜਿਹੀਆਂ ਫਸਲਾਂ ਦੇ ਨਾਲ ਪਾਣੀ ਦੀ ਬਚਤ ਹੁੰਦੀ ਹੈ ਮਿੱਟੀ ਦੀ ਸਿਹਤ ਬਣਦੀ ਹੈ ਅਤੇ ਖਪਤਕਾਰਾਂ ਨੂੰ ਚੰਗੇ ਉਤਪਾਦ ਮਿਲ ਜਾਂਦੇ ਹਨ । ਉਨਾਂ ਨੇ ਦੱਸਿਆ ਕਿ ਸਾਨੂੰ ਖੇਤੀ ਦੇ ਨਾਲ ਸਹਾਇਕ ਧੰਦੇ ਮੁਰਗੀ ਪਾਲਣ ,ਮੱਛੀ ਪਾਲਣ, ਸੂਰ ਪਾਲਣ , ਬੱਕਰੀ ਪਾਲਣ ਡੇਅਰੀ ਅਤੇ ਹੋਰ ਅਜਿਹੇ ਧੰਦਿਆਂ ਨੂੰ ਅਪਣਾਉਣਾ ਪਵੇਗਾ ਜਿਸ ਦੇ ਨਾਲ ਸਾਡੀ ਆਮਦਨ ਵਿੱਚ ਵੀ ਵਾਧਾ ਹੋਵੇਗਾ ਅਤੇ ਅਸੀਂ ਕੁਦਰਤੀ ਸੋਮਿਆਂ ਨੂੰ ਬਚਾਉਣ ਵਿੱਚ ਸਰਕਾਰ ਅਤੇ ਵਿਭਾਗ ਦਾ ਸਾਥ ਦੇ ਸਕਦੇ ਹਾਂ।

ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ: ਰਮਨਜੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਬੇਲੋੜੀਆਂ ਸਪਰੇਆਂ ਤੋਂ ਬਚਿਆ ਜਾਵੇ ਅਤੇ ਸਮੇਂ ਸਮੇਂ ਸਿਰ ਆਪਣੀ ਫਸਲ ਦਾ ਨਿਰੀਖਣ ਕੀਤਾ ਜਾਵੇ ਅਤੇ ਜੇ ਕਿਤੇ ਪੀਲੀ ਕੁੰਗੀ ਦਾ ਹਮਲਾ ਨਜ਼ਰ ਆਉਂਦਾ ਹੈ ਇਸ ਸਬੰਧੀ ਵਿਭਾਗ ਨਾਲ ਸੰਪਰਕ ਕੀਤਾ ਜਾਵੇ। ਅਖੀਰ ਵਿੱਚ ਡਾ: ਰੁਪਿੰਦਰਜੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤੀਬਾੜੀ ਵਿਭਾਗ ਵੱਲੋਂ ਵੱਖ-ਵੱਖ ਸਕੀਮਾਂ ਤਹਿਤ ਦਿੱਤੀਆਂ ਜਾਂਦੀਆਂ ਸਬਸਿਡੀਆਂ ਦਾ ਲਾਭ ਲੈਣ ਅਤੇ ਵਿਭਾਗ ਵੱਲੋਂ 50% ਸਬਸਿਡੀ ਤੇ ਆਈ ਜਿਪਸਮ ਆਪਣੇ ਖੇਤਾਂ ਵਿੱਚ ਪਾ ਕੇ ਮਿੱਟੀ ਦੀ ਗੁਣਵੱਤਾ ਬਣਾਉਣ ਤਾਂ ਹਵਾ ਅਤੇ ਪਾਣੀ ਦਾ ਸਹੀ ਤਰੀਕੇ ਨਾਲ ਅਦਾਨ ਪ੍ਰਦਾਨ ਹੋ ਸਕੇ।

ਇਸ ਮੌਕੇ ਸ੍ਰੀ ਅਵਤਾਰ ਸਿੰਘ ਖੇਤੀਬਾੜੀ ਉਪ ਨਿਰੀਖਕ, ਸ੍ਰੀਮਤੀ ਕਮਲਜੀਤ ਕੌਰ ਸਹਾਇਕ ਟੈਕਨੋਲੋਜੀ ਅਤੇ ਅਗਾਂਹਵਧੂ ਕਿਸਾਨ ਹਾਜ਼ਰ ਸਨ।

# ਵੀਰ ਹਕੀਕਤ ਰਾਏ ਸਕੂਲ ਵਿਖੇ ਜਾਗ੍ਰਿਤੀ ਕਲੱਬ ਦੀ ਸਥਾਪਨਾ, ਸੇਫ਼ਟੀ ਤੇ ਸਿਹਤ ਲਈ ਲਾਭਦਾਇਕ : ਪ੍ਰਿੰਸੀਪਲ ਸਰਲਾ ਭਟਨਾਗਰ




**ਪਟਿਆਲਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਦੇ ਸਮੇਂ ਵਿੱਚ ਸਿਖਿਆ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਸੁਰੱਖਿਆ, ਸਿਹਤ, ਤੰਦਰੁਸਤੀ, ਹਾਦਸਿਆਂ, ਦੁਰਘਟਨਾਵਾਂ ਤੋਂ ਬਚਾਉ ਅਤੇ ਐਮਰਜੈਂਸੀ ਦੌਰਾਨ ਪੀੜਤਾਂ ਦੀ ਸਹਾਇਤਾ ਕਰਨ ਦੀ ਟ੍ਰੇਨਿੰਗਾਂ ਅਭਿਆਸ, ਰਾਹੀਂ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚਨੌਤੀਆ ਲਈ ਤਿਆਰ ਕੀਤਾ ਜਾ ਸਕਦਾ ਹੈ, ਇਹ ਵਿਚਾਰ ਪਟਿਆਲਾ ਦੇ ਨਾਮੀ ਵੀਰ ਹਕੀਕਤ ਰਾਏ ਮਾਡਲ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਦੇ ਪ੍ਰਿੰਸੀਪਲ ਸ਼੍ਰੀਮਤੀ ਸਰਲਾ ਭਟਨਾਗਰ ਵਲੋਂ ਡੈਡੀਕੇਟਿਡ ਬ੍ਰਦਰਜ਼ ਗਰੁੱਪ ਦੇ ਪ੍ਰਧਾਨ ਡਾਕਟਰ ਰਾਕੇਸ਼ ਵਰਮੀ ਅਤੇ ਫਸਟ ਏਡ, ਸੇਫਟੀ, ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਦਾ ਸਕੂਲ ਵਿਖੇ ਕਾਇਮ ਕੀਤੇ ਜਾਗ੍ਰਿਤੀ ਕਲੱਬ ਦੇ ਸ਼ੁਭ ਆਰੰਭ ਮੌਕੇ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ।

ਡਾਕਟਰ ਰਾਕੇਸ਼ ਵਰਮੀ ਅਤੇ ਕਾਕਾ ਰਾਮ ਵਰਮਾ ਨੇ ਦੱਸਿਆ ਭਾਰਤ ਅਤੇ ਪੰਜਾਬ ਸਰਕਾਰ ਵਲੋਂ ਵਿਦਿਆਰਥੀਆਂ ਨੂੰ ਨਸ਼ਿਆਂ, ਅਪਰਾਧਾਂ, ਸਾਇਬਰ ਕਰਾਇਮ, ਹਾਦਸਿਆਂ, ਬਿਮਾਰੀਆਂ ਲਾਲਚਾਂ, ਸਵਾਦਾਂ, ਫੈਸਨਾ ਰਾਹੀਂ ਹੋਣ ਵਾਲੇ ਨੁਕਸਾਨਾਂ ਅਤੇ ਐਮਰਜੈਂਸੀ ਦੌਰਾਨ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ ਲਈ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਸੀ ਪੀ ਆਰ, ਜ਼ਖਮੀਆਂ ਦੀ ਸੇਵਾ ਸੰਭਾਲ, ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ, ਆਵਾਜਾਈ ਨਿਯਮਾਂ ਕਾਨੂੰਨਾਂ ਅਸੂਲਾਂ ਆਦਿ ਬਾਰੇ, ਜਾਗਰੂਕ ਕੀਤਾ ਜਾਵੇ ਇਸ ਲਈ ਸਮਾਜਿਕ ਜੁਮੇਵਾਰੀ ਸਮਝਦੇ ਹੋਏ ਸਕੂਲਾਂ ਵਿਖੇ ਜਾਗ੍ਰਿਤੀ ਕਲੱਬ ਬਣਾ ਕੇ, ਸਮੇਂ ਸਮੇਂ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਜਾਗਰੂਕਤਾ ਦਿਹਾੜਿਆ ਮੌਕੇ ਇਨ੍ਹਾਂ ਜਾਗ੍ਰਿਤੀ ਕਲੱਬਾਂ ਦੇ ਸਕੂਲਾਂ ਵਿਖੇ ਅੰਤਰ ਸਕੂਲ ਮੁਕਾਬਲੇ ਵੀ ਕਰਵਾਏ ਜਾਣਗੇ। ਆਵਾਜਾਈ ਸਿੱਖਿਆ ਸੈਲ ਦੇ ਏ ਐਸ ਆਈ ਰਾਮ ਸਰਨ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਸਕੂਲਾਂ ਵਿਖੇ ਵਾਰ ਵਾਰ ਟ੍ਰੇਨਿੰਗਾਂ ਅਭਿਆਸ ਕਰਕੇ, ਵਿਦਿਆਰਥੀਆਂ ਨੂੰ ਪੀੜਤਾਂ ਦੇ ਮਦਦਗਾਰ ਫ਼ਰਿਸ਼ਤਿਆਂ ਅਤੇ ਜੁਮੇਵਾਰ, ਵਫ਼ਾਦਾਰ, ਇਮਾਨਦਾਰ, ਨਾਗਰਿਕ ਵਜੋਂ ਤਿਆਰ ਕੀਤਾ ਜਾ ਸਕਦਾ ਹੈ, ਜਾਗ੍ਰਿਤੀ ਕਲੱਬ ਦੇ ਸਕੱਤਰ ਸ਼੍ਰੀਮਤੀ ਸਚਨਾ ਸ਼ਰਮਾ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਸਕੂਲ ਅਤੇ ਵਿਦਿਆਰਥੀਆਂ ਨੂੰ ਲੋੜੀਂਦੀ ਜਾਣਕਾਰੀ ਲੈਣ ਲਈ ਬਹੁਤ ਸਨਮਾਨਿਤ ਅਵਸਰ ਹਨ। ਉਨ੍ਹਾਂ ਦੇ ਸਕੂਲ ਵਿਖੇ ਪਹਿਲਾਂ ਤੋਂ ਐਨ ਸੀ ਸੀ, ਐਨ ਐਸ ਐਸ ਅਤੇ ਸਕਾਊਟ ਗਾਈਡ ਗਤੀਵਿਧੀਆਂ ਲਗਾਤਾਰ ਚਲ ਰਹੀਆਂ ਹਨ।

# ਯੂਜੀਸੀ ਵਿਵਾਦ: ਸਿੱਖਿਆ ਸ਼ਾਸਤਰੀ ਅਨਿਲ ਭਾਰਤੀ ਨੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੂੰ ਭੇਜਿਆ ‘ਸੁਰੱਖਿਆ ਕਵਚ’ ਦਾ ਪ੍ਰਸਤਾਵ

**ਪਟਿਆਲਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ- )**



ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (UGC) ਦੇ ‘ਪ੍ਰਮੋਸ਼ਨ ਆਫ ਇਕੁਇਟੀ ਰੈਗੂਲੇਸ਼ਨਜ਼-2026’ ਨੂੰ ਲੈ ਕੇ ਦੇਸ਼ ਵਿਆਪੀ ਵਿਰੋਧ ਅਤੇ ਮਾਨਯੋਗ ਸੁਪਰੀਮ ਕੋਰਟ ਵਿੱਚ ਦਾਇਰ ਪਟੀਸ਼ਨਾਂ ਦੇ ਵਿਚਕਾਰ, ਪਟਿਆਲਾ ਦੇ ਉੱਘੇ ਲੇਖਕ ਅਤੇ ਸਿੱਖਿਆ ਸ਼ਾਸਤਰੀ ਅਨਿਲ ਕੁਮਾਰ ਭਾਰਤੀ ਨੇ ਇਸ ਗੁੰਝਲਦਾਰ ਸਮੱਸਿਆ ਦਾ ਇੱਕ ਠੋਸ ਸੰਵਿਧਾਨਕ ਹੱਲ ਪੇਸ਼ ਕੀਤਾ ਹੈ।

ਸਨਾਤਨ ਧਰਮ ਸੰਸਕ੍ਰਿਤ ਇੰਗਲਿਸ਼ ਸੀਨੀਅਰ ਸੈਕੰਡਰੀ ਸਕੂਲ ਤੋਂ ਸੇਵਾਮੁਕਤ ਸ਼੍ਰੀ ਭਾਰਤੀ, ਜਿਨ੍ਹਾਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੇ ਹਿੰਦੀ ਸਮਾਨਾਰਥੀ ਕੁਸ਼ਾਗਰ ਬੁੱਧੀਮੱਤਾ ਦੇ ਮੋਢੀ ਵਜੋਂ ਵੀ ਜਾਣਿਆ ਜਾਂਦਾ ਹੈ, ਨੇ ਦੇਸ਼ ਦੀਆਂ ਪੰਜ ਪ੍ਰਮੁੱਖ ਹਸਤੀਆਂ ਨੂੰ ਵੱਖ-ਵੱਖ ਪੱਤਰ ਭੇਜ ਕੇ ਨਿਯਮਾਂ ਵਿੱਚ ਬੁਨਿਆਦੀ ਸੁਧਾਰ ਦੀ ਮੰਗ ਕੀਤੀ ਹੈ। ਭਾਰਤੀ ਜੀ ਨੇ ਭਾਰਤ ਸਰਕਾਰ ਦੀ ਉੱਚ ਲੀਡਰਸ਼ਿਪ ਸ਼੍ਰੀਮਤੀ ਦ੍ਰੋਪਦੀ ਮੁਰਮੂ ਮਾਨਯੋਗ ਰਾਸ਼ਟਰਪਤੀ, ਸ਼੍ਰੀ ਸੀ. ਪੀ. ਰਾਧਾਕ੍ਰਿਸ਼ਨਨ ਉਪ-ਰਾਸ਼ਟਰਪਤੀ, ਸ਼੍ਰੀ ਨਰਿੰਦਰ ਮੋਦੀ ਪ੍ਰਧਾਨ ਮੰਤਰੀ, ਸ਼੍ਰੀ ਅਮਿਤ ਸ਼ਾਹ ਕੇਂਦਰੀ ਗ੍ਰਹਿ ਮੰਤਰੀ ਅਤੇ ਸ਼੍ਰੀ ਧਰਮਿੰਦਰ ਪ੍ਰਧਾਨ ਕੇਂਦਰੀ ਸਿੱਖਿਆ ਮੰਤਰੀ ਨੂੰ ਵੱਖ-ਵੱਖ ਪੱਤਰ ਭੇਜ ਕੇ ਇਸ ਸਮੱਸਿਆ ਦਾ ਹੱਲ ਸੁਝਾਇਆ ਹੈ। ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕੇਂਦਰ ਸਰਕਾਰ ਇਸ ਹੱਲ ਅਨੁਸਾਰ ਢੁਕਵਾਂ ਫੈਸਲਾ ਲੈਂਦੀ ਹੈ, ਤਾਂ ਉਪਰੋਕਤ ਅਨੁਸਾਰ ਸੋਧਿਆ ਹੋਇਆ ਯੂਜੀਸੀ ਨਿਯਮ ਸਮਾਜ ਦੇ ਸਾਰੇ ਵਰਗਾਂ ਅਤੇ ਸਾਰੀਆਂ ਜਾਤਾਂ ਨਾਲ ਸਬੰਧਤ ਸਾਰੇ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਦੇ ਸਵੈ-ਮਾਣ ਦੀ ਰੱਖਿਆ ਲਈ ਇੱਕ ‘ਸੁਰੱਖਿਆ ਕਵਚ’ ਬਣ ਜਾਵੇਗਾ।

ਪ੍ਰੈਸ ਨੂੰ ਜਾਰੀ ਬਿਆਨ ਵਿੱਚ ਸ਼੍ਰੀ ਭਾਰਤੀ ਨੇ ਕਿਹਾ ਕਿ ਅੱਜ ਦੇਸ਼ ਭਰ ਦੇ ਬੁੱਧੀਜੀਵੀ ਇਹਨਾਂ ਨਿਯਮਾਂ ਨੂੰ ਲੈ ਕੇ ਸ਼ੰਕਾ ਵਿੱਚ ਹਨ, ਜਿਸ ਦਾ ਸਬੂਤ ਸੁਪਰੀਮ ਕੋਰਟ ਵਿੱਚ ਦਾਇਰ ਪਟੀਸ਼ਨਾਂ ਅਤੇ ਪ੍ਰਬੰਧਕੀ ਪੱਧਰ ’ਤੇ ਹੋ ਰਹੇ ਅਸਤੀਫੇ ਹਨ। ਉਨ੍ਹਾਂ ਤਰਕ ਦਿੱਤਾ ਕਿ ਮੌਜੂਦਾ ਖਰੜਾ ‘ਕੁਦਰਤੀ ਨਿਆਂ’ (Natural Justice) ਦੇ ਸਿਧਾਂਤਾਂ ਦੇ ਵਿਰੁੱਧ ਹੈ ਕਿਉਂਕਿ ਇਸ ਵਿੱਚ ਸਿਰਫ਼ ‘ਸ਼ਿਕਾਇਤ’ ’ਤੇ ਧਿਆਨ ਦਿੱਤਾ ਗਿਆ ਹੈ, ਪਰ ‘ਝੂਠੀ ਸ਼ਿਕਾਇਤ’ ਤੋਂ ਨਿਰਦੋਸ਼ਾਂ ਨੂੰ ਬਚਾਉਣ ਲਈ ਕੋਈ ਸਪੱਸ਼ਟ ਦੰਡਕਾਰੀ ਪ੍ਰਣਾਲੀ ਨਹੀਂ ਹੈ।

**ਪੱਤਰ ਵਿੱਚ ਸੁਝਾਇਆ ਗਿਆ ‘ਸੁਰੱਖਿਆ ਕਵਚ’:**

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਨੂੰ ਭੇਜੇ ਗਏ ਵਿਸਤ੍ਰਿਤ ਪੱਤਰ ਦਾ ਹਵਾਲਾ ਦਿੰਦੇ ਹੋਏ ਭਾਰਤੀ ਜੀ ਨੇ ਇੱਕ ਮਹੱਤਵਪੂਰਨ ‘ਸੁਰੱਖਿਆ ਧਾਰਾ’ ਜੋੜਨ ਦਾ ਪ੍ਰਸਤਾਵ ਦਿੱਤਾ ਹੈ। ਉਨ੍ਹਾਂ ਸੁਝਾਅ ਦਿੱਤਾ ਹੈ ਕਿ ਜੇਕਰ ਜਾਂਚ ਤੋਂ ਬਾਅਦ ਕੋਈ ਸ਼ਿਕਾਇਤ ਝੂਠੀ, ਬਦਨੀਤੀ ਵਾਲੀ ਜਾਂ ਮਨਘੜਤ ਪਾਈ ਜਾਂਦੀ ਹੈ, ਤਾਂ ਸ਼ਿਕਾਇਤਕਰਤਾ ਵਿਰੁੱਧ ਭਾਰਤੀ ਨਿਆਂ ਸੰਹਿਤਾ (BNS) ਤਹਿਤ ਉਹੀ ਸਖ਼ਤ ਦੰਡਕਾਰੀ ਕਾਰਵਾਈ ਯਕੀਨੀ ਬਣਾਈ ਜਾਵੇ, ਜੋ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਦੋਸ਼ੀਆਂ ਲਈ ਨਿਰਧਾਰਤ ਕੀਤੀ ਗਈ ਹੈ। ਸ਼੍ਰੀ ਭਾਰਤੀ ਨੇ ਸਪੱਸ਼ਟ ਕੀਤਾ ਕਿ ‘ਸਭ ਕਾ ਸਾਥ, ਸਭ ਕਾ ਵਿਕਾਸ’ ਦਾ ਨਾਅਰਾ ਉਦੋਂ ਹੀ ਸਾਰਥਕ ਹੋਵੇਗਾ ਜਦੋਂ ਜਨਰਲ ਵਰਗ ਦੇ ਨਿਰਦੋਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇਹ ਭਰੋਸਾ ਹੋਵੇਗਾ ਕਿ ਕਾਨੂੰਨ ਦੀ ਵਰਤੋਂ ਉਨ੍ਹਾਂ ਵਿਰੁੱਧ ਹਥਿਆਰ ਵਜੋਂ ਨਹੀਂ ਕੀਤੀ ਜਾ ਸਕੇਗੀ। ਉਨ੍ਹਾਂ ਨੇ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਨ੍ਹਾਂ ਨਿਯਮਾਂ ਵਿੱਚ ਝੂਠੀਆਂ ਸ਼ਿਕਾਇਤਾਂ ਵਿਰੁੱਧ ਜ਼ੀਰੋ ਟੋਲਰੈਂਸ ਦੀ ਵਿਵਸਥਾ ਕਰਕੇ ਸੁਪਰੀਮ ਕੋਰਟ ਅਤੇ ਜਨਤਾ ਦੇ ਖਦਸ਼ਿਆਂ ਨੂੰ ਦੂਰ ਕੀਤਾ ਜਾਵੇ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਲੱਗੇਗਾ ਪਲੇਸਮੈਂਟ ਕੈਂਪ ਅਤੇ ਸਵੈ-ਰੋਜ਼ਗਾਰ ਕੈਂਪ




**ਤਰਨਤਾਰਨ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਬੇਰੁਜ਼ਗਾਰ ਨੌਜਵਾਨ ਪ੍ਰਾਰਥੀਆਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਯਤਨ ਲਗਾਤਾਰ ਜਾਰੀ ਹਨ। ਰਾਜ ਸਰਕਾਰ ਦੀਆਂ ਹਦਾਇਤਾਂ ਤਹਿਤ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ, ਆਈ.ਏ.ਐਸ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਤਰਨ ਤਾਰਨ ਸ੍ਰੀ ਸੰਜੀਵ ਕੁਮਾਰ ਸ਼ਰਮਾ ਦੀ ਰਹਿਨੁਮਾਈ ਹੇਠ ਮਿਤੀ 1 ਫਰਵਰੀ 2026 ਨੂੰ ਸਵੇਰੇ 10:00 ਵਜੇ ਤੋਂ ਦੁਪਿਹਰ 2:00 ਵਜੇ ਤੱਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਦੀ ਪਹਿਲੀ ਮੰਜ਼ਿਲ ’ਤੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਕਮਰਾ ਨੰਬਰ 115 ਵਿਖੇ ਪਲੇਸਮੈਂਟ ਕੈਂਪ ਅਤੇ ਸਵੈ-ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸ੍ਰੀ ਵਿਕਰਮ ਜੀਤ, ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ, ਤਰਨ ਤਾਰਨ ਵੱਲੋਂ ਦੱਸਿਆ ਗਿਆ ਕਿ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਤਰਨ ਤਾਰਨ, ਡਿਪਟੀ ਡਾਇਰੈਕਟਰ ਡੇਅਰੀ ਵਿਭਾਗ ਤਰਨ ਤਾਰਨ, ਡਿਪਟੀ ਡਾਇਰੈਕਟਰ ਮੱਛੀ ਪਾਲਣ ਤਰਨ ਤਾਰਨ, ਡਿਪਟੀ ਡਾਇਰੈਕਟਰ ਪਸ਼ੂ ਪਾਲਣ, ਤਰਨ ਤਾਰਨ, ਜਿਲ੍ਹਾ ਮੈਨੇਜਰ ਐਸ.ਸੀ.ਐਫ.ਸੀ ਤਰਨ ਤਾਰਨ, ਲੀਡ ਜਿਲ੍ਹਾ ਮੈਨੇਜਰ ਤਰਨ ਤਾਰਨ ਦੇ ਸਹਿਯੋਗ ਨਾਲ ਸਵੈ-ਰੋਜ਼ਗਾਰ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਉਪਲੱਬਧ ਸਵੈ-ਰੋਜ਼ਗਾਰ ਸਕੀਮਾਂ/ਟ੍ਰੇਨਿੰਗ/ਰੋਜ਼ਗਾਰ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਆਈਬੈਕਸ ਵਰਲਡ ਕੰਪਨੀ ਭਾਗ ਲੈ ਰਹੀ ਹੈ। ਕੰਪਨੀ ਨੂੰ ਸੇਲਜ਼ ਅਡਵਾਇਜ਼ਰਾਂ ਦੀ ਲੋੜ ਹੈ। ਯੋਗਤਾ ਘੱਟੋ-ਘੱਟ +2 ਪਾਸ (ਤਨਖਾਹ 11000 ਤੋਂ 15000/-ਰੁ:) (ਉਮਰ ਹੱਦ 18 ਤੋਂ 30 ਸਾਲ) ਹੈ।

ਸ੍ਰੀ ਵਿਕਰਮ ਜੀਤ, ਜ਼ਿਲ੍ਹਾ ਰੋਜ਼ਗਾਰ ਉਤਪੱਤੀ ਤੇ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ, ਤਰਨ ਤਾਰਨ ਵੱਲੋਂ ਬੇਰੋਜ਼ਗਾਰ ਉਮੀਦਵਾਰਾਂ ਨੂੰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤਰਨ ਤਾਰਨ ਦੇ ਹੈਲਪਲਾਈਨ ਨੰਬਰ 77173-97013 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਰਾਸ਼ਟਰੀ ਵੋਟਰ ਦਿਵਸ ਨੂੰ ਸਮਰਪਿਤ ਹੋਵੇਗੀ ਪੈਦਲ ਯਾਤਰਾ

**ਤਰਨਤਾਰਨ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**




ਭਲਕੇ ਮਿਤੀ 1 ਫਰਵਰੀ 2026 ਨੂੰ ਭਾਰਤ ਸਰਕਾਰ ਦੇ ਅਦਾਰੇ ਮੇਰਾ ਯੁਵਾ ਭਾਰਤ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਰਾਸ਼ਟਰੀ ਵੋਟਰ ਦਿਵਸ ਨੂੰ ਸਮਰਪਿਤ ਤਰਨ ਤਾਰਨ ਸ਼ਹਿਰ ਵਿਖੇ ਇੱਕ ਜ਼ਿਲ੍ਹਾ ਪੱਧਰੀ ਪੈਦਲ ਯਾਤਰਾ (ਪਦਯਾਤਰਾ) ਦਾ ਆਯੋਜਿਨ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ (ਜਨਰਲ) ਡਾ. ਕਰਨਵੀਰ ਸਿੰਘ ਨੇ ਦੱਸਿਆ ਕਿ ਇਹ ਪੈਦਲ ਯਾਤਰਾ 1 ਫਰਵਰੀ ਨੂੰ ਸਵੇਰੇ 10:00 ਵਜੇ ਸੇਵਾ ਦੇਵੀ ਐੱਸ.ਡੀ. ਕਾਲਜ, ਤਰਨ ਤਾਰਨ (ਨੇੜੇ ਗੁਰਦੁਆਰਾ ਸ੍ਰੀ ਟੱਕਰ ਸਾਹਿਬ) ਤੋਂ ਸ਼ੁਰੂ ਹੋਵੇਗੀ ਜੋ ਬਜ਼ਾਰ ਵਿੱਚੋਂ ਹੁੰਦੀ ਹੋਈ ਐੱਸ.ਡੀ.ਐੱਮ. ਦਫ਼ਤਰ ਤਰਨ ਤਾਰਨ ਵਿਖੇ ਪਹੁੰਚੇਗੀ ਅਤੇ ਓਥੋਂ ਵਾਪਸ ਫਿਰ ਸੇਵਾ ਦੇਵੀ ਐੱਸ.ਡੀ. ਕਾਲਜ, ਤਰਨ ਤਾਰਨ ਵਿਖੇ ਪਹੁੰਚ ਕੇ ਸਮਾਪਤ ਹੋਵੇਗੀ।

ਸਹਾਇਕ ਕਮਿਸ਼ਨਰ ਡਾ. ਕਰਨਵੀਰ ਸਿੰਘ ਨੇ ਦੱਸਿਆ ਕਿ ਇਸ ਪੈਦਲ ਯਾਤਰਾ ਦਾ ਉਦੇਸ਼ ਵੋਟਰ ਜਾਗਰੂਕਤਾ, ਚੋਣ ਭਾਗੀਦਾਰੀ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਨੂੰ ਉਤਸ਼ਾਹਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਪੈਦਲ ਯਾਤਰਾ ਵਿੱਚ ਨੌਜਵਾਨ ਵੋਟਰਾਂ, ਵਿਦਿਆਰਥੀਆਂ, ਅਧਿਕਾਰੀਆਂ, ਅਤੇ ਆਮ ਲੋਕਾਂ ਦੀ ਭਾਗੀਦਾਰੀ ਹੋਵੇਗੀ।

ਉਨ੍ਹਾਂ ਜ਼ਿਲ੍ਹਾ ਤਰਨ ਤਾਰਨ ਦੇ ਨੌਜਵਾਨਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਮਿਤੀ 1 ਫਰਵਰੀ ਨੂੰ ਸਵੇਰੇ 10:00 ਵਜੇ ਸੇਵਾ ਦੇਵੀ ਐੱਸ.ਡੀ. ਕਾਲਜ ਵਿਖੇ ਪਹੁੰਚ ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ (ਜਨਰਲ) ਡਾ. ਕਰਨਵੀਰ ਸਿੰਘ ਨੇ ਦੱਸਿਆ ਕਿ ਇਹ ਪੈਦਲ ਯਾਤਰਾ 1 ਫਰਵਰੀ ਨੂੰ ਸਵੇਰੇ 10:00 ਵਜੇ ਸੇਵਾ ਦੇਵੀ ਐੱਸ.ਡੀ. ਕਾਲਜ, ਤਰਨ ਤਾਰਨ (ਨੇੜੇ ਗੁਰਦੁਆਰਾ ਸ੍ਰੀ ਟੱਕਰ ਸਾਹਿਬ) ਤੋਂ ਸ਼ੁਰੂ ਹੋਵੇਗੀ ਜੋ ਬਜ਼ਾਰ ਵਿੱਚੋਂ ਹੁੰਦੀ ਹੋਈ ਐੱਸ.ਡੀ.ਐੱਮ. ਦਫ਼ਤਰ ਤਰਨ ਤਾਰਨ ਵਿਖੇ ਪਹੁੰਚੇਗੀ ਅਤੇ ਓਥੋਂ ਵਾਪਸ ਫਿਰ ਸੇਵਾ ਦੇਵੀ ਐੱਸ.ਡੀ. ਕਾਲਜ, ਤਰਨ ਤਾਰਨ ਵਿਖੇ ਪਹੁੰਚ ਕੇ ਸਮਾਪਤ ਹੋਵੇਗੀ।ਸਹਾਇਕ ਕਮਿਸ਼ਨਰ ਡਾ. ਕਰਨਵੀਰ ਸਿੰਘ ਨੇ ਦੱਸਿਆ ਕਿ ਇਸ ਪੈਦਲ ਯਾਤਰਾ ਦਾ ਉਦੇਸ਼ ਵੋਟਰ ਜਾਗਰੂਕਤਾ, ਚੋਣ ਭਾਗੀਦਾਰੀ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਨੂੰ ਉਤਸ਼ਾਹਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਪੈਦਲ ਯਾਤਰਾ ਵਿੱਚ ਨੌਜਵਾਨ ਵੋਟਰਾਂ, ਵਿਦਿਆਰਥੀਆਂ, ਅਧਿਕਾਰੀਆਂ, ਅਤੇ ਆਮ ਲੋਕਾਂ ਦੀ ਭਾਗੀਦਾਰੀ ਹੋਵੇਗੀ। ਉਨ੍ਹਾਂ ਜ਼ਿਲ੍ਹਾ ਤਰਨ ਤਾਰਨ ਦੇ ਨੌਜਵਾਨਾਂ ਕੇ ਇਸ ਪੈਦਲ ਯਾਤਰਾ ਦਾ ਹਿੱਸਾ ਬਣਨ।

# ਪੀਐੱਲਡਬਲਯੂ ਵਿੱਚ ਲੇਖ ਅਤੇ ਚਿੱਤਰਕਲਾ ਮੁਕਾਬਲੇ ਦਾ ਇਨਾਮ ਵੰਡ ਸਮਾਰੋਹ




**ਪਟਿਆਲਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਲੋਕੋਮੋਟਿਵ ਵਰਕਸ (ਪੀ.ਐਲ.ਡਬਲਯੂ) ਵੱਲੋਂ 6-9 ਸਾਲ, 9-12 ਸਾਲ ਅਤੇ 12-15 ਸਾਲ ਦੇ ਉਮਰ ਵਰਗਾਂ ਦੇ ਬੱਚਿਆਂ ਲਈ ਕਰਵਾਏ ਗਏ ਲੇਖ ਅਤੇ ਚਿੱਤਰਕਲਾ ਮੁਕਾਬਲੇ ਦੇ ਜੇਤੂਆਂ ਨੂੰ ਸਨਮਾਨਿਤ ਕਰਨ ਲਈ ਇਨਾਮ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮੁਕਾਬਲੇ ਦਾ ਉਦੇਸ਼ ਨੰਨੇ ਬੱਚਿਆਂ ਵਿੱਚ ਰਚਨਾਤਮਕਤਾ, ਕਲਪਨਾ ਅਤੇ ਅਭਿਵੈਕਤੀ ਨੂੰ ਉਤਸ਼ਾਹਿਤ ਕਰਨਾ ਸੀ।

ਇਹ ਮੁਕਾਬਲਾ ਪੀ.ਐਲ.ਡਬਲਯੂ ਮਹਿਲਾ ਕਲਿਆਣ ਸੰਸਥਾ ਦੀ ਅਧਿਆਕਸ਼ਾ ਸ੍ਰੀਮਤੀ ਅਰਚਨਾ ਮੋਹਨ ਦੀ ਯੋਗ ਅਗਵਾਈ ਹੇਠ ਆਯੋਜਿਤ ਕੀਤਾ ਗਿਆ।

ਉਨ੍ਹਾਂ ਦੇ ਲਗਾਤਾਰ ਮਾਰਗਦਰਸ਼ਨ ਅਤੇ ਪ੍ਰੋਤਸਾਹਨ ਨੇ ਸਮਾਰੋਹ ਦੀ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਤਿੰਨਾਂ ਉਮਰ ਵਰਗਾਂ ਦੇ ਜੇਤੂਆਂ ਨੂੰ ਉਨ੍ਹਾਂ ਦੀ ਪ੍ਰਤਿਭਾ ਅਤੇ ਉਤਸ਼ਾਹਭਰੀ ਭਾਗੀਦਾਰੀ ਲਈ ਇਨਾਮ ਅਤੇ ਪ੍ਰਮਾਣ-ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

ਸਮਾਰੋਹ ਦੌਰਾਨ ਸ੍ਰੀਮਤੀ ਸੁਚਿਤਰਾ ਰਸਤੋਗੀ, ਸ੍ਰੀਮਤੀ ਅਨੁ ਲਤਾ, ਸ੍ਰੀਮਤੀ ਸਾਧਨਾ ਸ਼ਰਮਾ, ਸ੍ਰੀਮਤੀ ਪ੍ਰੀਆ ਅਰੋੜਾ, ਸ੍ਰੀਮਤੀ ਤਾਰਾ ਗਰਗ ਸਮੇਤ ਪੀਐਲਡਬਲਯੂ ਮਹਿਲਾ ਕਲਿਆਣ ਸੰਸਥਾ ਦੀਆਂ ਹੋਰ ਮਾਨਯੋਗ ਮੈਂਬਰਾਂ ਮੌਜੂਦ ਸਨ। ਉਨ੍ਹਾਂ ਨੇ ਭਾਗੀਦਾਰਾਂ ਅਤੇ ਆਯੋਜਕਾਂ ਦੇ ਯਤਨਾਂ ਦੀ ਭਰਪੂਰ ਸਰਾਹਨਾ ਕੀਤੀ।

ਇਸ ਮੌਕੇ ‘ਤੇ ਸ੍ਰੀਮਤੀ ਅਰਚਨਾ ਮੋਹਨ ਨੇ ਡਿਜ਼ਿਟਲ ਸਿੱਖਿਆ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਨੀਵ ਪੀਐਲਡਬਲਯੂ ਪਬਲਿਕ ਸਕੂਲ ਦੀ ਕੰਪਿਊਟਰ ਪ੍ਰਯੋਗਸ਼ਾਲਾ ਲਈ ਤਿੰਨ ਨਵੇਂ ਕੰਪਿਊਟਰ ਦਾਨ ਕੀਤੇ।

ਇਹ ਪਹਿਲ ਵਿਦਿਆਰਥੀਆਂ ਲਈ ਸਿੱਖਣ ਦੇ ਮੌਕਿਆਂ ਨੂੰ ਹੋਰ ਵਿਸਥਾਰ ਦੇਵੇਗੀ ਅਤੇ ਸਿੱਖਿਆ ਦੇ ਵਿਕਾਸ ਪ੍ਰਤੀ ਪੀ.ਐਲ.ਡਬਲਯੂ ਮਹਿਲਾ ਕਲਿਆਣ ਸੰਸਥਾ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਕਾਰਜਕ੍ਰਮ ਦਾ ਸਮਾਪਨ ਇੱਕ ਸਕਾਰਾਤਮਕ ਮਾਹੌਲ ਵਿੱਚ ਹੋਇਆ, ਜਿੱਥੇ ਬੱਚਿਆਂ ਨੂੰ ਆਪਣੀ ਰਚਨਾਤਮਕਤਾ ਅਤੇ ਅਕਾਦਮਿਕ ਰੁਚੀਆਂ ਨੂੰ ਨਿਰੰਤਰ ਨਿਖਾਰਦੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

# ਫ਼ਰੀਦ ਤੇ ਨਾਨਕ ਦੀ ਭਾਸ਼ਾ ਨੂੰ ਕੋਈ ਖ਼ਤਰਾ ਨਹੀਂ




## ਪੰਜਾਬੀਆਂ ਦੀ ਹੋਂਦ ਨਾਲ ਹੀ ਰਹੇਗੀ ਪੰਜਾਬੀ ਦੀ ਹੋਂਦ : ਮੁਹੰਮਦ ਤਈਅਬ

**ਭਾਰਤੀ ਲੋਕ ਰਾਜ ਪ੍ਰਣਾਲੀ ਵਿਚ ਕੋਈ ਵੀ ਅਫ਼ਸਰ ਨਹੀਂ ਹੈ ਸਗੋਂ ਉਸ ਨੂੰ ਤਾਂ ਜਨਤਾ ਦੀ ਸੇਵਾ ਲਈ ਇਕ ਮੌਕਾ ਮਿਲਦਾ ਹੈ। ਜੇ ਸਾਡਾ ਨਜ਼ਰੀਆ ਲੋਕ ਹਿੱਤਕਾਰੀ ਹੋਵੇਗਾ ਤਾਂ ਸਾਡੇ ਸੁਪਨਿਆਂ ਵਿਚ ਵੀ ਸੇਵਾ ਦੇ ਵਲਵਲੇ ਹੋਣਗੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਕਪੂਰਥਲਾ ਮੁਹੰਮਦ ਤਈਅਬ ਨੇ 'ਪੰਜਾਬੀ ਜਾਗਰਣ' ਨਾਲ ਕੀਤੀ ਉਚੇਚੀ ਗੱਲਬਾਤ ਦੌਰਾਨ ਕੀਤਾ। ਲਖਨਊ (ਉੱਤਰ ਪ੍ਰਦੇਸ਼) ਵਿਚ ਜਨਮੇ ਤੇ 2007 ਬੈਚ ਦੇ ਆਈਏਐੱਸ ਅਫ਼ਸਰ ਜਨਾਬ ਮੁਹੰਮਦ ਤਈਅਬ ਦੱਸਦੇ ਹਨ ਕਿ ਪੰਜਾਬ ਸੂਬਾ ਉਨ੍ਹਾਂ ਨੂੰ ਮਿਲਣਾ ਇਤਫ਼ਾਕਨ ਹੋ ਸਕਦਾ ਹੈ ਪਰ ਉਨ੍ਹਾਂ ਦੇ ਦਿਲ ਦੀ ਸੱਧਰ ਇਹੋ ਸੀ ਕਿ ਉਹ ਪੰਜਾਬ ਵਿਚ ਰਹਿ ਕੇ ਲੋਕ ਸੇਵਾ ਕਰਨ। ਕਪੂਰਥਲਾ ਤੋਂ ਰੌਸ਼ਨ ਖੈੜਾ ਵਿਸ਼ੇਸ਼ ਰਿਪੋਰਟ...**

### ਪੰਜਾਬ ਨਾਲ ਸੀ ਮਨ 'ਚ ਮੋਹ

**ਜਦੋਂ ਮੁਹੰਮਦ ਤਈਅਬ ਨੂੰ** ਪੁੱਛਿਆ ਗਿਆ ਕਿ ਪੰਜਾਬ ਦੀ ਹੀ ਸੇਵਾ ਕਰਨ ਦਾ ਰਾਜ਼ ਕੀ ਸੀ? ਤਾਂ ਉਨ੍ਹਾਂ ਦੱਸਿਆ ਕਿ ਮੇਰੇ ਪਿਤਾ ਸਰਕਾਰੀ ਸੇਵਾ 'ਚ ਸਨ ਤੇ ਮੁਲਕ ਦੇ ਵੱਖੋ-ਵੱਖ ਹਿੱਸਿਆਂ ਵਿਚ ਕੰਮ ਕਰਦੇ ਰਹੇ। ਉਹ ਦੇਸ਼ ਦੇ ਭੂਗੋਲਿਕ, ਸਮਾਜਕ ਤੇ ਧਾਰਮਿਕ ਪੱਖ ਤੋਂ ਜਾਣੂ ਸਨ। ਉਹ ਵਿਗਿਆਨ ਵਿਸ਼ੇ ਦੇ ਵਿਦਿਆਰਥੀ ਸਨ, ਸ਼ਾਇਦ ਹਰ ਗੱਲ ਨੂੰ ਵਿਗਿਆਨਕ ਤਰਕ ਨਾਲ ਸੋਚਣਾ ਤੇ ਹੱਲ ਕਰਨਾ ਉਨ੍ਹਾਂ ਦਾ ਸੁਭਾਅ ਬਣ ਗਿਆ ਸੀ। ਉਹ 2008 ਵਿਚ ਪੰਜਾਬ ਆ ਗਏ, ਇਥੇ ਆ ਕੇ ਪੰਜਾਬੀ ਭਾਸ਼ਾ ਸਿੱਖੀ, ਪੰਜਾਬ ਦੇ ਸੱਭਿਆਚਾਰ, ਰਹਿਣ-ਸਹਿਣ, ਖਾਣ ਪਹਿਨਣ ਤੋਂ ਇਲਾਵਾ ਪੰਜਾਬ ਨੂੰ ਜਾਣ ਕੇ ਪੰਜਾਬੀਅਤ ਦੇ ਮੁਰੀਦ ਬਣ ਗਏ।

### ਨਹੀਂ ਮਰ ਸਕਦੀ ਪੰਜਾਬੀ ਭਾਸ਼ਾ, ਜਿਊਂਦੇ ਨੇ ਸਪੂਤ !

**ਜਦੋਂ ਪੁੱਛਿਆ ਕਿ** ਪੰਜਾਬੀ ਭਾਸ਼ਾ ਦੇ ਮਰਨ ਦਾ ਤੌਖਲਾ ਜਿਹਾ ਲੱਗ ਰਿਹਾ ਹੈ ਤਾਂ ਤੁਸੀਂ ਕੀ ਸਮਝਦੇ ਹੋ? ਤਾਂ ਉਨ੍ਹਾਂ ਕਿਹਾ ਕਿ ਭਾਸ਼ਾ ਕਦੇ ਨਹੀਂ ਮਰਦੀ ਹੁੰਦੀ ਜਦੋਂ ਉਸ ਭਾਸ਼ਾ ਦੇ ਵਾਰਿਸ ਜਿਊਂਦੇ ਹੋਣ। ਉਨ੍ਹਾਂ ਕਿਹਾ ਕਿ ਪੰਜਾਬੀ, ਬਾਬਾ ਫ਼ਰੀਦ, ਬਾਬਾ ਨਾਨਕ, ਵਾਰਿਸ਼ ਸ਼ਾਹ ਦੀ ਭਾਸ਼ਾ ਹੈ, ਜਿਸ ਦੇ ਵਾਰਿਸ ਸ਼ਿਵ ਬਟਾਲਵੀ, ਭਾਈ ਵੀਰ ਸਿੰਘ, ਮੋਹਣ ਸਿੰਘ, ਅੰਮ੍ਰਿਤਾ ਪ੍ਰੀਤਮ ਅਤੇ ਸੁਰਜੀਤ ਪਾਤਰ ਹਨ, ਭਾਸ਼ਾ ਕਿਵੇਂ ਮਰਜੂਗੀ? ਗੁਰੂ ਗ੍ਰੰਥ ਸਾਹਿਬ ਦੀ ਭਾਸ਼ਾ ਗੁਰਮੁੱਖੀ ਹੋਣ ਕਰ ਕੇ ਜਦੋਂ ਤੱਕ ਸਿੱਖ ਜਾਂ ਸਿੱਖੀ ਜ਼ਿੰਦਾਬਾਦ ਹੈ ਪੰਜਾਬੀ ਭਾਸ਼ਾ ਵੀ ਜ਼ਿੰਦਾਬਾਦ ਰਹੇਗੀ।

### ਬਤੌਰ ਪ੍ਰਸ਼ਾਸਕ ਪੰਜਾਬੀ ਲਈ ਮਾਰਦੇ ਨੇ ਹੰਭਲਾ

**ਸਰਕਾਰੀ ਦਫਤਰਾਂ** ਤੇ ਸਕੂਲਾਂ ਵਿਚ ਪੰਜਾਬੀ ਭਾਸ਼ਾ ਵਿਚ ਪੂਰੀ ਸ਼ਿੱਦਤ ਨਾਲ ਕੰਮ ਕਰਦੇ ਹਾਂ, ਜ਼ਿਲ੍ਹੇ ਦੇ ਲੇਖਕਾਂ ਜਾਂ ਬੁੱਧੀਜੀਵੀ ਲੋਕਾਂ ਵੱਲੋਂ ਲਗਾਤਾਰ ਪੰਜਾਬੀ ਸਾਹਿਤ ਨੂੰ ਸਮਰਪਤ ਸਮਾਗਮ ਹੁੰਦੇ ਹਨ। ਸਾਹਿਤ ਸਭਾ ਸਿਰਜਣਾ ਕੇਂਦਰ ਕਪੂਰਥਲਾ (ਰਜਿ.) ਸੂਬੇ ਦੀਆਂ ਸਰਗਰਮ ਸੰਸਥਾਵਾਂ ਵਿੱਚੋਂ ਇਕ ਹੈ, ਲਈ ਪ੍ਰਸ਼ਾਸਨ ਵੱਲੋਂ ਪੰਜਾਬੀ ਦੇ ਉੱਘੇ ਲੇਖਕ ਕਰਤਾਰ ਸਿੰਘ ਦੁੱਗਲ ਮੈਂਬਰ ਰਾਜ ਸਭਾ ਵੱਲੋਂ ਤਾਮੀਰ ਕਰਵਾਏ ਗਏ ਵਿਰਸਾ ਵਿਹਾਰ ਵਿਚ ਹੀ ਹਾਲ ਕਮਰਾ ਦਿੱਤਾ ਹੋਇਆ ਹੈ। ਜਿੱਥੇ ਨਿਰੰਤਰ ਸਾਹਿਤਕ ਸਮਾਗਮ ਕਰਵਾਏ ਜਾਂਦੇ ਹਨ ਜੋ ਪੰਜਾਬੀ ਮਾਂ-ਬੋਲੀ ਦਾ ਦੀਵਾ ਜੱਗਦਾ ਰੱਖਣ ਲਈ ਲਗਾਤਾਰ ਸਰਗਰਮ ਹਨ।

### ਨਹੀਂ ਜੀ ਕਦੇ ਕੋਈ ਦਿੱਕਤ ਨਹੀਂ ਪੇਸ਼ ਆਈ ਬਲਕਿ ਆਸਾਨੀ ਪੇਸ਼ ਆਈ

ਫੇਰ, ਅਸੀ ਇਕ ਨਿੱਜੀ ਸਵਾਲ ਕੀਤਾ ਕਿ ਤੁਸੀ ਗ਼ੈਰ-ਪੰਜਾਬੀ ਮੁਸਲਿਮ ਅਫਸਰ ਹੋ, ਕਦੇ ਕੰਮ-ਕਾਜ ਵਿਚ ਕੋਈ ਦਿੱਕਤ ਤਾਂ ਨਹੀਂ ਆਈ? ਜਵਾਬ ਵਿਚ ਉਨ੍ਹਾਂ ਕਿਹਾ ਕਿ ਬਿਲਕੁਲ ਨਹੀਂ। ਮੈਂ ਕਿਉਂਜੋ 10 ਸਾਲਾਂ ਤੋਂ ਪੰਜਾਬ ਵਿਚ ਹਾਂ ਤੇ ਖੁਦ ਨੂੰ ਪੰਜਾਬੀ ਕਹਾਉਣ ਵਿਚ ਮਾਣ ਮਹਿਸੂਸ ਕਰਦਾ ਹਾਂ। ਬਾਕੀ ਰਹੀ ਗੱਲ ਮੁਸਲਿਮ ਹੋਣ ਦੀ, ਤਾਂ ਧਰਮ ਨਿਰੋਲ ਨਿੱਜੀ ਹੁੰਦਾ ਹੈ ਤੇ ਹਰ ਧਰਮ ਸੇਵਾ ਦਾ ਸਬਕ ਦਿੰਦਾ ਹੈ। ਮੈਂ ਮਸਜਿਦ ਹੀ ਨਹੀਂ ਸਗੋਂ ਗੁਰਦੁਆਰਾ ਜਾਂ ਮੰਦਿਰ ਵੀ ਜਾਂਦਾ ਹਾਂ। ਹਰ ਧਰਮ ਦੇ ਲੋਕ ਮੇਰੇ ਕੋਲ ਜਿਸ ਵਿਸ਼ਵਾਸ ਨਾਲ ਆਉਂਦੇ ਹਨ, ਉਸ ਤੋਂ ਵੱਧ ਮੁਹੱਬਤ ਨਾਲ ਮਿਲਦਾ ਹਾਂ। ਪੰਜਾਬੀਆਂ ਦੀ ਮੇਜ਼ਬਾਨੀ, ਆਪਾ-ਵਾਰੂ ਬਿਰਤੀ, ਗੁਰੂ ਸਹਿਬਾਨ ਦੇ ਉੱਚੇ ਆਦਰਸ਼ ਪੰਜਾਬ ਦੀ ਪਛਾਣ ਹਨ ਜੋ ਮੇਰੇ ਵਰਗੇ ਨੂੰ ਨਿੱਘੀ ਬੁੱਕਲ ਦਾ ਅਨੰਦ ਬਖਸ਼ਦੇ ਹਨ।

### ਪੰਜਾਬੀ ਲਬੋ-ਲਹਿਜ਼ਾ ਹੈ ਮਿਸ਼ਰੀ ਤੋਂ ਮਿੱਠਾ



ਪੰਜਾਬੀ ਬੋਲੀ ਬਾਰੇ ਉਨ੍ਹਾਂ ਕਿਹਾ ਕਿ ਇਸ ਦਾ ਲਬੋ-ਲਹਿਜ਼ਾ ਬਹੁਤ ਵਧੀਆ ਹੈ। ਇਸ ਵਿਚ ਅਪਣੱਤ ਬਹੁਤ ਹੈ ਤੇ ਇਹ ਇਕ ਮਿੱਠੀ ਭਾਸ਼ਾ ਹੈ ਉਨ੍ਹਾਂ ਦੱਸਿਆ ਕਿ ਉਹ ਭਾਵੇਂ ਹਿੰਦੀ, ਉਰਦੂ ਤੇ ਅੰਗਰੇਜ਼ੀ ਜਾਣਦੇ ਪਰ ਲਗਪਗ ਸਾਰਾ ਕੰਮ ਪੰਜਾਬੀ ਵਿਚ ਹੀ ਹੁੰਦਾ ਹੈ ਤੇ ਇਸ ਦਾ ਬਹੁਤ ਲੁਤਫ਼ ਆਉਂਦਾ ਹੈ।

# ਪੰਜਾਬੀ ਦੀ ਸੇਵਾ ਕਰ ਕੇ ਹੁੰਦਾ ਹੈ ਮਾਣ : ਕੁੰਵਰ ਵਿਜੇ ਪ੍ਰਤਾਪ ਸਿੰਘ

ਅੰਮ੍ਰਿਤਪਾਲ ਸਿੰਘ, ਅੰਮ੍ਰਿਤਸਰ

**ਪੰਜਾਬੀ ਦੇ ਮਾਣ**

- **ਮਾਂ ਬੋਲੀ ਹੀ ਬੱਚੇ ਦੇ ਜ਼ਹਿਨੀ ਵਿਕਾਸ 'ਚ ਮਦਦਗਾਰ**
- **ਮਾਂ ਬੋਲੀ 'ਤੇ ਹਾਵੀ ਹੋ ਰਹੀ ਹੈ ਅੰਗ੍ਰੇਜ਼ੀ ਭਾਸ਼ਾ**



ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਆਈਪੀਐੱਸ ਨੇ ਗੈਰ-ਪੰਜਾਬੀ ਹੋਣ ਤੇ ਵੀ ਜੋ ਪੰਜਾਬੀ ਮਾਂ ਬੋਲੀ ਲਈ ਕੰਮ ਕੀਤਾ ਉਹ ਪੰਜਾਬ ਦੇ ਲੋਕਾਂ ਲਈ ਪ੍ਰੇਰਣਾ ਸਰੋਤ ਹੈ। ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਜਿੱਥੇ ਪੁਲਿਸ ਵਿਭਾਗ ਵਿਚ ਰਹਿੰਦਿਆਂ ਵੱਖ-ਵੱਖ ਸ਼ਹਿਰਾਂ ਦੇ ਐੱਸਪੀ, ਐੱਸਐੱਸਪੀ, ਪੁਲਿਸ ਕਮਿਸ਼ਨਰ ਤੋਂ ਇਲਾਵਾ ਡੀਆਈਜੀ ਲੁਧਿਆਣਾ ਰੇਂਜ, ਜਲੰਧਰ ਰੇਂਜ ਅਤੇ ਬਾਰਡਰ ਰੇਂਜ ਅੰਮ੍ਰਿਤਸਰ ਤੇ ਨਾਮਣਾ ਖੱਟਣ ਤੋਂ ਬਾਅਦ ਇੰਸਪੈਕਟਰ ਜਨਰਲ ਅਤੇ ਐਂਟੀ ਟੈਰਰਿਸਟ ਸੁਕਐਡ (ਏਟੀਐੱਸ) ਦੇ ਸਤਿਕਾਰਤ ਅਹੁਦੇ ਤੇ ਬਿਰਾਜਮਾਨ ਹਨ। ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਉਚ ਵਿੱਦਿਆ ਹਾਸਲ ਕਰਨ ਸਮੇਂ ਮਾਸਟਰ ਆਫ ਆਰਟਸ 1994 ਪਟਨਾ ਯੂਨੀਵਰਸਿਟੀ ਵਿਚ ਕੀਤੀ। ਉਹ ਆਈਪੀਐੱਸ ਪੰਜਾਬ ਕੇਡਰ 1998 ਬੈਚ ਵਿਚ ਬਣੇ। ਇਸ ਤੋਂ ਬਾਅਦ ਉਨ੍ਹਾਂ ਨੇ ਪੀਐੱਚਡੀ ਪੁਲਿਸ ਪ੍ਰਸ਼ਾਸਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ 2011 ਵਿਚ ਕੀਤੀ। ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਨੇ 2013 ਵਿਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਐੱਲਐੱਲਬੀ ਤੇ ਇੰਦਰਾ ਗਾਂਧੀ ਨੈਸ਼ਨਲ ਓਪਨ ਯੂਨੀਵਰਸਿਟੀ ਤੋਂ ਐੱਮਬੀਏ 2016 ਵਿਚ ਕੀਤੀ।

ਆਈਪੀਐੱਸ ਹੋਣ ਤੋਂ ਬਾਅਦ ਪੁਲਿਸ ਪ੍ਰਸ਼ਾਸਨ ਵਿਚ ਸ਼ੁਰੂਆਤ ਕਰਦਿਆਂ ਗੁਰੂ ਨਗਰੀ ਅੰਮ੍ਰਿਤਸਰ ਤੋਂ ਦਸੰਬਰ 1999 ਵਿਚ ਐੱਸਪੀ ਸਿਟੀ ਤੈਨਾਤ ਹੋਏ। ਇਸ ਉਪਰੰਤ ਗੁਰੂ ਨਗਰੀ ਅੰਮ੍ਰਿਤਸਰ ਵਿਚ ਹੀ ਉਨ੍ਹਾਂ ਨੂੰ ਐੱਸਐੱਸਪੀ ਅਤੇ ਡੀਆਈਜੀ ਦੇ ਅਹੁਦਿਆਂ ਤੇ ਵੀ ਸੇਵਾ ਕਰਨ ਦਾ ਮਾਣ ਪ੍ਰਾਪਤ ਹੋਇਆ। ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਗੈਰ ਪੰਜਾਬੀ ਹੋਣ ਦੇ ਬਾਵਜੂਦ ਪੰਜਾਬ ਵਿਚ ਰਹਿਣ ਅਤੇ ਵਿਚਰਨ ਨਾਲ ਪੰਜਾਬੀ ਮਾਂ ਬੋਲੀ ਨੂੰ ਇਸ ਕਦਰ ਪਿਆਰ ਕਰਨ ਲੱਗੇ ਕਿ ਉਨ੍ਹਾਂ ਨੇ ਸੰਤ ਕਬੀਰ ਜੀ ਨੂੰ ਸਮਰਪਿਤ ਤਕਰੀਬਨ 125 ਪੰਨਿਆਂ ਦੀ ਕਿਤਾਬ 'ਸੰਤ ਕਬੀਰ ਦੇ ਅਨਮੋਲ ਵਚਨ' ਲੋਕ ਅਰਪਿਤ ਕੀਤੀ। ਇਸ ਤੋਂ ਇਲਾਵਾ ਸਮਾਜ ਨੂੰ ਸੇਧ ਦੇਣ ਵਾਲੇ ਕਈ ਆਰਟੀਕਲ ਵੀ ਲਿਖ ਚੁੱਕੇ ਹਨ। ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਵਿਸ਼ੇਸ਼ ਤੌਰ ਤੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਵਿਚ ਆਉਣ ਤੋਂ ਪਹਿਲਾਂ ਹੀ ਉਨ੍ਹਾਂ ਨੇ ਪੰਜਾਬੀ ਨੂੰ ਪੜ੍ਹਣਾ ਤੇ ਸਿੱਖਣਾ ਸ਼ੁਰੂ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਤੇ ਪੰਜਾਬੀ ਦੀ ਸੇਵਾ ਕਰਕੇ ਉਨ੍ਹਾਂ ਨੂੰ ਮਾਣ ਮਹਿਸੂਸ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਮਾਂ ਬੋਲੀ ਹੀ ਬੱਚੇ ਦਾ ਚੰਗਾ ਵਿਸਥਾਰ ਕਰ ਸਕਦੀ ਹੈ। ਆਪਣੇ ਅਨੁਭਵ ਅਨੁਸਾਰ ਉਨ੍ਹਾਂ ਕਿਹਾ ਕਿ ਬੱਚੇ ਦਾ ਚੰਗਾ ਵਿਸਥਾਰ ਜਿਸ ਤਰੀਕੇ ਨਾਲ ਮਾਂ ਬੋਲੀ ਵਿਚ ਕੀਤਾ ਜਾ ਸਕਦਾ ਹੈ, ਬੱਚੇ ਨੂੰ ਦੂਸਰੀ ਕਿਸੇ ਬੋਲੀ ਨਾਲ ਵਿਸਥਾਰ ਕਰਨਾ ਔਖਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਭਰ ਵਿਚ ਮਾਂ ਬੋਲੀ ਤੇ ਅੰਗ੍ਰੇਜੀ ਭਾਸ਼ਾ ਹਾਵੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਕਰਨਾਟਕ ਵਿਚ ਪੰਜਵੀਂ ਕਲਾਸ ਤੱਕ ਮਾਂ ਬੋਲੀ ਵਿਚ ਹੀ ਵਿਸ਼ੇ ਪੜ੍ਹਾਉਣ ਲਈ ਸਰਕਾਰ ਵਲੋਂ ਜੱਦੋ-ਜਹਿਦ ਕੀਤਾ ਗਿਆ ਸੀ, ਪਰ ਕਿਸੇ ਕਾਰਨ ਉਹ ਨੇਪਰੇ ਨਹੀਂ ਚੜ੍ਹ ਸਕਿਆ। ਸ਼ੁਰੂਆਤ ਦੀ ਪੜ੍ਹਾਈ ਬੱਚੇ ਦੀ ਮਾਂ ਬੋਲੀ ਦੇ ਅਧਾਰ ਤੇ ਹੀ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮਾਂ ਬੋਲੀ ਨਾਲ ਸਬੰਧਤ ਸਰਕਾਰੀ ਸਕੂਲਾਂ ਵਿਚ ਪੜ੍ਹਾਉਣ ਲਈ ਮਾਪੇ ਝਿਜਕ ਰਹੇ ਹਨ। ਜਦ ਕਿ ਬੱਚੇ ਦੀ ਕਾਬਲੀਅਤ ਉਸ ਦੇ ਅੰਦਰ ਪਹਿਲਾਂ ਤੋਂ ਹੀ ਮੌਜੂਦ ਹੁੰਦੀ ਹੈ ਅਤੇ ਬੱਚੇ ਮਿਥੇ ਹੋਏ ਟੀਚੇ ਨੂੰ ਹਮੇਸ਼ਾਂ ਪਾਰ ਕਰਨ ਵਿਚ ਸਮਰੱਥ ਹੁੰਦੇ ਹਨ। ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਵਲੋਂ ਕੀਤੀ ਗਈ ਪੰਜਾਬੀ ਫਿਲਮ 'ਯਾਰਾਂ ਦੇ ਯਾਰ' ਵਿਚ ਭੂਮਿਕਾ ਨਿਭਾਉਣ ਬਾਰੇ ਉਨ੍ਹਾਂ ਕਿਹਾ ਕਿ ਫਿਲਮ ਵਿਚ ਪੁਲਿਸ ਅਫਸਰ ਦੇ ਚੰਗੇ ਰੋਲ ਨੂੰ ਦੇਖਦਿਆਂ ਹੀ ਫਿਲਮ ਵਿਚ ਭੂਮਿਕਾ ਨਿਭਾਉਣ ਲਈ ਹਾਂ ਕੀਤੀ ਸੀ ਅਤੇ ਪੰਜਾਬੀ ਫਿਲਮ ਕਰ ਕੇ ਮਾਣ ਮਹਿਸੂਸ ਹੋਇਆ ਹੈ।

# ਘਰ-ਬਾਹਰ ਹਰ ਥਾਂ ਸਿਰਫ਼ ਪੰਜਾਬੀ ਬੋਲੋ : ਡਾ. ਸਰਬਜੀਤ ਕੌਰ ਸੋਹਲ

**'ਮਾਂ ਤੇ ਧੀਆਂ,ਪੁੱਤਾਂ ਦੇ ਅਨਿੱਖੜਵੇਂ ਰਿਸ਼ਤਿਆਂ ਵਾਂਗ ਸਾਡੀ ਮਾਂ ਬੋਲੀ ਵੀ ਸਦੀਆਂ ਤੋਂ ਸਾਡੇ ਨਾਲ ਨਿਭਦੀ ਆਈ ਹੈ ਤੇ ਰਹਿੰਦੀ ਦੁਨੀਆ ਤੀਕ ਬੰਦੇ ਦੇ ਅੰਗ,ਸੰਗ ਰਹੇਗੀ .. ਇਹ ਵਿਚਾਰ, ਪੰਜਾਬ,ਪੰਜਾਬੀ ਤੇ ਪੰਜਾਬੀਅਤ ਲਈ ਸਮਰਪਤ ਡਾ. ਸਰਬਜੀਤ ਕੌਰ ਸੋਹਲ ਪ੍ਰਧਾਨ,ਪੰਜਾਬ ਸਾਹਿਤ ਅਕਾਦਮੀ, ਚੰਡੀਗੜ੍ਹ ਦੇ ਹਨ। ਕੌਮਾਂਤਰੀ ਮਾਂ ਬੋਲੀ ਦਿਵਸ ਮੌਕੇ ਹਰਦੇਵ ਚੌਹਾਨ ਨੇ ਉਨ੍ਹਾਂ ਨਾਲ ਖ਼ਾਸ ਗੱਲਬਾਤ ਕੀਤੀ। ਇੱਥੇ ਉਸ ਦੇ ਕੁਝ ਅੰਸ਼ ਪੇਸ਼ ਕੀਤੇ ਜਾ ਰਹੇ ਹਨ।**

ਹਰਦੇਵ ਚੌਹਾਨ, ਚੰਡੀਗੜ੍ਹ



ਮਾਝੇ ਦੀ ਜੰਮਪਲ ਡਾ. ਸਰਬਜੀਤ ਕੌਰ ਸੋਹਲ ਅਧਿਆਪਕ ਹੈ, ਨੁਕਤਾਚੀਨ ਹੈ, ਅਧਿਕਾਰੀ ਹੈ ਤੇ ਸੁਹਿਰਦ ਕਵਿੱਤਰੀ ਹੋਣ ਦੇ ਨਾਲ-ਨਾਲ ਸੁਪਤਨੀ ਅਤੇ ਕਾਬਲ ਸੁਗ੍ਰਿਹਣੀ ਵੀ ਹੈ। ਉਨ੍ਹਾਂ ਨੇ ਦਰਜਨ ਤੋਂ ਵੱਧ ਕਵਿਤਾ,ਬਾਲ ਸਾਹਿਤ, ਆਲੋਚਨਾ, ਸਿੱਖਿਆ ਅਤੇ ਪੱਤਰਕਾਰੀ ਆਦਿ ਦੇ ਵਿਸ਼ੇ 'ਚ ਲਿਖੀਆਂ ਪੁਸਤਕਾਂ, ਪਾਠਕਾਂ ਦੀ ਝੋਲੀ 'ਚ ਪਾਈਆਂ ਹਨ। ਇਸ ਵੇਲੇ ਉਹ ਪੰਜਾਬ ਸਾਹਿਤ ਅਕਾਦਮੀ, ਚੰਡੀਗੜ੍ਹ ਦੇ ਪ੍ਰਧਾਨ ਹਨ। ਰੁਝੇਵਿਅ ਭਰੀ ਜ਼ਿੰਦਗੀ 'ਚ ਵਿਚਰਦੀ ਹੋਈ ਡਾ.ਸੋਹਲ ਇਸ ਵੇਲੇ ਸਿਰਫ਼ ਤੇ ਸਿਰਫ਼ ਪੰਜਾਬ, ਪੰਜਾਬੀ ਤੇ ਪੰਜਾਬੀਅਤ ਨੂੰ ਸਮਰਪਤ ਹਨ। ਮਾਂ ਬੋਲੀ ਦੇ ਪ੍ਰਚਾਰ ਅਤੇ ਪਸਾਰ ਬਾਰੇ ਪੁੱਛਣ 'ਤੇ ਉਹ ਦੱਸਦੇ ਹਨ ਕਿ ਮਾਂ ਬੋਲੀ ਪ੍ਰਤੀ ਪਿਆਰ ਤੇ ਜਾਗਰੂਕਤਾ ਪੈਦਾ ਕਰਨ ਲਈ ਪੰਜਾਬ ਅਤੇ ਭਾਰਤ ਤੋਂ ਅੱਗੇ ਸੱਤ ਸਮੁੰਦਰੋਂ ਪਾਰ ਵੀ, ਇਸ ਲਹਿਰ ਨੂੰ ਅੱਗੇ ਵਧਾਉਣ ਦੇ ਸਫਲ ਉਪਰਾਲੇ ਕੀਤੇ ਜਾ ਰਹੇ ਹਨ। ਵਿਸ਼ਵ ਦੇ ਕੋਨੇ-ਕੋਨੇ 'ਚੋਂ ਲੇਖਕਾਂ ਨੂੰ ਸੱਦ ਕੇ ਮਾਂ ਬੋਲੀ ਪੰਜਾਬੀ ਦੇ ਰੂਬਰੂ ਕਰਵਾਇਆ ਜਾ ਰਿਹਾ ਹੈ। ਤਰਜੀਹੀ ਤੌਰ 'ਤੇ ਅਸੀਂ ਪੰਜਾਬੀ ਸਾਹਿਤ, ਪੰਜਾਬੀ ਭਾਸ਼ਾ, ਪੰਜਾਬੀ ਸੱਭਿਆਚਾਰ ਅਤੇ ਪੰਜਾਬੀਅਤ ਦੇ ਪ੍ਰਚਾਰ-ਪ੍ਰਸਾਰ ਅਤੇ ਪ੍ਰਫੁੱਲਤਾ ਲਈ ਤਨਦੇਹੀ ਨਾਲ ਕੰਮ ਕਰ ਰਹੇ ਹਾਂ ਅਤੇ ਪੰਜਾਬ ਸਾਹਿਤ ਅਕਾਦਮੀ ਨੂੰ ਸਾਹਿਤ ਅਕਾਦਮੀ, ਦਿੱਲੀ ਦੇ ਪੱਧਰ ਤਕ ਪਹੁੰਚਾਉਣ ਲਈ ਦਿਨ,ਰਾਤ ਨੂੰ ਇਕ ਕਰ ਰਹੇ ਹਾਂ। ਇਹ ਬੜੇ ਮਾਣ ਵਾਲੀ ਗੱਲ ਹੈ ਕਿ ਸਥਾਨਕ ਸਰਕਾਰ, ਸੈਰ-ਸਪਾਟਾ ਵਿਭਾਗ, ਸਭਿਆਚਾਰਕ ਮਾਮਲੇ ਤੇ ਅਜਾਇਬਘਰ ਵਿਭਾਗ ਦੇ ਮੰਤਰੀ ਨਵਜੋਤ ਸਿੰਘ ਸਿੱਧੂ ਅਤੇ ਪੰਜਾਬ ਕਲਾ ਪ੍ਰੀਸ਼ਦ ਦੇ ਮੁਖੀ ਸੁਰਜੀਤ ਪਾਤਰ ਹੁਰਾਂ ਦੀ ਅਗਵਾਈ ਵਿਚ ਮਾਂ ਬੋਲੀ ਦੇ ਪ੍ਰਚਾਰ ਅਤੇ ਪਸਾਰ ਲਈ ਪੰਜਾਬ ਸਾਹਿਤ ਅਕਾਦਮੀ ਦੁਆਰਾ ਕਈ ਪ੍ਰੋਗਰਾਮ ਕੀਤੇ ਜਾ ਚੁਕੇ ਹਨ ਤੇ ਕਈ ਨਵੇਂ ਪ੍ਰੋਗਰਾਮ ਉਲੀਕੇ ਜਾ ਚੁਕੇ ਹਨ। ਮਾਂ ਬੋਲੀ ਦੇ ਨਾਲ ਪੰਜਾਬੀ ਸਾਹਿਤ ਦੀਆਂ ਸਾਰੀਆਂ ਵਿਧਾਵਾਂ ਦੀ ਪ੍ਰਫੁੱਲਤਾ ਲਈ ਇਹ ਪ੍ਰੋਗਰਾਮ ਕੇਵਲ ਚੰਡੀਗੜ੍ਹ 'ਚ ਹੀ ਨਹੀਂ, ਸਗੋਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ।

ਡਾ.ਸੋਹਲ ਦਸਦੇ ਹਨ ਕਿ ਅੰਤਰਾਸ਼ਟਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਦੇ ਵੱਖ-ਵੱਖ ਸਕੂਲਾਂ, ਕਾਲਜਾਂ ਵਿੱਚ, ਕਵਿਤਾ ਉਚਾਰਨ, ਭਾਸ਼ਣ, ਸੁੰਦਰ ਤੇ ਸ਼ੁਧ ਲੇਖਣ, ਸ਼ੁਧ ਉਚਾਰਨ ਅਤੇ ਵਿਸ਼ੇਸ਼ ਭਾਸ਼ਾਈ ਮੁਹਾਰਤ ਰੱਖਣ ਵਾਲੇ ਵਿਦਵਾਨਾਂ ਦੇ ਲੈਕਚਰ ਕਰਵਾਉਣ ਹਿੱਤ ਅਣਗਿਣਤ ਪ੍ਰੋਗਰਾਮ ਆਯੋਜਿਤ ਕੀਤੇ ਜਾ ਚੁਕੇ ਹਨ ਤੇ ਉਲੀਕੇ ਗਏ ਹਨ। ਇਸ ਸਬੰਧੀ ਪੰਜਾਬ ਸਾਹਿਤ ਅਕਾਦਮੀ ਦੇ ਸਮੂਹ, ਸਲਾਹਕਾਰ ਬੋਰਡ ਅਤੇ ਐਸੋਸੀਏਟ ਮੈਂਬਰ ਸਾਹਿਬਾਨ ਨੂੰ ਅਜਿਹੇ ਪ੍ਰੋਗਰਾਮ ਕਰਵਾਉਣ ਲਈ ਕਿਹਾ ਗਿਆ ਹੈ। ਪੰਜਾਬੀ ਬੋਲੀ ਨੂੰ ਪਿਆਰ ਕਰਨ ਵਾਲਿਆਂ ਨੂੰ ਵੀ ਵੱਧ ਤੋਂ ਵੱਧ ਅਜਿਹੇ ਆਯੋਜਨ ਕਰਨ ਲਈ ਸਨਿਮਰ ਬੇਨਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪਹਿਲਾਂ ਹੀ ਯੂਨੀਵਰਸਿਟੀ ਕਾਲਜ, ਚੁੰਨੀ ਕਲਾਂ, ਫਤਿਹਗੜ੍ਹ ਸਾਹਿਬ, ਪੀ ਟੀ ਐਮ ਆਰੀਆ ਕਾਲਜ, ਨੂਰਮਹਿਲ ਅਤੇ ਮਾਨਸਾ ਵਿਖੇ ਪ੍ਰੋਗਰਾਮ ਆਯੋਜਿਤ ਕੀਤੇ ਜਾ ਚੁਕੇ ਹਨ। ਸਾਨੂੰ ਅਧਿਆਪਕ ਵਜੋਂ ਪੰਜਾਬੀ ਬੋਲਣ ਵਾਲਿਆਂ ਨੂੰ ਸ਼ਾਬਾਸ਼ੀ ਦੇਣੀ ਚਾਹੀਦੀ ਹੈ। ਸ਼ੁਧ ਉਚਾਰਨ ਅਤੇ ਲੇਖਣ ਵੇਲੇ ਦੀ ਲੋੜ ਹੈ ਅਤੇ ਇਸ ਲਈ ਬਾਲਾਂ ਸਮੇਤ ਵੱਡਿਆਂ ਨੂੰ ਉਤਸ਼ਾਹਤ ਕਰਨਾ ਚਾਹੀਦਾ ਹੈ। ਸਾਨੂੰ ਵਿਆਹ ਕਾਰਡ ਤੇ ਪਛਾਣ ਪੱਤਰ ਵੀ ਪੰਜਾਬੀ ਭਾਸ਼ਾ ਵਾਲੇ ਹਸਤਾਖ਼ਰਾਂ ਨਾਲ ਤਿਆਰ ਕਰਨੇ ਚਾਹੀਦੇ ਹਨ। ਹੋਰ ਗੱਲਬਾਤ ਦੌਰਾਨ ਡਾ. ਸੋਹਲ ਨੇ ਕਿਹਾ ਕਿ ਕੋਈ ਚਾਹੇ ਹਿੰਦੀ ਜਾਂ ਅੰਗਰੇਜ਼ੀ ਵਿੱਚ ਗੱਲ ਕਰੇ ਪਰ ਸਾਨੂੰ ਘਰ, ਬਾਹਰ ਪੰਜਾਬੀ ਬੋਲੀ ਬੋਲ ਕੇ ਹੀ ਮਾਂ ਬੋਲੀ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਇਸ ਦਾ ਰੁਤਬਾ ਬੁਲੰਦ ਕਰਵਾਉਣ ਲਈ ਹਮੇਸ਼ਾ ਸੰਘਰਸ਼ਸ਼ੀਲ ਰਹਿਣਾ ਚਾਹੀਦਾ ਹੈ।

# ਰਮੇਸ਼ ਯਾਦਵ ਦੇ ਰੋਮ-ਰੋਮ 'ਚ ਪੰਜਾਬੀਅਤ

ਰਮੇਸ਼ ਰਾਮਪੁਰਾ, ਅੰਮ੍ਰਿਤਸਰ



**ਪੰਜਾਬੀ ਨੂੰ ਪ੍ਰਣਾਇਆ**

- **ਸੈਮੀਨਾਰ ਕਰਵਾ ਕੇ ਪਾਈਆਂ ਵਿਲੱਖਣ ਪੈੜਾਂ**
- **ਵੱਡ-ਵਡੇਰੇ ਯੂ.ਪੀ ਦੇ ਪਰ ਪੰਜਾਬੀ ਲਈ ਧੜਕਦਾ ਹੈ ਦਿਲ**

ਆਪਣੀ ਉਮਰ ਦੇ ਕਈ ਵਰ੍ਹੇ ਪੰਜਾਬੀ ਮਾਂ-ਬੋਲੀ ਦੇ ਲੇਖੇ ਲਗਾਉਣ ਵਾਲੇ ਰਮੇਸ਼ ਯਾਦਵ ਫੋਕਲੋਰ ਰਿਸਰਚ ਅਕੈਡਮੀ ਅਤੇ ਪੰਜ ਪਾਣੀ ਫਾਊਂਡੇਸ਼ਨ ਦੇ ਪ੍ਰਧਾਨ ਹਨ ਅਤੇ ਵਿਰਸਾ ਵਿਹਾਰ ਅੰਮ੍ਰਿਤਸਰ ਦੇ ਸਕੱਤਰ ਹੋਣ ਦੇ ਨਾਲ ਨਾਲ ਹੋਰ ਵੀ ਕਈ ਨਾਮਵਰ ਸੰਸਥਾਵਾਂ ਨਾਲ ਜੁੜੇ ਹੋਏ ਹਨ। 'ਪੰਜਾਬੀ ਜਾਗਰਣ' ਨਾਲ ਗੱਲਬਾਤ ਕਰਦਿਆਂ ਰਮੇਸ਼ ਯਾਦਵ ਨੇ ਦੱਸਿਆ ਕਿ 25 ਵਰ੍ਹੇ ਪਹਿਲਾਂ 1994 ਵਿੱਚ ਫੋਕਲੋਰ ਰਿਸਰਚ ਅਕੈਡਮੀ ਦੀ ਸਥਾਪਨਾ ਕੀਤੀ ਗਈ ਸੀ। ਪੰਜ ਪਾਣੀ ਦੇ ਹੁਣ ਤਕ 17 ਅੰਕ ਲੋਕ ਅਰਪਣ ਹੋ ਚੁੱਕੇ ਹਨ ਜਿਨ੍ਹਾਂ ਵਿਚ ਮਾਂ ਬੋਲੀ ਪੰਜਾਬੀ ਨਾਲ ਸਬੰਧਤ ਵਿਦਵਾਨਾਂ ਅਤੇ ਲੇਖਕਾਂ ਵੱਲੋਂ ਲਿਖੇ ਗਏ ਲੇਖ ਪੰਜਾਬੀ ਬੋਲੀ ਦੇ ਹੋਰ ਪ੍ਰਚਾਰ ਅਤੇ ਪ੍ਰਸਾਰ ਵਿਚ ਅਥਾਹ ਯੋਗਦਾਨ ਪਾਉਂਦੇ ਹਨ। ਉਨ੍ਹਾਂ ਕਿਹਾ ਕਿ ਸਭ ਤੋਂ ਪਲੇਠੇ ਅੰਕ ਦਾ ਨਾਂ 'ਸਾਂਝ ਸਾਜ' ਸੀ ਜਿਸ ਨੂੰ ਬਾਅਦ ਵਿੱਚ ਬਦਲ ਕੇ 'ਪੰਜ ਪਾਣੀ' ਦਾ ਨਾਂ ਦੇ ਦਿੱਤਾ ਗਿਆ। ਇਸ ਸਾਲ ਵੀ ਵੱਖ ਵੱਖ ਵਿਦਵਾਨਾਂ ਅਤੇ ਲੇਖਕਾਂ ਵੱਲੋਂ ਲਿਖੇ ਗਏ ਲੇਖਾਂ ਨਾਲ ਸ਼ਿੰਗਾਰੀ ਗਈ ਕਿਤਾਬ 'ਮਾਖਿਓਂ ਮਿੱਠੀ ਮਾਂ ਬੋਲੀ' ਲੋਕ ਅਰਪਣ ਕੀਤੀ ਜਾ ਚੁੱਕੀ ਹੈ। ਏਸੇ ਤਰਾਂ ਫੋਕਲੋਰ ਰਿਸਰਚ ਅਕੈਡਮੀ ਵੱਲੋਂ ਵੀ ਮਾਂ ਬੋਲੀ ਪੰਜਾਬੀ ਸਬੰਧੀ ਪਿਛਲੇ ਦਸਾਂ ਵਰਿਆਂ ਤੋਂ ਹਰ ਵਰ੍ਹੇ ਕੌਮਾਂਤਰੀ ਮਾਂ ਬੋਲੀ ਦਿਵਸ ਤੇ ਸੈਮੀਨਾਰ ਕਰਵਾਏ ਜਾ ਰਹੇ ਹਨ। ਰਮੇਸ਼ ਯਾਦਵ ਅਨੁਸਾਰ ਅੰਮ੍ਰਿਤਸਰ ਦੇ ਸਮੂਹ ਸਕੂਲਾਂ ਅਤੇ ਕਾਲਜਾਂ ਵਿੱਚ ਸ਼ਿਰਕਤ ਕਰਕੇ ਵਿਦਿਆਰਥੀਆ ਨੂੰ ਮਾਂ ਬੋਲੀ ਦੇ ਮਾਣ ਅਤੇ ਸਤਿਕਾਰ ਵਾਲਾ ਗ੍ਰਾਫ ਹੋਰ ਉੱਚਾ ਚੁੱਕਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਅੰਮ੍ਰਿਤਸਰ ਸਥਿਤ ਹਿੰਦੂ ਕਾਲਜ ਤੋਂ ਗ੍ਰੈਜੂਏਸ਼ਨ ਕਰਨ ਵਾਲੇ ਰਮੇਸ਼ ਯਾਦਵ ਦੇ ਵੱਡੇ ਵਡੇਰੇ ਯੂ.ਪੀ ਨਾਲ ਸਬੰਧਿਤ ਹਨ ਪਰ ਪੰਜਾਬ ਦੀ ਧਰਤੀ ਤੇ ਜਨਮ ਲੈਣ ਵਾਲੇ ਰਮੇਸ਼ ਯਾਦਵ ਦੇ ਰੋਮ ਰੋਮ ਵਿੱਚ ਮਾਂ-ਬੋਲੀ ਪੰਜਾਬੀ ਦਾ ਵਾਸ ਹੈ। ਰਮੇਸ਼ ਯਾਦਵ ਅਨੁਸਾਰ ਉਨਾਂ ਦੀਆਂ ਚਾਰ ਪੀੜ੍ਹੀਆਂ ਪੰਜਾਬ ਦੀਆਂ ਜੰਮਪਲ ਹਨ ਅਤੇ ਚਾਰਾਂ ਪੀੜ੍ਹੀਆਂ ਦੀ ਮੁੱਢਲੀ ਭਾਸ਼ਾ ਮਾਂ ਬੋਲੀ ਪੰਜਾਬੀ ਹੀ ਰਹੀ ਹੈ। ਪਿਤਾ ਵਾਸ ਦੇਵ ਅਤੇ ਮਾਂ ਰੱਜੋ ਦੇਵੀ ਦੀਆਂ ਅੱਖਾਂ ਦੇ ਤਾਰੇ ਰਮੇਸ਼ ਦਾ ਕੈਨੇਡਾ, ਅਮਰੀਕਾ, ਨਿਊਜੀਲੈਂਡ, ਪਾਕਿਸਤਾਨ, ਨੇਪਾਲ ਤੋਂ ਇਲਾਵਾ ਦੇਸ ਅੰਦਰ ਪੂਨੇ, ਦਿੱਲੀ, ਲਖਨਊ, ਸ੍ਰੀਨਗਰ ਅਤੇ ਮਦਰਾਸ ਆਦਿ ਵਿੱਚੋਂ ਮਾਣ-ਸਨਮਾਨ ਪ੍ਰਾਪਤ ਹੋ ਚੁੱਕੇ ਹਨ।

# ਕੰਨੜ ਪ੍ਰੋਫੈਸਰ ਨੇ ਬਣਾਇਆ 'ਪੰਜਾਬੀ ਦਾ ਕਾਫ਼ਲਾ'

ਬਾਹਰ ਤੋਂ ਆਉਣ ਵਾਲੇ ਲੋਕ ਪੰਜਾਬ ਦੀ ਭੋਇੰ ਨੂੰ ਬੇਹਦ ਪਿਆਰ ਇਸ ਲਈ ਕਰਦੇ ਹਨ ਕਿਉਂਕਿ ਇਹ ਪਵਿੱਤਰ ਧਰਤੀ, ਹਰ ਕਿਸੇ ਨੂੰ ਰੂਹਾਨੀਅਤ ਦੇ ਸਿਖ਼ਰ ਤੱਕ ਲੈ ਜਾ ਸਕਣ ਦੇ ਸਮਰੱਥ ਹੈ। ਇਥੇ ਹੀ ਸੂਫੀਵਾਦ ਅਤੇ ਗੁਰਬਾਣੀ ਦਾ ਮਹਾਸਾਗਰ ਹੈ ਜਿਥੇ ਪਵਿੱਤਰਤਾ ਦੀ ਲਹਿਰ ਹਰ ਪਾਸੇ ਵੱਗਦੀ ਵਿਖਾਈ ਦੇਂਦੀ ਹੈ।

ਪੰਜਾਬੀ ਲੋਕ ਲੱਚਰ, ਸ਼ਰਾਬੀ ਅਤੇ ਹਥਿਆਰਾਂ ਦੀ ਸ਼ਾਨ ਵਿਚ ਗਾਏ ਗਾਣਿਆਂ 'ਤੇ ਰੱਜ-ਰੱਜ ਕੇ ਨੱਚ ਰਹੇ ਹਨ ਜੋ ਇਨ੍ਹਾਂ ਦਾ ਸੱਭਿਆਚਾਰ ਹੈ ਹੀ ਨਹੀਂ। ਪੰਜਾਬੀ ਸੱਭਿਆਚਾਰ ਤਾਂ ਇੱਕੋ ਇੱਕ ਪਰਮਾਤਮ ਦੇ ਨਾਦ ਵਿੱਚ ਨੱਚਣ,ਗਾਉਣ ਵਾਲਾ ਸੱਭਿਆਚਾਰ ਹੈ। ਸ਼ਿਵ-ਪਾਸ਼-ਉਦਾਸੀ ਵਰਗੇ ਪੰਜਾਬੀ ਲੇਖਕਾਂ ਦੀਆਂ ਰਚਨਾਵਾਂ ਦੂਜੀਆਂ ਭਾਸ਼ਾਵਾਂ ਵਿੱਚ ਅਨੁਵਾਦ ਕਰਨ ਲਈ ਕੋਈ ਤਰਜਮਾ ਕੇਂਦਰ ਨਹੀਂ ਹੈ...ਕੋਈ ਸਹਾਇਤਾ ਕੇਂਦਰ ਨਹੀਂ ਹੈ।

ਇਥੋਂ ਤੱਕ ਪੰਜਾਬ ਦੇ ਸਿੱਖਿਆ ਮੰਤਰੀ ਹੀ ਪੰਜਾਬੀ ਵਿੱਚ ਸਹੁੰ ਨਹੀਂ ਚੁੱਕਦੇ। ਦਿੱਲ ਤਾਂ ਫੁੱਟ ਫੁੱਟ ਕੇ ਤਦ ਵੀ ਰੋਇਆ ਸੀ ਜਦ ਪੰਜਾਬ ਦੇ ਹਾਲੀਆ ਮੁੱਖ ਮੰਤਰੀ ਨੇ ਵੀ ਪੰਜਾਬੀ ਵਿੱਚ ਸਹੁੰ ਨਹੀਂ ਸੀ ਚੁੱਕੀ...

ਇਹ ਵਿਚਾਰ, ਪੰਜਾਬ ਪੰਜਾਬੀ ਤੇ ਪੰਜਾਬੀਅਤ ਲਈ ਸਮਰਪਤ ਚੰਡੀਗੜ੍ਹ ਸੈਕਟਰ 46 ਦੇ ਇਕ ਗ਼ੈਰ-ਪੰਜਾਬੀ ਪ੍ਰੋਫ਼ੈਸਰ ਪੰਡਿਤ ਰਾਓ ਧਰੇਨਵਰ ਦੇ ਹਨ। ਅੱਜ 21 ਫ਼ਰਵਰੀ ਨੂੰ ਕੌਮਾਂਤਰੀ ਮਾਂ ਬੋਲੀ ਦਿਵਸ ਦੀ ਰੌਸ਼ਨੀ ਵਿਚ **ਹਰਦੇਵ ਚੌਹਾਨ** ਨੇ ਉਨਾਂ ਨਾਲ ਗੱਲ-ਬਾਤ ਕੀਤੀ। ਇਥੇ ਉਸ ਦੇ ਕੁਝ ਖ਼ਾਸ ਅੰਸ਼ ਪਾਠਕਾਂ ਦੀ ਦਿਲਚਸਪੀ ਲਈ ਸਾਂਝੇ ਕੀਤੇ ਜਾ ਰਹੇ ਹਨ।




**» ਗੱਲ ਕੁਦਰਤ ਦੇ ਕ੍ਰਿਸ਼ਮੇ ਦੀ ਕਰਦੇ ਹਾਂ,ਉਸ ਥਿਤ, ਵਾਰ ਬਾਰੇ ਦਸੋ, ਜਿਥੇ ਤੁਸੀਂ ਏਸ ਜਹਾਨ ਵਿਚ ਅੱਖਾਂ ਖੋਲ੍ਹੀਆਂ ?**

● ਮੇਰਾ ਜਨਮ ਕਰਨਾਟਕ ਦੇ ਜਿਲ੍ਹਾ ਬੀਜਾਪੁਰ ਵਿਖੇ ਸਾਲੋਟਗੀ ਪਿੰਡ ਵਿੱਚ 1 ਜਨਵਰੀ 1974 ਵਿੱਚ ਹੋਇਆ।

**» ਪੜ੍ਹਨ-ਗੁੜ੍ਹਨ ਦਾ ਸਫ਼ਰ ਕਿੱਥੋਂ ਸ਼ੁਰੂ ਹੋਇਆ ਸੀ ਤੇ ਕਿੱਥੇ ਮੁੱਕਿਆ ?**

● ਮੇਰੀ ਮੁੱਢਲੀ ਸਿੱਖਿਆ ਮੇਰੇ ਪਿੰਡ ਸ਼ਿਰਸ਼ਾਡ ਸਾਲੋਟਗੀ ਪਿੰਡ ਵਿੱਚ ਹੋਈ। ਇਸ ਤੋਂ ਬਾਅਦ ਕਰਨਾਟਕ ਵਿਖੇ ਧਾਰਵਾੜ ਦੇ ਕਾਲਜ ਵਿੱਚ ਸਿਖਿਆ ਲਈ। ਫਿਰ ਮੈਂ ਉਚ ਸਿਖਿਆ ਲਈ 1993 ਵਿੱਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਨਵੀਂ ਦਿੱਲੀ ਪਹੁੰਚਿਆ ਜਿਥੇ ਮੈਂ ਐਮ.ਏ. ਅਤੇ ਐਮ.ਫਿਲ ਸਮਾਜ ਸ਼ਾਸਤਰ ਵਿੱਚ ਸੰਪੂਰਨ ਕੀਤੀ। ਉਸ ਤੋਂ ਬਾਅਦ ਜਦੋਂ ਮੈਂ ਪੀ.ਐਚ.ਡੀ. ਕਰ ਰਿਹਾ ਸੀ ਤਾਂ ਮੈਨੂੰ 2003 ਵਿੱਚ ਯੂਪੀਐੱਸਸੀ ਤੋਂ ਸਹਾਇਕ ਪ੍ਰੋਫ਼ੈਸਰ ਦੀ ਨੌਕਰੀ ਮਿਲੀ।

**» ਤੁਹਾਡੇ ਬਾਲ-ਨਿਆਣੇ ਓਪਰੇ ਰਾਜ ਵਿਚ ਕਿਵੇਂ ਮਹਿਸੂਸ ਕਰਦੇ ਨੇ?**

● ਉਹ ਇਥੇ ਬੜਾ ਮਾਣ ਮਹਿਸੂਸ ਕਰਦੇ ਹਨ ਤੇ ਹਮੇਸ਼ਾ ਪੰਜਾਬੀ ਸਿੱਖਣ ਅਤੇ ਬੋਲਣ ਲਈ ਉਤਸਾਹਿਤ ਰਹਿੰਦੇ ਹਨ।

**» ਜ਼ਿੰਦਗੀ ਵਿਚ ਕਿਹੜੇ ਜਿਕਰਯੋਗ ਪਰਵਰਤਨ ਆਏ ?**

● ਪੰਜਾਬੀ ਭਾਸ਼ਾ ਸਿਖਣ ਤੋਂ ਬਾਅਦ ਸ੍ਰੀ ਜਪੁਜੀ ਸਾਹਿਬ, ਸ੍ਰੀ ਸੁਖਮਨੀ ਸਾਹਿਬ ਅਤੇ ਜਫ਼ਰਨਾਮਾ ਅਨੁਵਾਦ ਕਰਕੇ ਮੈਂ ਤਾਂ ਗੁਰੂਆਂ ਦੇ ਸਿਧਾਂਤ ਤੋਂ ਬਹੁਤ ਜਿਆਦਾ ਪ੍ਰਭਾਵਿਤ ਹੋਇਆ ਹਾਂ। ਖਾਸ ਤੌਰ ਤੇ ਸ੍ਰੀ ਜਪੁ ਜੀ ਸਾਹਿਬ ਤੋਂ... ਕਿਉਂਕਿ ਸ੍ਰੀ ਜਪੁਜੀ ਸਾਹਿਬ ਵਿੱਚ ਇੱਕੋ,ਇੱਕ ਪਰਮਾਤਮ ਦੀ ਵੱਡੀ ਪੱਧਰ ਤੇ ਉਸਤਤ ਹੋਈ ਹੈ। ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਲਿਖਿਆ ਗਿਆ ਜਫਰਨਾਮਾ ਵੀ ਮੈਨੂੰ ਬਹੁਤ ਪ੍ਰਭਾਵਿਤ ਕਰਦਾ ਹੈ।

**» ਪੰਜਾਬ ਵਿਚ ਬਾਹਰਲੇ ਰਾਜਾਂ ਤੋਂ ਆਏ ਲੋਕ ਇਸ ਭੋਇੰ ਨੂੰ ਪਿਆਰ ਕਰ ਰਹੇ ਹਨ...ਇਹਦੀ ਵਜ੍ਹਾ?**

● ਬਾਹਰ ਤੋਂ ਆਉਣ ਵਾਲੇ ਲੋਕ ਇਸ ਭੋਇੰ ਨੂੰ ਬੇਹਦ ਪਿਆਰ ਇਸ ਲਈ ਕਰਦੇ ਹਨ ਕਿਉਂਕਿ ਇਹ ਪਵਿੱਤਰ ਧਰਤੀ ਹਰ ਕਿਸੇ ਨੂੰ ਰੂਹਾਨੀਅਤ ਦੇ ਸਿਖ਼ਰ ਤੱਕ ਲੈ ਜਾ ਸਕਣ ਦੇ ਸਮਰੱਥ ਹੈ। ਇਥੇ ਹੀ ਸੂਫੀਵਾਦ ਅਤੇ ਗੁਰਬਾਣੀ ਦਾ ਮਾਹਸਾਗਰ ਹੈ।

**» ਪੰਜਾਬ ਦੇ ਬਸ਼ਿੰਦੇ ਵਿਦੇਸ਼ਾਂ ਨੂੰ ਵਹੀਰਾਂ ਘੱਤੀ ਜਾ ਰਹੇ ਨੇ ...ਇਸ ਦਾ ਨਤੀਜਾ ਕੀ ਨਿਕਲੂ ...?**

● ਭਾਵੇਂ ਜਿੰਨੇ ਮਰਜ਼ੀ ਪੰਜਾਬ ਦੇ ਬਸ਼ਿੰਦੇ ਵਿਦੇਸ਼ ਵਿੱਚ ਵੱਸ ਜਾਣ ਪਰ ਉਨ੍ਹਾਂ ਦੇ ਦਿੱਲ ਦੀ ਹਰੇਕ ਧੜਕਣ ਇਸ ਭੋਇੰ ਲਈ ਧੜਕਦੀ ਰਹੇਗੀ।

**» ਪੰਜਾਬ ਵਿਚ ਤੁਸੀਂ ਕਿਹੜੀਆਂ ਖਾਮੀਆਂ ਵੇਖੀਆਂ ਹਨ ? ਹੱਲ ਕਿਵੇਂ ਨਿਕਲੂ**

● ਪੰਜਾਬੀ ਲੋਕ ਲੱਚਰ, ਸ਼ਰਾਬੀ ਅਤੇ ਹਥਿਆਰਾਂ ਦੀ ਮਹਿਮਾ ਵਾਲੇ ਗਾਣਿਆਂ 'ਤੇ ਰੱਜ-ਰੱਜ ਕੇ ਨੱਚ ਰਹੇ ਹਨ ਜੋ ਇਨ੍ਹਾਂ ਦਾ ਸੱਭਿਆਚਾਰ ਹੈ ਹੀ ਨਹੀਂ। ਪੰਜਾਬੀ ਸੱਭਿਆਚਾਰ ਤਾਂ ਇੱਕੋ ਇੱਕ ਪਰਮਾਤਮ ਦੇ ਨਾਦ ਵਿੱਚ ਨੱਚਣ,ਗਾਉਣ ਵਾਲਾ ਸੱਭਿਆਚਾਰ ਹੈ। ਬਾਰ੍ਹਵੀ ਸਦੀ ਵਿੱਚ ਬਾਬਾ ਫਰੀਦ ਤੋਂ ਲੈ ਕੇ 15ਵੀ ਸਦੀ ਵਿੱਚ ਬਾਬਾ ਨਾਨਕ ਅਤੇ ਸਤਾਰ੍ਹਵੀਂ ਸਦੀ ਵਿੱਚ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਤੱਕ ਸਾਰੇ ਦੇ ਸਾਰੇ ਇੱਕੋ ਇੱਕ ਪਰਮਾਤਮ ਦੇ ਨਾਦ ਵਿੱਚ ਨੱਚਦੇ ਰਹੇ ਹਨ ਇਸ ਪੰਜਾਬ ਦੀ ਮਾਣਮੱਤੀ ਧਰਤੀ 'ਤੇ ਪਰ ਅੱਜ ਕਲ੍ਹ ਪੰਜਾਬੀ ਲੋਕਾਂ ਦਾ ਅਰਥ ਰਹਿਤ ਅਤੇ ਲੱਚਰ ਗਾਣਿਆਂ ਦੀਆਂ ਤਰਜ਼ਾਂ 'ਤੇ ਨੱਚਣਾ, ਪੰਜਾਬੀ ਸਮਾਜ ਵਿੱਚ ਇੱਕ ਵੱਡੀ ਖਾਮੀ ਵੇਖਣ ਨੂੰ ਮਿਲ ਰਹੀ ਹੈ। ਲੋਕ ਆਪਣੇ ਘਰਾਂ ਦੇ ਬਾਹਰ ਪੰਜਾਬੀ ਭਾਸ਼ਾ ਵਿਚ ਕੋਈ ਬੋਰਡ ਨਹੀਂ ਲਾਉਂਦੇ।

**» ਇਨ੍ਹਾਂ ਖਾਮੀਆਂ ਨੂੰ ਦੂਰ ਕਰਨ ਲਈ ਅਤੇ ਪੰਜਾਬੀ ਬੋਲੀ ਦੀ ਸਲਾਮਤੀ ਲਈ ਤੁਸੀਂ ਹੀ ਝੰਡਾ ਚੁੱਕਿਆ ਹੈ?**

● ਇਸ ਵੱਡੀ ਖਾਮੀ ਨੂੰ ਦੂਰ ਕਰਨ ਲਈ ਪੰਜਾਬ 'ਚ ਹਰ ਥਾਂ ਤੇ ਜਾ ਕੇ ਮੈਂ ਬੇਨਤੀ ਕਰ ਰਿਹਾ ਹਾਂ ਕਿ ਸ਼ਾਦੀ ਸਮਾਰੋਹ ਵਿੱਚ ਲੱਚਰ, ਸ਼ਰਾਬੀ ਅਤੇ ਹਥਿਆਰਮੁਖੀ ਗਾਣਿਆਂ 'ਤੇ ਨੱਚਣਾ ਬੰਦ ਕਰੋ। ਲੱਚਰ, ਸ਼ਰਾਬੀ ਅਤੇ ਹਥਿਆਰਮੁਖੀ ਗਾਣੇ ਲਿੱਖਣ ਵਾਲੇ, ਗਾਉਣ ਵਾਲੇ ਅਤੇ ਰਿਕਾਰਡਿੰਗ ਕਰਨ ਵਾਲੇ ਲੋਕਾਂ ਦੇ ਖ਼ਿਲਾਫ਼ ਕਾਨੂੰਨੀ ਲੜਾਈ ਵੀ ਲੜ ਰਿਹਾ ਹਾਂ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਜਨਹਿੱਤ ਯਾਚਿਕਾ ਦਰਜ ਕਰ ਕੇ ਇਹੋ ਜਿਹੇ ਗਾਣਿਆਂ 'ਤੇ ਨੱਥ ਪਾਉਣ ਲਈ ਸਰਕਾਰ ਵੱਲੋਂ ਸੁਧਾਰ ਨੀਤੀ ਅਤੇ ਸੈਂਸਰ ਬੋਰਡ ਦੀ ਮੰਗ ਲਈ ਅੱਜ,ਕੱਲ ਸੜਕਾਂ 'ਤੇ ਉੱਤਰਿਆ ਹੋਇਆ ਹਾਂ।

**» ਅੱਜ ਤੀਕ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਓ ?**

● ਬਹੁਤ ਕੁੱਝ ਹਾਸਿਲ ਕਰਨਾ ਬਾਕੀ ਹੈ ਪਰ ਹਾਲੇ ਤੱਕ ਮੈਂ ਪੰਜਾਬੀ ਭਾਸ਼ਾ ਨੂੰ ਬਣਦਾ ਹੋਇਆ ਉੱਚਾ ਦਰਜਾ ਦਿਲਾਉਣ ਵਿਚ ਸਫਲਤਾ ਹਾਸਿਲ ਕੀਤੀ ਹੈ। ਚੰਡੀਗੜ੍ਹ ਵਿਚ 300 ਤੋਂ ਵੱਧ ਪੰਜਾਬੀ ਭਾਸ਼ਾ ਵਿਚ ਬੋਰਡ ਲਗਵਾਏ ਹਨ? ਪੰਜਾਬੀ ਭਾਸ਼ਾ ਸਿੱਖ ਕੇ 12 ਕਿਤਾਬਾਂ ਲਿਖੀਆਂ ਹਨ। ਪੀ.ਜੀ.ਆਈ. ਡਾਕਟਰਾਂ ਨੂੰ ਪੰਜਾਬੀ ਸਿਖਾ ਰਿਹਾ ਹਾਂ। ਸਭ ਤੋਂ ਵੱਡੀ ਪ੍ਰਾਪਤੀ ਤਾਂ ਇਹ ਹੈ ਕਿ ਘੱਗਰ ਨਦੀ ਤੋਂ ਪਾਰ ਪੰਜਾਬੀ ਦਾ ਬੋਲਬਾਲਾ ਹੋਇਆ ਹੈ। ਪੰਜਾਬੀ ਭਾਸ਼ਾ ਨੂੰ ਕਾਵੇਰੀ ਨਦੀ ਤਕ ਲੈ ਕੇ ਗਿਆ ਹਾਂ ਜਿਥੇ ਪੰਜਾਬੀ ਪਾਠਸ਼ਾਲਾ ਸ਼ੁਰੂ ਹੋ ਚੁਕੀ ਹੈ। ਉਥੇ 300 ਤੋਂ ਵੱਧ ਬੱਚੇ ਪੰਜਾਬੀ ਪੜ੍ਹ ਰਹੇ ਹਨ।

**» ਪੰਜਾਬ ਵਿਚ ਪੰਜਾਬੀ ਦੀ ਪ੍ਰਫੁਲਤਾ ਲਈ ਕੀ ਸਰਕਾਰ ਦਾ ਰੋਲ ਤੱਸਲੀਬਖ਼ਸ਼ ਹੈ ?**

● ਪੰਜਾਬ ਵਿਚ ਪੰਜਾਬੀ ਭਾਸ਼ਾ ਦੀ ਪ੍ਰਫੁਲਤਾ ਲਈ ਸਰਕਾਰ ਦੀ ਭੂਮਿਕਾ ਬਹੁਤ ਹੀ ਚਿੰਤਾਜਨਕ ਹੈ। ਪੰਜਾਬ ਭਾਸ਼ਾ ਐਕਟ ਹੋਣ ਦੇ ਬਾਵਜੂਦ ਪੰਜਾਬ ਦੇ ਦਫਤਰਾਂ ਵਿਚ ਪੰਜਾਬੀ ਦੀ ਵਰਤੋਂ ਨਹੀਂ ਹੁੰਦੀ ਹੈ। ਭਾਸ਼ਾ ਵਿਭਾਗ ਦੇ ਵਿੱਚ ਵੱਡੀ ਪੱਧਰ ਤੇ ਕੰਮ ਨਹੀਂ ਹੋ ਰਿਹਾ ਹੈ। ਸ਼ਿਵ-ਪਾਸ਼-ਉਦਾਸੀ ਵਰਗੇ ਪੰਜਾਬੀ ਦਾਨਿਸ਼ਵਰਾਂ ਦੀਆਂ ਰਚਨਾਵਾਂ ਦੂਜੀਆਂ ਭਾਸ਼ਾਵਾਂ ਵਿਚ ਅਨੁਵਾਦ ਕਰਨ ਲਈ ਕੋਈ ਤਰਜੁਮਾ ਕੇਂਦਰ ਨਹੀਂ ਹੈ...ਕੋਈ ਸਹਾਇਤਾ ਕੇਂਦਰ ਨਹੀਂ ਹੈ।

**» ਤੁਸੀਂ ਇਕ ਪਲੇਟਫ਼ਾਰਮ 'ਤੇ ਖੜੇ ਅਪਣੇ ਵਿਚਾਰਾਂ ਦੇ ਘੋੜੇ ਚਹੁੰ ਦਿਸ਼ਾਈ ਘੁਮਾਈ ਜਾਂਦੇ ਹੋ... ਇਸ ਤਰ੍ਹਾਂ ਧਿਆਨ ਖੰਡਿਤ ਨਹੀਂ ਹੁੰਦਾ ?**

● ਧਿਆਨ ਖੰਡਿਤ ਹੋਣ ਦਾ ਸਵਾਲ ਹੀ ਨਹੀਂ ਉਠਦਾ ਕਿਉਂਕਿ ਇਕੋ ਇੱਕ ਪਰਮਾਤਮ ਦੀ ਮਿਹਰ ਸਦਕਾ ਕੰਮ ਕਰਨ ਵਾਲੇ ਲੋਕ, ਚਾਰੋ ਪਾਸੇ ਕੰਮ ਕਰਦੇ ਹਨ।

**» ਆਪਣੀ ਤੇ ਪੰਜਾਬੀ ਬੋਲੀ ਵਿਚ ਤੁਹਾਨੂੰ ਕੋਈ ਸਮਾਨਤਾ ਨਜਰ ਆਉਂਦੀ ਹੈ ?**

● ਜੀ ਬਿਲਕੁਲ... ਮੇਰੀ ਮਾਂ ਬੋਲੀ ਕੰਨੜ ਅਤੇ ਪੰਜਾਬੀ ਬੋਲੀ ਦੇ ਕੁੱਝ ਸ਼ਬਦ ਇਕੋ ਜਿਹੇ ਹਨ ਜਿਵੇਂ ਆਪਾਂ, ਸੁਤਲੀ ਅਤੇ ਭਾਂਡੇ ਆਦਿ। ਕੰਨੜ ਅਤੇ ਪੰਜਾਬੀ ਦੀਆਂ ਕੁੱਝ ਸਾਹਿਤਕ ਰਚਨਾਵਾਂ ਵੀ ਮੇਲ ਖਾਂਦੀਆਂ ਹਨ ਜਿਵੇਂ ਸੰਤ ਰਾਮ ਉਦਾਸੀ ਦੀ ਰਚਨਾਵਾਂ ਅਤੇ ਕਰਨਾਟਕ ਦੇ ਪ੍ਰੋਫ਼ੈਸਰ ਸਿੱਧ ਲਿੰਗਈਆ ਦੀਆਂ ਰਚਨਾਵਾਂ ...ਦੋਹਾਂ ਵਿਚੋਂ ਕ੍ਰਾਂਤੀਕਾਰੀ ਪ੍ਰਭਾਵ ਇੱਕ ਹੀ ਧੁਨ ਵਿੱਚ ਉੱਭਰ ਕੇ ਸਾਮ੍ਹਣੇ ਆਉਂਦੇ ਹਨ। ਬਾਕੀ, ਲੋਕ ਸੂਝਵਾਨ ਹਨ, ਸਭ ਜਾਣਦੇ ਹੀ ਹਨ।

**ਇੰਝ ਬਣੋ ਮਿਸਾਲ** | **ਜੁਰਮਾਂ ਲਈ ਜੇਲ੍ਹ ਕੱਟਣ ਵਾਲੇ ਲੱਖੇ ਨੇ ਪੰਜਾਬੀ ਬੋਲੀ ਲਈ ਵੀ ਕੱਟੀ ਜੇਲ੍ਹ, ਜੇਲ੍ਹਾਂ ਦੀਆਂ ਸੀਖਾਂ ਪਿਛੇ ਵੀ ਮਨਾਉਂਦਾ ਰਿਹਾ ਪੰਜਾਬੀ ਮਾਂ-ਬੋਲੀ ਦਿਵਸ**

# ਗੈਂਗਸਟਰ ਤੋਂ ਸਮਾਜ ਸੇਵਕ, ਫਿਰ ਆਗੂ ਤੇ ਹੁਣ ਮਾਂ-ਬੋਲੀ ਲਈ ਫ਼ਿਕਰਮੰਦ ਹੈ ਸਿਧਾਣਾ

ਤੇਜਿੰਦਰਪਾਲ ਸਿੰਘ, ਬਠਿੰਡਾ



**ਪੰਜਾਬ ਦੇ ਨਾਮੀ** ਗੈਂਗਸਟਰ ਤੋਂ ਸਮਾਜ ਸੇਵੀ ਅਤੇ ਫਿਰ ਰਾਜਨੀਤੀ ਅਤੇ ਹੁਣ ਪੰਜਾਬੀ ਮਾਂ ਬੋਲੀ ਦਾ ਸਪੂਤ ਬਣ ਗਿਆ ਹੈ ਲੱਖਾ ਸਿਧਾਣਾ।

ਦਰਅਸਲ ਪਿਛਲੇ ਕੁਝ ਸਾਲਾਂ 'ਚ ਲਖਵੀਰ ਸਿੰਘ ਲੱਖਾ ਦੀ ਜ਼ਿੰਦਗੀ ਨੇ ਇੰਨਾ ਜ਼ਿਆਦਾ ਬਦਲਾਅ ਲਿਆਂਦਾ ਹੈ ਕਿ ਉਹ ਖ਼ੁਦ ਹੈਰਾਨ ਹੈ। ਪਰ ਉਸ ਦੀ ਮਾਂ ਬੋਲੀ ਪੰਜਾਬੀ ਪ੍ਰਤੀ ਚੇਟਕ ਅੱਜ ਤੋਂ ਨਹੀਂ ਬਲਕਿ ਜਦੋਂ ਉਹ ਜੁਰਮ ਦੀ ਦੁਨੀਆ 'ਚ ਤੁਰ ਰਿਹਾ ਸੀ ਤਾਂ ਉਸ ਸਮੇਂ ਵੀ ਸੀ। ਉਹ ਕਿਥੇ ਵੀ ਹੋਏ ਉਸ ਨੇ 21 ਫਰਵਰੀ ਦਾ ਪੰਜਾਬੀ ਮਾਂ ਬੋਲੀ ਦਾ ਦਿਹਾੜਾ ਸਦਾ ਮਨਾਇਆ। ਇਹੀ ਕਾਰਨ ਹੈ ਕਿ ਲੱਖਾ ਨੇ ਤਿੰਨ ਦਫ਼ਾ ਤਾਂ ਇਹ ਦਿਹਾੜਾ ਪੰਜਾਬ ਦੀਆਂ ਵੱਖ ਵੱਖ ਜੇਲ੍ਹਾਂ 'ਚ ਮਨਾਇਆ। ਕਿਸੇ ਸਮੇਂ ਇਕ ਪੰਜਾਬ ਦੇ ਚੋਟੀ ਦੇ ਗੈਂਗਸਟਰ ਵਜੋਂ ਜਾਣੇ ਜਾਂਦੇ ਲੱਖਾ ਸਿਧਾਣਾ ਦਾ ਹੁਣ ਇਕੋ ਮਕਸਦ ਰਹਿ ਗਿਆ ਹੈ ਕਿ ਉਹ ਪੰਜਾਬੀ ਮਾਂ-ਬੋਲੀ ਲਈ ਸਮਰਪਿਤ ਹੋਣਾ ਚਾਹੁੰਦਾ ਹੈ। ਉਸ ਵੱਲੋਂ ਬੀਤੇ ਸਮੇਂ 'ਚ ਆਪਣੇ ਹੋਰ ਸਹਿਯੋਗੀਆਂ ਨਾਲ ਮਿਲਕੇ ਪੰਜਾਬੀ ਮਾਂ ਬੋਲੀ ਸਤਿਕਾਰ ਐਕਸ਼ਨ ਕਮੇਟੀ ਦਾ ਗਠਨ ਕੀਤਾ ਅਤੇ ਇਸ ਦੀ ਅਗਵਾਈ ਹੇਠ ਉਸ ਨੇ ਅਜਿਹੇ ਕਰੜੇ ਕੰਮ ਵੀ ਕੀਤੇ ਜਿਸ ਕਾਰਨ ਲੱਖਾ ਸਿਧਾਣਾ 'ਤੇ ਦੋ ਪੁਲਿਸ ਕੇਸ਼ ਵੀ ਦਰਜ਼ ਹੋ ਗਏ।

**ਨੈਸ਼ਨਲ ਹਾਈਵੇ ਦੇ ਬੋਰਡਾਂ 'ਤੇ ਕਾਲੇ ਪੋਚੇ ਮਾਰਨ ਕਾਰਨ ਹੋਏ ਦੋ ਕੇਸ ਦਰਜ ਅਤੇ ਹੋਈ ਜੇਲ :** ਲੱਖਾ ਸਿਧਾਣਾ ਭਾਵੇਂ ਪਿਛਲੇ ਕਾਫੀ ਸਮੇਂ ਤੋਂ ਪੰਜਾਬੀ ਮਾਂ ਬੋਲੀ ਨੂੰ ਲੈ ਕੇ ਚਰਚਾ 'ਚ ਰਿਹਾ ਹੈ ਪਰ ਪਿਛਲੇ ਸਾਲ 21 ਨਵੰਬਰ 2017 ਨੂੰ ਉਹ ਉਸ ਸਮੇਂ ਮਾਂ ਬੋਲੀ ਦਾ ਵੱਡਾ ਰਖਵਾਲਾ ਬਣ ਗਿਆ ਜਦੋਂ ਉਸ ਨੇ ਆਪਣੇ ਹੋਰ ਸਾਥੀਆਂ ਨਾਲ ਬਠਿੰਡਾ ਅੰਮ੍ਰਿਤਸਰ ਅਤੇ ਬਠਿੰਡਾ ਚੰਡੀਗੜ ਨੈਸ਼ਨਲ ਹਾਈਵੇ 'ਤੇ ਲੱਗੇ ਸਾਈਨ ਬੋਰਡਾਂ ਦੇ ਉਪਰ ਆਪਣੇ ਹੋਰ ਸਾਥੀਆਂ ਨਾਲ ਮਿਲਕੇ ਹਿੰਦੀ ਅਤੇ ਅੰਗਰੇਜ਼ੀ ਭਾਸ਼ਾ 'ਤੇ ਕਾਲਾ ਪੋਚਾ ਮਾਰ ਦਿੱਤਾ। ਉਸ ਦਾ ਕਹਿਣਾ ਸੀ ਕਿ ਪੰਜਾਬੀ ਨੂੰ ਹਿੰਦੀ ਅਤੇ ਅੰਗਰੇਜ਼ੀ ਤੋਂ ਹੇਠਾ ਜਾਣ ਬੁੱਝ ਕਿ ਰੱਖਿਆ ਜਾ ਰਿਹਾ ਹੈ ਜਦੋਂ ਕਿ ਪੰਜਾਬ ਦੇ ਅੰਦਰ ਪੰਜਾਬੀ ਮਾਂ ਬੋਲੀ ਨੂੰ ਸਭ ਤੋਂ ਉਪਰ ਰੱਖਣਾ ਚਾਹੀਦਾ ਸੀ। ਇਸ ਨੂੰ ਲੈ ਕਿ ਲੱਖਾ ਸਿਧਾਣਾ ਅਤੇ ਇਲਾਕੇ ਦੇ ਪੰਥਕ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਸਮੇਤ ਉਸ ਖਿਲਾਫ ਥਾਣਾ ਨੇਹੀਆਂਵਾਲਾ ਵਿਖੇ ਪੁਲਿਸ ਕੇਸ ਦਰਜ਼ ਕੀਤਾ ਗਿਆ ਅਤੇ ਉਸ ਤੋਂ ਇਲਾਵਾ ਉਸ ਦੇ ਖ਼ਿਲਾਫ਼ ਥਾਣਾ ਥਰਮਲ ਵਿਖੇ ਅਲੱਗ ਤੋਂ ਪੁਲਿਸ ਕੇਸ ਵੀ ਦਰਜ ਹੋਇਆ। ਇਸ ਲਈ ਲੱਖਾ ਸਿਧਾਣਾ ਨੂੰ ਡੇਢ ਮਹੀਨੇ ਲਈ ਜੇਲ੍ਹ ਦੀ ਸਜ਼ਾ ਵੀ ਹੋਈ ਜਿਹੜੀ ਉਨਾਂ ਫਰੀਦਕੋਟ ਕੇਂਦਰੀ ਜੇਲ 'ਚ ਕੱਟੀ ਪਰ ਮਾਂ-ਬੋਲੀ ਨੂੰ ਨਹੀਂ ਛੱਡਿਆ।

### ਜੇਲ੍ਹ 'ਚ ਤਿੰਨ ਸਾਲ ਮਨਾਇਆ ਮਾਂ-ਬੋਲੀ ਦਿਵਸ

ਲੱਖਾ ਸਿਧਾਣਾ ਨੇ ਤਿੰਨ ਸਾਲਾਂ ਤਕ ਪੰਜਾਬੀ ਮਾਂ ਬੋਲੀ ਦਿਵਸ ਪੰਜਾਬ ਦੀਆਂ ਵੱਖ ਵੱਖ ਜੇਲਾਂ 'ਚ ਹੀ ਮਨਾਇਆ। ਲੱਖਾ ਸਿਧਾਣਾ ਨੇ ਦੱਸਿਆ ਕਿ ਉਸ ਲਈ ਪੰਜਾਬੀ ਮਾਂ ਬੋਲੀ ਦੀ ਚੇਟਕ ਹੁਣ ਤੋਂ ਹੀ ਨਹੀਂ ਹੈ ਬਲਕਿ ਜਦੋਂ ਉਹ ਹੋਰ ਆਪਣੇ 'ਤੇ ਦਰਜ ਹੋਏ ਅਪਰਾਧਕ ਮਾਮਲਿਆਂ ਨੂੰ ਲੈ ਕੇ ਵੀ ਪੰਜਾਬ ਦੀਆਂ ਵੱਖ ਵੱਖ ਜੇਲਾਂ 'ਚ ਬੰਦ ਹੁੰਦਾ ਸੀ ਤਾਂ ਉਹ ਜੇਲ 'ਚ ਵੀ 21 ਫਰਵਰੀ ਦਾ ਦਿਨ ਮਨਾਉਂਦਾ ਹੁੰਦਾ ਸੀ ਅਤੇ ਇਸ ਸਬੰਧੀ ਉਹ ਜੇਲ ਪ੍ਰਸਾਸ਼ਨ ਤੋਂ ਆਗਿਆ ਲੈ ਕਿ ਇਕ ਲੈਕਚਰ ਤੱਕ ਦਾ ਆਯੋਜਨ ਕਰਦਾ ਸੀ। ਉਨ੍ਹਾਂ ਦੱਸਿਆ ਕਿ ਭਾਵੇਂ 2017 'ਚ ਉਹ ਫਰੀਕੋਟ ਦੀ ਜੇਲ 'ਚ ਪੰਜਾਬੀ ਮਾਂ ਬੋਲੀ ਦੇ ਮਾਮਲੇ 'ਚ ਹੀ ਬੰ ਦ ਸੀ ਤਾਂ ਉਥੇ ਵੀ 21 ਫਰਵਰੀ ਦੇ ਦਿਨ ਉਨ੍ਹਾਂ ਪੰਜਾਬੀ ਮਾਂ ਬੋਲੀ ਦੇ ਸਨਮਾਨ 'ਚ ਇਕ ਲੈਕਚਰ ਦਾ ਆਯੋਜਨ ਕੀਤਾ। ਇਸ ਤੋਂ ਪਿਛਲੇ ਸਾਲਾਂ 'ਚ ਸਾਲ 2016 'ਚ ਉਹ 21 ਫਰਵਰੀ ਦੇ ਦਿਨ ਮੁਕਤਸਰ ਜੇਲ 'ਚ ਸੀ ਅਤੇ ਇਸ ਦਿਨ ਵੀ ਉਸ ਨੇ ਜੇਲ ਦੇ ਅੰਦਰ ਹੀ ਇਕ ਪੰਜਾਬੀ ਮਾਂ ਬੋਲੀ ਦੇ ਸਮਾਗਮ ਦਾ ਆਯੋਜਨ ਕੀਤਾ ਅਤੇ ਇਸ ਪਿਛਲੇ ਸਾਲ ਉਹ ਬਰਨਾਲਾ ਜੇਲ 'ਚ ਬੰਦ ਸੀ ਅਤੇ ਉਥੇ ਹੀ 21 ਫਰਵਰੀ ਦੇ ਦਿਲ ਉਨਾਂ ਜੇਲ੍ਹ ਦੇ ਵਿਹੜੇ 'ਚ ਹੀ ਸਮਾਗਮ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਕਰਕੇ ਕਰਵਾਇਆ ਗਿਆ।

### ਮਾਂ ਬੋਲੀ ਵਿੱਸਰ ਗਈ ਤਾਂ ਸਾਡੀ ਪਛਾਣ ਮੁੱਕ ਜਾਏਗੀ : ਲੱਖਾ ਸਿਧਾਣਾ

ਪੰਜਾਬੀ ਭਾਸ਼ਾ ਦੇ ਮਾਮਲੇ 'ਤੇ ਗੱਲਬਾਤ ਕਰਦੇ ਹੋਏ ਲਖਵੀਰ ਸਿੰਘ ਲੱਖਾ ਸਿਧਾਣਾ ਨੇ ਦੱਸਿਆ ਕਿ ਹਰ ਕੌਮ ਦੀ ਪਹਿਚਾਣ ਸਾਡੀ ਆਪਣੀ ਭਾਸ਼ਾ ਕਾਰਨ ਹੁੰਦੀ ਹੈ ਅਤੇ ਸਾਨੂੰ ਜੇਕਰ ਕੋਈ ਪੰਜਾਬੀ ਕਹਿੰਦਾ ਹੈ ਤਾਂ ਇਸ ਦਾ ਕਾਰਨ ਸਾਡੀ ਪੰਜਾਬੀ ਭਾਸ਼ਾ ਹੈ। ਉਨ੍ਹਾਂ ਦੱਸਿਆ ਕਿ ਅਸੀਂ ਕਿਸੇ ਹੋਰ ਭਾਸ਼ਾ ਦੇ ਵਿਰੋਧ 'ਚ ਨਹੀਂ ਪਰ ਜਿਸ ਤਰਾਂ ਪੰਜਾਬੀ ਨੂੰ ਸਮੇਂ ਦੇ ਤੰਤਰ ਨਾਲ ਖ਼ਤਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਸੀਂ ਉਸ ਨੂੰ ਨਾ ਹੀ ਤਾਂ ਪਹਿਲਾਂ ਬਰਦਾਸ਼ਤ ਕੀਤਾ ਹੈ ਅਤੇ ਨਾ ਹੀ ਹੁਣ ਕਰਾਂਗੇਂ। ਉਨ੍ਹਾਂ ਦੱਸਿਆ ਕਿ ਜਿਹੜੇ ਪੰਜਾਬੀ ਗਾਇਕ ਅਤੇ ਹੋਰ ਲੇਖਕ ਪੰਜਾਬੀ ਭਾਸ਼ਾ ਦੇ ਨਾਮ 'ਤੇ ਲੋਕਾਂ 'ਚ ਜਾਣੇ ਜਾਂਦੇ ਹਨ ਉਨ੍ਹਾਂ ਨੂੰ ਆਪਣੇ ਪੱਧਰ 'ਤੇ ਪੰਜਾਬੀ ਭਾਸ਼ਾ ਲਈ ਜ਼ਮੀਨੀ ਪੱਧਰ 'ਤੇ ਅੱਗੇ ਆਉਣ ਦੀ ਲੋੜ ਹੈ।

### ਨੌਜਵਾਨਾਂ ਲਈ ਮਾਰਗ ਦਰਸ਼ਕ ਹੈ ਲੱਖਾ : ਬਾਬਾ ਹਰਦੀਪ ਸਿੰਘ ਮਹਿਰਾਜ



**ਪੰਜਾਬੀ ਬੋਲੀ ਲਈ** ਸੰਘਰਸ਼ ਕਰਨ ਵਾਲੇ ਅਤੇ ਪੰਜਾਬੀ ਮਾਂ ਬੋਲੀ ਐਕਸ਼ਨ ਕਮੇਟੀ ਦੇ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਦੱਸਿਆ ਕਿ ਲੱਖਾ ਸਿਧਾਣਾ 'ਚ ਪੰਜਾਬੀ ਮਾਂ ਲਈ ਇਕ ਤੜਫ ਹੈ ਜਿਹੜੀ ਉਸ ਨੂੰ ਇਹ ਚੇਟਕ ਦਿੰਦੀ ਹੈ ਅਤੇ ਉਨਾਂ ਦੱਸਿਆ ਕਿ ਅੱਜ ਹਰ ਪੰਜਾਬੀ ਨੌਜਵਾਨ ਨੂੰ ਆਪਣੀ ਮਾਂ ਬੋਲੀ ਪ੍ਰਤੀ ਚੇਟਕ ਹੋਣੀ ਚਾਹੀਦੀ ਹੈ।

ਉਨ੍ਹਾਂ ਦੱਸਿਆ ਕਿ ਅਸੀਂ ਕਿਸੇ ਭਾਸ਼ਾ ਦੇ ਵਿਰੋਧ 'ਚ ਨਹੀਂ ਹਾਂ ਪਰ ਜਿਹੜੀਆਂ ਥਾਵਾਂ ਤੋਂ ਪੰਜਾਬੀ ਨੂੰ ਜਾਣਬੁੱਝ ਕੇ ਹਟਾਇਆ ਜਾ ਰਿਹਾ ਹੈ ਅਸੀਂ ਉਸ ਦਾ ਵਿਰੋਧ ਕਰਦੇ ਹਾਂ ਅਤੇ ਅਜਿਹੇ ਪਲੇਟਫਾਰਮਾਂ 'ਚ ਲੱਖਾ ਸਿਧਾਣਾ ਸਭ ਤੋਂ ਅੱਗੇ ਆ ਕਿ ਸਾਡੇ ਨਾਲ ਮੋਢਾ ਨਾਲ ਮੋਢਾ ਜੋੜ ਕੇ ਖੜ੍ਹਦਾ ਹੈ।

# ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸੂਟਡੈਂਟ ਪੁਲਿਸ ਕੈਡਿਟਸ ਨੂੰ ਪਹਿਲੀ ਵਾਰ ਗਣਤੰਤਰ ਦਿਵਸ ਮੌਕੇ ਪਰੇਡ ਵਿੱਚ ਸ਼ਮੂਲੀਅਤ ਕਰਵਾਉਣਾ ਸ਼ਲਾਘਾਯੋਗ : ਹਰਜੋਤ ਸਿੰਘ ਬੈਂਸ

**ਪਟਿਆਲਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕਮਊਨਿਟੀ ਅਫੇਅਰ ਡਵੀਜ਼ਨ ਪੰਜਾਬ ਵੱਲੋਂ ਜ਼ਿਲ੍ਹਾ ਸਾਝ ਕੇਂਦਰਾਂ ਦੇ ਰਾਹੀਂ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਸੂਟਡੈਂਟ ਪੁਲਿਸ ਕੈਡਿਟਸ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਸੀ।

ਜਿਸ ਤਹਿਤ ਪਟਿਆਲਾ ਵਿਖੇ ਗਣਤੰਤਰ ਦਿਵਸ ਮੌਕੇ ਸੂਟਡੈਂਟ ਪੁਲਿਸ ਕੈਡਿਟਸ ਦੀ ਟੁਕੜੀ ਨੇ ਪਹਿਲੀ ਵਾਰ ਗਣਤੰਤਰ ਦਿਵਸ ਦੀ ਪਰੇਡ ਵਿੱਚ ਮਾਨਯੋਗ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ ਪੁਲਿਸ ਕਾਮਊਨਿਟੀ ਅਫੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ



ਸਿੰਘ ਚਾਹਲ,ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ-ਜਿਲਾ ਕਾਮਊਨਿਟੀ ਪੁਲਿਸ ਅਫ਼ਸਰ ਵੈਭਵ ਚੌਧਰੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ ਦੀ ਅਗਵਾਈ ਹੇਠ ਭਾਗ ਲਿਆ।

ਇਸ ਮੌਕੇ ਵਿਸ਼ੇਸ਼ ਤੌਰ ਤੇ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਸਰਕਾਰ ਨੇ ਸੂਟਡੈਂਟ ਪੁਲਿਸ ਕੈਡਿਟਸ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐਸ ਆਈ ਪ੍ਰਦੀਪ ਕੁਮਾਰ, ਐਸ ਆਈ ਜਸਵੰਤ ਕੁਮਾਰ, ਇੰਦਰਜੀਤ ਸਿੰਘ ਸਿੱਖਿਆ ਵਿਭਾਗ,ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਬਰ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ, ਮੈਬਰ ਯੁਵਾ ਸਾਂਝ ਕਮੇਟੀ, ਮੈਬਰ ਵੂਮੈਨ ਕੋਸਲਿਗ , ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ,ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਸਾਂਝ ਕੇਂਦਰ, ਏਂ ਐਸ ਆਈ ਭਜਨ ਸਿੰਘ,ਏ ਐਸ ਆਈ ਇੰਦਰਮੀਤ ਸਿੰਘ ,ਹੌਲਦਾਰ ਵਰਿੰਦਰ ਸਿੰਘ ਖਰੌਡ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਹੌਲਦਾਰ ਬੀਰਬਲ ਖਾਨ ਡੈਟਾ ਅਪਰੇਟਰ ਸਾਂਝ ਕੇਂਦਰ ਸਿਵਲ ਲਾਈਨ, ਸਿਪਾਹੀ ਗੁਰਪ੍ਰੀਤ ਕੌਰ , ਉਪਕਾਰ ਸਿੰਘ ਵੀ ਹਾਜ਼ਰ ਸਨ।

ਇਸ ਮੌਕੇ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਸਰਕਾਰ ਨੇ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਹਰ ਜ਼ਿਲ੍ਹੇ ਵਿੱਚ ਜ਼ਿਲ੍ਹਾ ਸਾਂਝ ਕੇਂਦਰਾਂ ਪੰਜਾਬ ਪੁਲਿਸ ਦੀ ਦੇਖ ਰੇਖ ਹੇਠ ਸੂਟਡੈਂਟ ਪੁਲਿਸ ਕੈਡਿਟਸ ਪ੍ਰੋਗਰਾਮ ਸ਼ੁਰੂ ਕੀਤੇ ਹੋਏ ਹਨ। ਇਸ ਤਹਿਤ ਪਟਿਆਲਾ ਜ਼ਿਲ੍ਹੇ ਵਿੱਚ 10 ਸਕੂਲ ਦੇ 8 ਵੀ ਅਤੇ 9 ਵੀ ਕਲਾਸ ਦੇ ਵਿਦਿਆਰਥੀਆਂ ਦੀ ਚੋਣ ਕੀਤੀ ਗਈ। ਉਹਨਾਂ ਕਿਹਾ ਕਿ ਪਹਿਲੀ ਵਾਰ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਗਣਤੰਤਰ ਦਿਵਸ ਮੌਕੇ ਸੂਟਡੈਂਟ ਪੁਲਿਸ ਕੈਡਿਟਸ ਦੇ 40 ਵਿਦਿਆਰਥੀਆਂ ਦੀ ਟੁਕੜੀ ਨੇ ਪਰੇਡ ਵਿੱਚ ਭਾਗ ਲਿਆ ਜੋਂ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਸੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਕਸਦ ਸੂਟਡੈਂਟ ਪੁਲਿਸ ਕੈਡਿਟਸ ਸਕੀਮ ਸ਼ੁਰੂ ਕਰਨ ਦਾ ਮੁੱਖ ਮੰਤਵ ਸੀ ਨੌਜਵਾਨਾ ਵਿੱਚ ਕਿਸ਼ੋਰ ਅਵਸਥਾ ਵਿੱਚ ਹੀ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ ਸੀ।

ਉਹਨਾਂ ਕਿਹਾ ਕਿ ਇਸ ਸਕੀਮ ਨਾਲ ਕੈਡਿਟਸ ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਹਰ ਸਮੇਂ ਤਿਆਰ ਰਹਿਣ ਲਈ ਤਿਆਰ ਕੀਤਾ ਜਾਵੇਗਾ ਅਤੇ ਇਹਨਾਂ ਕੈਡਿਟਸ ਨਸ਼ਿਆਂ ਵਿਰੁੱਧ ਵੀ ਲਾਮਬੰਦ ਹੋਣ ਲਈ ਪ੍ਰੇਰਿਤ ਕੀਤਾ ਜਾਵੇਗਾ।

# ਸਮਾਜ ਸੇਵੀ ਕ੍ਰਿਸ਼ਨ ਕੁਮਾਰ ਸਿੰਗਲਾ ਅਤੇ ਤਰਸੇਮ ਸਿੰਗਲਾ ਨੂੰ ਸਦਮਾ



**ਜੈਤੋਂ,1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜੈਤੋ ਦੇ ਸਮਾਜ ਸੇਵੀ ਕੇਵਲ ਕ੍ਰਿਸ਼ਨ ਸਿੰਗਲਾ ਅਤੇ ਤਰਸੇਮ ਸਿੰਗਲਾ ਦੇ ਪਿਤਾ ਦਾ ਬੀਤੇ ਦਿਨੀ ਅਚਾਨਕ ਦੇਹਾਂਤ ਹੋ ਗਿਆ ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗਰੁੜ ਪੁਰਾਣ ਪਾਠ ਦਾ ਭੋਗ 1 ਫਰਵਰੀ ਦਿਨ ਐਤਵਾਰ ਨੂੰ 12 ਤੋਂ 1 ਵਜੇ ਤੱਕ ਫੋਰ ਸੀਜਨ ਰਿਜ਼ੌਰਟ ਮੁਕਸਰ ਰੋਡ ਜੈਤੋ ਵਿਖੇ ਪਾਇਆ ਜਾਵੇਗਾ। ਇਸ ਦੁੱਖ ਦੀ ਘੜੀ ਵਿੱਚ ਅਮੋਲਕ ਸਿੰਘ ਐਮ ਐਲ ਏ ਜੈਤੋ, ਜਨਾਬ ਮੁਹੰਮਦ ਸਦੀਕ ਸਾਬਕਾ ਸੰਸਦ ਮੈਂਬਰ ਫਰੀਦਕੋਟ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜੈਤੋ ਦੇ ਇੰਚਾਰਜ ਸੂਬਾ ਸਿੰਘ ਬਾਦਲ, ਪੰਜਾਬ ਕਾਂਗਰਸ ਕਮੇਟੀ ਦੇ ਕਾਰਜਕਾਰੀ ਸਾਬਕਾ ਪ੍ਰਧਾਨ ਪਵਨ ਗੋਇਲ, ਸੀਨੀਅਰ ਕਾਂਗਰਸੀ ਆਗੂ ਪ੍ਰਕਾਸ਼ ਸਿੰਘ ਭੱਟੀ,ਆਪ ਆਗੂ ਸੁਖਰੀਤ ਰੁਮਾਣਾ, ਟਰੱਕ ਯੂਨੀਅਨ ਜੈਤੋ ਦੇ ਪ੍ਰਧਾਨ ਹਰਸਿਮਰਨ ਮਲਹੋਤਰਾ,ਨਗਰ ਕੌਂਸਲ ਜੈਤੋ ਦੇ ਪ੍ਰਧਾਨ ਹਰੀਸ਼ ਗੋਇਲ, ਕੌਂਸਲਰ ਤੁਲਸੀ ਰਾਮ ਬਾਂਸਲ, ਸੋਨੂ ਸ਼ਰਮਾ (ਕੋਮਲ), , ਸਮਾਜ ਸੇਵੀ ਜਗਦੇਵ ਸਿੰਘ ਢੱਲਾ,ਸੀਨੀਅਰ ਆਪ ਆਗੂ ਸਤਪਾਲ ਡੋਡ ,ਸਮਾਜ ਸੇਵੀ ਸਤੀਸ਼ ਬਰਗਾੜੀ, ਧਰਮਿੰਦਰ ਪਾਲ ਨੰਬਰਦਾਰ, ਸਮਾਜ ਸੇਵੀ ਡਾਕਟਰ ਬੱਬੀ ,ਸੁਰਜੀਤ ਸਿੰਘ ਬਾਬਾ ਸਾਬਕਾ ਨਗਰ ਕੌਂਸਲ ਪ੍ਰਧਾਨ ਜੈਤੋ, ਪ੍ਰਦੀਪ ਗਰਗ ਮਲੋਟ ਵਾਲੇ,ਦੇਸ਼ੂ ਬਰਗਾੜੀ, ਦਿਨੇਸ਼ ਗੋਇਲ ਲਾਲਾ ਬਰਾੜ, ਆਸ਼ੂ ਮਿੱਤਲ ਕਾਂਗਰਸੀ ਆਗੂ, ਸੰਜੀਵ ਵਾਲੀਆ, ਬੀਜੇਪੀ ਆਗੂ ਸੰਦੀਪ ਸ਼ਰਮਾ ਟੋਨੀ ਪਾਟਿਲ, ਕਾਂਗਰਸੀ ਆਗੂ ਰਾਹੁਲ ਜੈਤੋ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ

# ਹਰਮੀਤ ਸਿੰਘ ਕਾਲਕਾ ਵੱਲੋਂ ਰਵਿੰਦਰਪਾਲ ਸਿੰਘ ਨੂੰ ਜਨਮਦਿਨ ਦੀਆਂ ਮੁਬਾਰਕਾਂ

**ਨਵੀਂ ਦਿੱਲੀ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਬੁੱਧਾ ਦਲ ਨਾਲ ਸੰਬੰਧਿਤ ਸਰਦਾਰ ਰਵਿੰਦਰਪਾਲ ਸਿੰਘ ਨੂੰ ਉਨ੍ਹਾਂ ਦੇ ਜਨਮਦਿਨ ਦੇ ਸ਼ੁਭ ਮੌਕੇ ‘ਤੇ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਭੇਟ ਕੀਤੀਆਂ ਹਨ।



ਸਰਦਾਰ ਹਰਮੀਤ ਸਿੰਘ ਕਾਲਕਾ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਰਦਾਰ ਰਵਿੰਦਰਪਾਲ ਸਿੰਘ ਇੱਕ ਗੁਰਸਿੱਖੀ ਮਰਿਆਦਾ ਨਾਲ ਜੁੜੇ, ਪੰਥਕ ਸੋਚ ਵਾਲੇ ਅਤੇ ਸਮਰਪਿਤ ਵਿਅਕਤੀ ਹਨ, ਜਿਨ੍ਹਾਂ ਦੀ ਸੇਵਾ ਅਤੇ ਵਚਨਬੱਧਤਾ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਨੇ ਅਰਦਾਸ ਕਰਦੇ ਹੋਏ ਕਿਹਾ ਕਿ ਗੁਰੂ ਸਾਹਿਬ ਸਰਦਾਰ ਰਵਿੰਦਰਪਾਲ ਸਿੰਘ ਨੂੰ ਚੰਗੀ ਸਿਹਤ, ਲੰਮੀ ਉਮਰ ਅਤੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਰੱਖਣ, ਤਾਂ ਜੋ ਉਹ ਅਗਲੇ ਸਮੇਂ ਵਿੱਚ ਵੀ ਪੰਥ ਅਤੇ ਸਮਾਜ ਦੀ ਲਗਾਤਾਰ ਸੇਵਾ ਕਰਦੇ ਰਹਿਣ।ਇਸ ਮੌਕੇ ਸਿੱਖ ਸੰਗਤ ਅਤੇ ਸਮਾਜਕ ਵਰਗਾਂ ਵੱਲੋਂ ਵੀ ਸਰਦਾਰ ਰਵਿੰਦਰਪਾਲ ਸਿੰਘ ਨੂੰ ਜਨਮਦਿਨ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ ਗਈਆਂ।

# ਡਿਪਟੀ ਕਮਿਸ਼ਨਰ ਵੱਲੋਂ ਪਟਿਆਲਾ ਦੇ ਸਰਕਾਰੀ ਸਕੂਲਾਂ ਲਈ ਦਾਖ਼ਲਾ ਮੁਹਿੰਮ-2026 ਦਾ ਆਗਾਜ਼



**ਪਟਿਆਲਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਅੱਜ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਲਈ ਦਾਖ਼ਲਾ ਮੁਹਿੰਮ-2026 ਦੀ ਸ਼ੁਰੂਆਤ ਕਰਦਿਆਂ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਇਹ ਵੈਨ ਅਗਲੇ ਤਿੰਨ ਦਿਨਾਂ ਦੌਰਾਨ ਜ਼ਿਲ੍ਹੇ ਦੇ ਸਾਰੇ 16 ਸਿੱਖਿਆ ਬਲਾਕਾਂ ਨੂੰ ਕਵਰ ਕਰਦੀ ਹੋਈ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਲਈ ਉਤਸ਼ਾਹਿਤ ਕਰੇਗੀ।

ਸਰਕਾਰੀ ਐਲਿਮੈਂਟਰੀ ਸਮਾਰਟ ਸਕੂਲ, ਮਾਡਲ ਟਾਊਨ (ਬਲਾਕ ਪਟਿਆਲਾ-3) ਵਿੱਚ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਵਰਜੀਤ ਵਾਲੀਆ ਨੇ ਕਿਹਾ ਕਿ ਇਸ ਦਾਖ਼ਲਾ ਮੁਹਿੰਮ ਦਾ ਮਕਸਦ ਸਰਕਾਰੀ ਸਕੂਲਾਂ ਵਿੱਚ ਮਿਲ ਰਹੀ ਗੁਣਵੱਤਾਪੂਰਨ ਸਿੱਖਿਆ, ਆਧੁਨਿਕ ਸਿੱਖਿਆ ਢਾਂਚੇ ਅਤੇ ਵਿਦਿਆਰਥੀ-ਮਿੱਤਰ ਸਹੂਲਤਾਂ ਬਾਰੇ ਮਾਪਿਆਂ ਨੂੰ ਜਾਣੂ ਕਰਵਾਉਣਾ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਦਾਖ਼ਲ ਕਰਵਾਉਣ ਕਿਉਂਕਿ ਇਹ ਸਕੂਲ ਹਰ ਪੱਖੋਂ ਨਿੱਜੀ ਸਕੂਲਾਂ ਤੋਂ ਉਤਮ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮੁਫ਼ਤ ਪਾਠ ਪੁਸਤਕਾਂ, ਵਰਦੀਆਂ ਅਤੇ ਮਿਡ-ਡੇ ਮੀਲ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਅਧਿਆਪਕ ਹਰ ਪੱਖੋਂ ਯੋਗ ਅਤੇ ਸਮਰਪਿਤ ਹੋਣ ਕਾਰਨ ਪੰਜਾਬ ਦਾ ਭਵਿੱਖ ਸੁਰੱਖਿਅਤ ਹੱਥਾਂ ਵਿੱਚ ਹੈ।

# ਰਾਸ਼ਟਰੀ ਸੜਕ ਸੁਰੱਖਿਆ ਮਹੀਨਾ 2026 ਤਹਿਤ ਡਰਾਈਵਰਾਂ ਦੀਆਂ ਅੱਖਾਂ ਦੀ ਵਿਸ਼ੇਸ਼ ਜਾਂਚ



**ਮਲੇਰਕੋਟਲਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕੌਮੀ ਸੜਕ ਸੁਰੱਖਿਆ ਮਹੀਨਾ-2026 ਦੇ ਤਹਿਤ ਸੜਕ ਹਾਦਸਿਆਂ ਨੂੰ ਘਟਾਉਣ ਅਤੇ ਟ੍ਰੈਫਿਕ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਖੇਤਰੀ ਟਰਾਂਸਪੋਰਟ ਅਫਸਰ ਗੁਰਮੀਤ ਕੁਮਾਰ ਬਾਂਸਲ ਦੀ ਅਗਵਾਈ ਹੇਠ ਖੇਤਰੀ ਡਰਾਈਵਿੰਗ ਸਿਖਲਾਈ ਕੇਂਦਰ ਤੋਲੇਵਾਲ ਵਿਖੇ ਡਰਾਈਵਰਾਂ ਲਈ ਅੱਖਾਂ ਦੀ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਮੰਤਵ ਡਰਾਈਵਰਾਂ ਦੀ ਨਜ਼ਰ ਦੀ ਜਾਂਚ ਕਰਕੇ ਉਨ੍ਹਾਂ ਨੂੰ ਸੁਰੱਖਿਅਤ ਡਰਾਈਵਿੰਗ ਲਈ ਚੰਗੀ ਦ੍ਰਿਸ਼ਟੀ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ। ਇਸ ਮੌਕੇ ਖੇਤਰੀ ਟਰਾਂਸਪੋਰਟ ਅਫਸਰ ਗੁਰਮੀਤ ਕੁਮਾਰ ਬਾਂਸਲ ਨੇ ਕਿਹਾ ਕਿ ਅਕਸਰ ਨਜ਼ਰ ਦੀ ਕਮੀ, ਚਸ਼ਮੇ ਦੀ ਲੋੜ ਜਾਂ ਅੱਖਾਂ ਨਾਲ ਸਬੰਧਿਤ ਹੋਰ ਸਮੱਸਿਆਵਾਂ ਕਾਰਨ ਡਰਾਈਵਿੰਗ ਦੌਰਾਨ ਹਾਦਸਿਆਂ ਦਾ ਖਤਰਾ ਵੱਧ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪਾਂ ਰਾਹੀਂ ਡਰਾਈਵਰਾਂ ਦੀ ਸਿਹਤ ਦੀ ਜਾਂਚ ਕਰਕੇ ਨਾ ਸਿਰਫ਼ ਉਨ੍ਹਾਂ ਦੀ ਆਪਣੀ ਸੁਰੱਖਿਆ ਯਕੀਨੀ ਬਣਾਈ ਜਾ ਸਕਦੀ ਹੈ, ਸਗੋਂ ਹੋਰ ਸੜਕ ਉਪਭੋਗਤਾਵਾਂ ਦੀ ਜਾਨ ਵੀ ਬਚਾਈ ਜਾ ਸਕਦੀ ਹੈ।

ਕੈਂਪ ਦੌਰਾਨ ਡਾਕਟਰੀ ਟੀਮ ਵੱਲੋਂ ਡਰਾਈਵਰਾਂ ਦੀ ਦੂਰ ਅਤੇ ਨਜ਼ਦੀਕ ਨਜ਼ਰ, ਰੰਗ ਪਛਾਣ ਸਮੇਤ ਅੱਖਾਂ ਦੀ ਮੁੱਢਲੀ ਜਾਂਚ ਕੀਤੀ ਗਈ। ਇਸ ਦੌਰਾਨ ਕੁੱਲ 55 ਡਰਾਈਵਰਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 7 ਡਰਾਈਵਰਾਂ ਨੂੰ ਹੋਰ ਵਿਸਥਾਰਪੂਰਵਕ ਮੈਡੀਕਲ ਜਾਂਚ ਅਤੇ ਇਲਾਜ ਲਈ ਰੈਫਰ ਕੀਤਾ ਗਿਆ, ਤਾਂ ਜੋ ਸਮੇਂ ਸਿਰ ਇਲਾਜ ਕਰਵਾ ਕੇ ਉਨ੍ਹਾਂ ਦੀ ਦ੍ਰਿਸ਼ਟੀ ਸੁਧਾਰੀ ਜਾ ਸਕੇ।

ਇਸ ਮੌਕੇ ਸਹਾਇਕ ਟਰਾਂਸਪੋਰਟ ਅਫਸਰ ਸਹਿਨਾਜ ਪਰਵੀਨ ਨੇ ਡਰਾਈਵਰਾਂ ਨੂੰ ਅਪੀਲ ਕੀਤੀ ਕਿ ਉਹ ਨਿਯਮਿਤ ਤੌਰ ‘ਤੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਉਣ, ਚਸ਼ਮੇ ਦੀ ਲੋੜ ਹੋਣ ‘ਤੇ ਉਸਦੀ ਵਰਤੋਂ ਜ਼ਰੂਰ ਕਰਨ ਅਤੇ ਵਾਹਨ ਚਲਾਉਂਦੇ ਸਮੇਂ ਟ੍ਰੈਫਿਕ ਨਿਯਮਾਂ ਦੀ ਪੂਰੀ ਪਾਲਣਾ ਕਰਦੇ ਹੋਏ ਸੁਰੱਖਿਅਤ ਡਰਾਈਵਿੰਗ ਨੂੰ ਅਪਣਾਉਣ।

ਉਨ੍ਹਾਂ ਕਿਹਾ ਕਿ ਸੜਕ ਸੁਰੱਖਿਆ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰ ਵਿਅਕਤੀ ਨੂੰ ਆਪਣੀ ਤੇ ਦੂਜਿਆਂ ਦੀ ਸੁਰੱਖਿਆ ਲਈ ਸਾਵਧਾਨ ਰਹਿਣਾ ਚਾਹੀਦਾ ਹੈ।

# ਹੁਣ ਸਬ ਡਿਵੀਜ਼ਨ ਪੱਧਰ ’ਤੇ ਵੀ ਹੋਣਗੀਆਂ ਮਹੀਨਾ ਵਾਰ ਸਮੀਖਿਆ ਮੀਟਿੰਗਾਂ : ਡਿਪਟੀ ਕਮਿਸ਼ਨਰ



**ਪਟਿਆਲਾ, 1 ਫਰਵਰੀ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਮਹੀਨੇ ਵੱਖ-ਵੱਖ ਵਿਭਾਗਾਂ ਦੀ ਮਹੀਨਾਵਾਰ ਮੀਟਿੰਗਾਂ ਲਈਆਂ ਜਾਂਦੀਆਂ ਹਨ ਅਤੇ ਇਹਨਾਂ ਮੀਟਿੰਗਾਂ ਵਿੱਚ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ’ਚ ਵਿਭਾਗਾਂ ਦੀ ਕਾਰਗੁਜ਼ਾਰੀ ਅਤੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਜਾਂਦੀ ਹੈ।

ਇਸੇ ਲੜੀ ਤਹਿਤ ਅੱਜ ਪਟਿਆਲਾ ਦੇ ਡਿਪਟੀ ਕਮਿਸ਼ਨਰ ਸ਼੍ਰੀ ਵਰਜੀਤ ਵਾਲੀਆ ਵੱਲੋਂ ਅੱਜ ਲਈ ਗਈ ਮਹੀਨਾਵਾਰ ਮੀਟਿੰਗ ਵਿੱਚ ਸਮੂਹ ਐਸਡੀਐਮਜ਼ ਨੂੰ ਹਦਾਇਤ ਕੀਤੀ ਗਈ ਕਿ ਜਿਵੇਂ ਜਿਲ੍ਹਾ ਪੱਧਰ ਤੇ ਹੋਣ ਵਾਲੀ ਮਹੀਨਾ ਵਾਰ ਮੀਟਿੰਗ ਵਿੱਚ ਹਰ ਵਿਭਾਗ ਦਾ ਮੁਖੀ ਆਪਣੇ ਵਿਭਾਗ ਦੀ ਕਾਰਗੁਜ਼ਾਰੀ ਅਤੇ ਪੀਪੀਟੀ ਲੈ ਕੇ ਆਉਂਦਾ ਹੈ ਉਸੇ ਤਰਜ ’ਤੇ ਸਬ ਡਿਵੀਜ਼ਨ ਪੱਧਰ ’ਤੇ ਵਿਭਾਗ ਦਾ ਮੁਖੀ ਐਸਡੀਐਮ ਦੀ ਪ੍ਰਧਾਨਗੀ ਵਿੱਚ ਹੋਣ ਵਾਲੀ ਮਹੀਨਾ ਵਾਰ ਮੀਟਿੰਗ ’ਚ ਆਪਣੀ ਕਾਰਗੁਜ਼ਾਰੀ ਲੈ ਕੇ ਆਵੇਗਾ। ਡਿਪਟੀ ਕਮਿਸ਼ਨਰ ਨੇ ਸਮੂਹ ਐਸ.ਡੀ.ਐਮ’ਜ਼ ਨੂੰ ਆਪਣੀ ਸਬ ਡਿਵੀਜ਼ਨ ਵਿੱਚ ਨਿਯਮਤ ਮੀਟਿੰਗਾਂ ਕਰਕੇ ਹਰ ਮਹੀਨੇ ਕੰਮਾਂ ਦੀ ਸਮੀਖਿਆ ਕਰਨ ਦੇ ਹੁਕਮ ਦਿੱਤੇ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਕੇ ਜ਼ਿਲ੍ਹੇ ਨੂੰ ਸਿਹਤਮੰਦ, ਸਾਫ਼-ਸੁਥਰਾ ਅਤੇ ਵਿਕਸਿਤ ਬਣਾਉਣ ਵਿੱਚ ਯੋਗਦਾਨ ਪਾਉਣ।

ਇਸ ਮੀਟਿੰਗ ਵਿੱਚ ਸਿਵਲ ਸਰਜਨ, ਜ਼ਿਲ੍ਹਾ ਸਿੱਖਿਆ ਅਫ਼ਸਰ, ਵਾਟਰ ਸਪਲਾਈ ਅਤੇ ਸੀਵਰੇਜ ਬੋਰਡ, ਕਮਿਸ਼ਨਰ ਨਗਰ ਨਿਗਮ, ਪ੍ਰਦੂਸ਼ਣ ਕੰਟਰੋਲ ਬੋਰਡ, ਡਰੇਨੇਜ ਵਿਭਾਗ, ਸਮੂਹ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲਾਂ, ਨਗਰ ਪੰਚਾਇਤਾਂ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਰਹੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੀ ਵਿਸਥਾਰ ਨਾਲ ਸਮੀਖਿਆ ਕਰਦਿਆਂ ਸਿਵਲ ਸਰਜਨ ਨੂੰ ਹਦਾਇਤਾਂ ਦਿੱਤੀਆਂ ਕਿ ਸਰਕਾਰੀ ਹਸਪਤਾਲਾਂ ਅਤੇ ਸਿਹਤ ਕੇਂਦਰਾਂ ਵਿੱਚ ਦਵਾਈਆਂ ਦੀ ਉਪਲਬਧਤਾ, ਡਾਕਟਰਾਂ ਦੀ ਹਾਜ਼ਰੀ ਅਤੇ ਸਾਫ਼-ਸਫ਼ਾਈ ਯਕੀਨੀ ਬਣਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਨਗਰ ਨਿਗਮ, ਨਗਰ ਕੌਂਸਲਾਂ ਅਤੇ ਪੰਚਾਇਤਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਗੰਦਗੀ, ਕੂੜਾ ਪ੍ਰਬੰਧ ਅਤੇ ਨਾਲੀਆਂ ਦੀ ਸਫ਼ਾਈ ਵੱਲ ਖ਼ਾਸ ਧਿਆਨ ਦੇਣ ਦੇ ਹੁਕਮ ਦਿੱਤੇ ਗਏ। ਓਹਨਾ ਹੜਾਂ ਦੇ ਮੱਦੇਨਜ਼ਰ ਡਰੇਨੇਜ ਵਿਭਾਗ ਨੂੰ ਨਾਲੀਆਂ ਅਤੇ ਡਰੇਨਾਂ ਦੀ ਤੁਰੰਤ ਸਫ਼ਾਈ ਕਰਵਾਉਣ ਲਈ ਵੀ ਕਿਹਾ ।

ਡੀ ਸੀ ਵੱਲੋਂ ਮੀਟਿੰਗ ਵਿੱਚ ਪੀਣ ਵਾਲੇ ਪਾਣੀ ਦੀ ਗੁਣਵੱਤਾ, ਵਾਟਰ ਸਪਲਾਈ ਕਨੈਕਸ਼ਨਾਂ, ਸੀਵਰੇਜ ਸਿਸਟਮ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਦੀ ਵੀ ਸਮੀਖਿਆ ਕੀਤੀ ਗਈ। ਓਹਨਾ ਜ਼ੋਰ ਦਿੱਤਾ ਕਿ ਸਾਫ਼ ਪਾਣੀ ਅਤੇ ਸਿਹਤਮੰਦ ਵਾਤਾਵਰਣ ਲੋਕਾਂ ਦਾ ਮੂਲ ਅਧਿਕਾਰ ਹੈ।ਓਹਨਾ ਸੜਕਾਂ ਦੀ ਹਾਲਤ, ਸਟ੍ਰੀਟ ਲਾਈਟਾਂ, ਰੋਸ਼ਨੀ ਪ੍ਰਬੰਧ, ਰੋਡ ਸੇਫਟੀ, ਟ੍ਰੈਫਿਕ ਪ੍ਰਬੰਧ, ਈ-ਰਿਕਸ਼ਾ ਨਿਯਮਨ, ਨਿਊ ਅਤੇ ਪੁਰਾਣੇ ਬੱਸ ਸਟੈਂਡ ਦੀ ਵਿਵਸਥਾ, ਰਾਜਪੁਰਾ ਅਤੇ ਨਾਭਾ ਟ੍ਰੈਫਿਕ, ਭਾਰੀ ਵਾਹਨਾਂ ਦੀ ਆਵਾਜਾਈ ਅਤੇ ਸੇਫ ਸਕੂਲ ਵਾਹਨ ਪਾਲਿਸੀ ਦੀ ਨਿਯਮਤ ਚੈਕਿੰਗ ਬਾਰੇ ਵੀ ਚਰਚਾ ਕੀਤੀ ।

# ਸਿਹਤ ਮੰਤਰੀ ਵੱਲੋਂ ਪਟਿਆਲਾ ਦਿਹਾਤੀ ਹਲਕੇ ਵਿੱਚ ਵਿਕਾਸ ਕਾਰਜਾਂ ਦਾ ਜਾਇਜ਼ਾ

**ਪਟਿਆਲਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀਆਂ ਨਾਲ ਬੈਠਕ ਕਰਕੇ ਪਟਿਆਲਾ ਦਿਹਾਤੀ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਅਤੇ ਪ੍ਰਸਤਾਵਿਤ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।





ਮੀਟਿੰਗ ਦੌਰਾਨ, ਡਾ. ਬਲਬੀਰ ਸਿੰਘ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭਪਾਤਰੀ ਪਰਿਵਾਰਾਂ ਦੇ ਕਾਰਡ ਬਣਾਏ ਜਾਣ ਦਾ ਜਾਇਜ਼ਾ ਲਿਆ।

ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਸੂਬੇ ਦੇ ਹਰੇਕ ਪਰਿਵਾਰ ਨੂੰ 10 ਲੱਖ ਤੱਕ ਇਲਾਜ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਯੋਜਨਾ ਦੇ ਲਾਗੂਕਰਨ ਦੀ ਰੋਜ਼ਾਨਾ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵੱਧ ਤੋਂ ਵੱਧ ਲਾਭਪਾਤਰੀ ਕਵਰ ਕੀਤੇ ਜਾਣ ਅਤੇ ਕੋਈ ਵੀ ਯੋਗ ਪਰਿਵਾਰ ਇਸ ਤੋਂ ਵਾਂਝਾ ਨਾ ਰਹੇ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਖ਼ੁਦ ਰੋਜ਼ਾਨਾ ਇਸ ਯੋਜਨਾ ਦੇ ਕਾਰਡ ਬਣਾਉਣ ਦਾ ਜਾਇਜ਼ਾ ਲੈ ਰਹੇ ਹਨ, ਇਸ ਲਈ ਇਸ ਵਿੱਚ ਕੋਈ ਅਣਗਹਿਲੀ ਨਾ ਵਰਤੀ ਜਾਵੇ।

ਸਿਹਤ ਮੰਤਰੀ ਨੇ ਪਿੰਡਾਂ ਦੇ ਛੱਪੜਾਂ ਦੇ ਨਵੀਨੀਕਰਨ ਦਾ ਵੀ ਜਾਇਜ਼ਾ ਲਿਆ, ਨਿਰਦੇਸ਼ ਦਿੱਤੇ ਕਿ ਇਨ੍ਹਾਂ ਨੂੰ ਥਾਪਰ ਮਾਡਲ ’ਤੇ ਵਿਕਸਤ ਕੀਤਾ ਜਾਵੇ ਤਾਂ ਜੋ ਗੰਦੇ ਪਾਣੀ ਦੀ ਨਿਕਾਸੀ ਅਤੇ ਵਾਤਾਵਰਣ ਸੁਧਾਰ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ, ਉਨ੍ਹਾਂ ਹਲਕੇ ਵਿੱਚ ਯੋਗ ਲਾਭਪਾਤਰੀਆਂ ਨੂੰ ਪੰਜ ਮਰਲੇ ਰਿਹਾਇਸ਼ੀ ਪਲਾਟਾਂ ਦੀ ਵੰਡ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਵਿਕਾਸ ਕਾਰਜ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ ਦਿੱਤੀਆਂ।

ਜ਼ਮੀਨੀ ਪੱਧਰ ’ਤੇ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਹਲਕੇ ਦੇ ਹਰ ਪਿੰਡ ਵਿੱਚ ਪਿੰਡ ਕਲੀਨਿਕ ਖੋਲ੍ਹੇ ਜਾਣਗੇ।

# 1 ਫਰਵਰੀ ਨੂੰ ਦੁਰਗਾ ਮਾਤਾ ਮੰਦਿਰ ਵਿੱਚ ਵਿਸ਼ਾਲ ਸ਼੍ਰੀ ਹਨੂੰਮਾਨ ਚਾਲੀਸਾ ਸਮੂਹਿਕ ਪਾਠ : ਵਰੁਣ ਮਹਿਤਾ



**ਲੁਧਿਆਣਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਨਾਤਨ ਸੇਵਾ ਸਮਿਤੀ ਪੰਜਾਬ ਮਾਲਵਾ ਜ਼ੋਨ-1 ਦੇ ਜਨਰਲ ਸਕੱਤਰ ਵਰੁਣ ਮਹਿਤਾ ਨੇ ਦੱਸਿਆ ਕਿ 1 ਫਰਵਰੀ, ਸ਼ਨੀਵਾਰ ਨੂੰ ਭਾਈ ਰਣਧੀਰ ਸਿੰਘ ਨਗਰ ਸਥਿਤ ਦੁਰਗਾ ਮਾਤਾ ਮੰਦਿਰ ਵਿੱਚ ਸ਼੍ਰੀ ਹਨੂੰਮਾਨ ਚਾਲੀਸਾ ਦਾ ਵਿਸ਼ਾਲ ਸਮੂਹਿਕ ਪਾਠ ਕੀਤਾ ਜਾਵੇਗਾ, ਜਿਸ ਵਿੱਚ ਹਜ਼ਾਰਾਂ ਸ਼ਰਧਾਲੂ ਭਾਗ ਲੈਣਗੇ।

ਇਸ ਮੌਕੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸ਼੍ਰੀ ਮਨੀਸ਼ ਸਿਸੋਦੀਆ ਵੀ ਹਾਜ਼ਰੀ ਭਰਨਗੇ। ਸਮਾਗਮ ਦੌਰਾਨ ਸੰਕੀਰਤਨ ਸਮੂਹਾਂ ਨੂੰ ਸੰਗੀਤ ਕਿੱਟਾਂ ਵੰਡੀਆਂ ਜਾਣਗੀਆਂ ਅਤੇ ਧਾਰਮਿਕ ਸ਼ਖਸੀਅਤਾਂ ਦਾ ਸਨਮਾਨ ਕੀਤਾ ਜਾਵੇਗਾ।

ਮਹਿਤਾ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਮੂਹਿਕ ਜਾਪ ਵਿੱਚ ਸ਼ਾਮਲ ਹੋ ਕੇ ਲੋੜਵੰਦਾਂ ਲਈ ਪ੍ਰਾਰਥਨਾ ਕਰਨ।

# ਪੁਲਿਸ ਨੂੰ ਮੈਡੀਕਲ ਸਟੋਰ ਤੇ ਛਾਪੇਮਾਰੀ ਦੌਰਾਨ ਮਿਲੀਆਂ ਇਤਰਾਜਯੋਗ ਨਸ਼ੀਲੀਆਂ ਦਵਾਈਆਂ

**ਮਾਛੀਵਾੜਾ ਸਾਹਿਬ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅੰਦਰ ਨਸ਼ਿਆਂ ਨੂੰ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਮਾਛੀਵਾੜਾ ਪੁਲਿਸ ਨੂੰ ਵੱਡੀ ਕਾਮਯਾਬੀ ਮਿਲੀ ਜਦੋਂ ਇਕ ਮੈਡੀਕਲ ਸਟੋਰ ਤੋਂ ਇਤਰਾਜਯੋਗ ਦਵਾਈਆਂ ਵੱਡੀ ਮਾਤਰਾ ਵਿੱਚ ਬਰਾਮਦ ਕੀਤੀਆਂ ਗਈਆਂ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਡੀ.ਐਸ.ਪੀ. ਸਮਰਾਲਾ ਤਰਲੋਚਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ ਅਤੇ ਐਸ.ਐਸ.ਪੀ. ਖੰਨਾ ਡਾ.ਦਰਪਣ ਆਹਲੂਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵੱਖ-ਵੱਖ ਥਾਵਾਂ ਤੇ ਪੁਲਿਸ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ। ਜਿਸ ਤਹਿਤ ਡਰੱਗਜ ਇੰਸਪੈਕਟਰ ਅਮਰਜੀਤ ਸਿੰਘ ਦੇ ਨਾਲ ਮਾਛੀਵਾੜਾ ਸਾਹਿਬ ਵਿਖੇ ਇੱਕ ਸਿਵਲ ਹਸਪਤਾਲ ਤੋਂ ਮਹਿਜ ਕੁਝ ਕਦਮਾਂ ਦੀ ਦੂਰੀ ’ਤੇ ਪੈਂਦੇ ਮੈਡੀਕਲ ਦੀ ਇਕ ਦੁਕਾਨ ’ਤੇ ਗੁਪਤ ਸੂਚਨਾ ਦੇ ਆਧਾਰ ’ਤੇ ਮਾਰੇ ਛਾਪੇ ਦੌਰਾਨ ਵੱਡੀ ਮਾਤਰਾ ਵਿਚ ਨਸ਼ੀਲੀਆਂ ਦਵਾਈਆਂ ਦਾ ਜ਼ਖ਼ੀਰਾ ਬਰਾਮਦ ਕੀਤਾ ਗਿਆ ਹੈ।

ਡਰੱਗ ਇੰਸਪੈਕਟਰ ਅਮਰਜੀਤ ਸਿੰਘ ਅਨੁਸਾਰ ਇਨ੍ਹਾਂ ਨਸ਼ੀਲੀਆਂ ਦਵਾਈਆਂ ਵਿਚ 1000 ਗੋਲੀਆਂ ਤੇ 2695 ਕੈਪਸੂਲ ਸ਼ਾਮਿਲ ਹਨ। ਫਿਲਹਾਲ ਦੁਕਾਨਦਾਰ ਨੂੰ ਕਾਬੂ ਕਰਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਨਸ਼ੇ ਦੀਆਂ ਦਵਾਈਆਂ ਵੇਚਣ ਵਾਲੇ ਮੈਡੀਕਲ ਸਟੋਰਾਂ ਨੂੰ ਚੇਤਾਵਨੀ ਦਿੰਦਿਆਂ ਡੀ.ਐਸ.ਪੀ.ਸਮਰਾਲਾ ਨੇ ਕਿਹਾ ਕਿ ਓਹ ਇਸ ਧੰਦੇ ਨੂੰ ਬਿਲਕੁਲ ਬੰਦ ਕਰ ਦੇਣ ਨਹੀਂ ਤਾਂ ਉਹਨਾਂ ਦੇ ਲਾਇਸੈਂਸ ਕੈਂਸਲ ਹੋ ਸਕਦੇ ਹਨ। ਉਹਨਾਂ ਨੇ ਕਿਹਾ ਕਿ ਮੈਡੀਕਲ ਸਟੋਰ ਖੋਲ੍ਹਣ ਲਈ ਡਿਗਰੀ ਕਰਨ ਲਈ ਬੜਾ ਲੰਬਾ ਸਮਾਂ ਪੜ੍ਹਾਈ ਕਰਨੀ ਪੈਂਦੀ ਹੈ. ਉਹ ਆਪਣੀ ਇਸ ਪੜ੍ਹਾਈ ਨੂੰ ਕਿਸੇ ਗਲਤ ਪਾਸੇ ਨਾ ਵਰਤ ਕੇ ਕਿਸੇ ਦੀਆਂ ਜ਼ਿੰਦਗੀਆਂ ਨਾ ਖਰਾਬ ਕਰਨ। ਉਹਨਾਂ ਨੇ ਕਿਹਾ ਕਿ ਅਗਰ ਭਵਿੱਖ ਵਿੱਚ ਵੀ ਇਹੋ ਜਿਹੇ ਮੈਡੀਕਲ ਸਟੋਰਾਂ ਦਾ ਸਾਨੂੰ ਪਤਾ ਲੱਗਦਾ ਹੈ ਤਾਂ ਉਹਨਾਂ ਖਿਲਾਫ ਵੀ ਸਖਤ ਤੋਂ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਮਾਡਲ ਸਕੂਲ ਦਾ 48ਵਾਂ ਸਲਾਨਾ ਖੇਡ ਅਤੇ ਅਕਾਦਮਿਕ ਇਨਾਮ ਵੰਡ ਸਮਾਰੋਹ ਸੰਪੰਨ





**ਪਟਿਆਲਾ,1 ਫਰਵਰੀ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਸੈਕੰਡਰੀ ਮਾਡਲ ਸਕੂਲ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਬੀਤੇ ਦਿਨ 48ਵੀਂ ਸਲਾਨਾ ਸਪੋਰਟਸ ਮੀਟ ਅਤੇ ਅਕਾਦਮਿਕ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਸਮਾਪਤੀ ਸਮਾਰੋਹ ਵਿੱਚ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਮਾਣਯੋਗ ਵਾਈਸ ਚਾਂਸਲਰ ਡਾ ਜਗਦੀਪ ਸਿੰਘ, ਵਿੱਤ ਅਫਸਰ ਡਾ ਬੀ. ਬੀ. ਸਿੰਗਲਾ ਅਤੇ ਮੁਖੀ ਐਜੂਕੇਸ਼ਨ ਵਿਭਾਗ ਡਾ. ਜਗਦੀਪ ਕੌਰ ਸ਼ਾਮਿਲ ਹੋਏ । ਮਾਣਯੋਗ ਵਾਈਸ ਚਾਂਸਲਰ ਸਾਹਿਬ ਨੇ ਜੇਤੂ ਖਿਡਾਰੀਆਂ ਅਤੇ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ। ਉਨ੍ਹਾਂ ਨੇ ਸਕੂਲ ਦੇ ਸਟਾਫ ਅਤੇ ਵਿਦਿਆਰਥੀਆਂ ਦੀ ਕਾਰਗੁਜਾਰੀ ਦੀ ਸ਼ਲਾਘਾ ਕੀਤੀ । ਉਨ੍ਹਾਂ ਵੱਲੋਂ ਸਾਰਾ ਸਕੂਲ ਦੌਰਾ ਕਰਕੇ ਵੇਖਿਆ ਗਿਆ ਅਤੇ ਸਕੂਲ ਵਿੱਚ ਜੇਤੂ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਵੇਖ ਕੇ ਇੰਚਾਰਜ ਸਕੂਲ ਅਤੇ ਸਟਾਫ ਪ੍ਰਤੀ ਮਾਣ ਮਹਿਸੂਸ ਕੀਤਾ ਗਿਆ।

ਸਮਾਗਮ ਦੀ ਸ਼ੁਰੂਆਤ ਡੀਨ ਅਕਾਦਮਿਕ ਮਾਮਲੇ ਡਾ ਜਸਵਿੰਦਰ ਸਿੰਘ ਬਰਾੜ ਅਤੇ ਡੀਨ ਕਾਲਜ ਵਿਕਾਸ ਕੌਂਸਲ ਡਾ ਬਲਰਾਜ ਸਿੰਘ ਸੈਣੀ ਵੱਲੋਂ ਕੀਤੀ ਗਈ। ਇਸ ਤੋਂ ਇਲਾਵਾ ਡਾਇਰੈਕਟਰ ਐਮ.ਐਮ.ਟੀ.ਟੀ.ਸੀ ਡਾ ਰਮਨ ਮੈਣੀ ਅਤੇ ਸੀਨੀਅਰ ਮੈਡੀਕਲ ਅਫਸਰ ਡਾ ਰਗੀਨਾ ਮੈਣੀ ਨੇ ਵੀ ਸ਼ਿਰਕਤ ਕੀਤੀ। ਸਾਰਾ ਦਿਨ ਟਰੈਕ ਅਤੇ ਫੀਲਡ ਈਵੈਂਟਸ ਕਰਵਾਏ ਗਏ, ਜਿਸ ਵਿੱਚ ਵੱਖ-ਵੱਖ ਵਿਦਿਆਰਥੀਆਂ ਨੇ ਭਾਗ ਲਿਆ। ਸਕੂਲ ਇੰਚਾਰਜ ਸ. ਸਤਵੀਰ ਸਿੰਘ ਗਿੱਲ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਸਮਾਰੋਹ ਵਿੱਚ ਹਾਜ਼ਰੀਨ ਚੀਫ ਗੈਸਟਾਂ ਵੱਲੋਂ ਫਲੈਗ ਹੋਸਟਿੰਗ ਕੀਤੀ ਗਈ। ਇਸ ਉਪਰੰਤ ਖਿਡਾਰੀ ਦੁਆਰਾ ਸਹੁੰ ਚੁਕਣ ਦੀ ਰਸਮ ਵੀ ਕੀਤੀ ਗਈ ਅਤੇ ਡੀਨ ਅਕਾਦਮਿਕ ਮਾਮਲੇ ਵੱਲੋਂ ਇਹ ਸਮਾਰੋਹ ਸ਼ੁਰੂ ਕੀਤੇ ਜਾਣ ਦਾ ਐਲਾਨ ਕੀਤਾ ਗਿਆ। ਰੰਗ-ਬਿਰੰਗੀਆਂ ਵਰਦੀਆਂ ਵਿੱਚ ਸਜੇ ਵਿਦਿਆਰਥੀਆਂ ਨੇ ਰਵਾਇਤੀ ਮਾਰਚ ਪਾਸਟ ਵਿੱਚ ਹਿੱਸਾ ਲਿਆ। ਇਸ ਤੋਂ ਬਾਅਦ ਪੀ.ਟੀ. ਦੀ ਯਾਦਗਾਰੀ ਪੇਸ਼ਕਾਰੀ ਕੀਤੀ ਗਈ। ਆਏ ਹੋਏ ਮੁੱਖ ਮਹਿਮਾਨਾਂ ਨੇ ਵਿਦਿਆਰਥੀਆਂ ਵਿੱਚ ਖੇਡ ਪ੍ਰਤੀ ਉਤਸਾਹ ਵੇਖ ਕੇ ਬਹੁਤ ਖੁਸ਼ੀ ਮਹਿਸੂਸ ਕੀਤੀ। ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੀਆ ਗਤੀਵਿਧੀਆਂ ਵਿੱਚ ਵੀ ਵੱਧ ਚੜ੍ਹ ਦੇ ਹਿੱਸਾ ਲੈਣ ਲਈ ਸੁਨੇਹਾ ਦਿੱਤਾ। ਇਸ ਮੌਕੇ ਮਾਣਯੋਗ ਵਾਈਸ ਚਾਂਸਲਰ ਸਾਹਿਬ ਵੱਲੋਂ ਸਕੂਲ ਇੰਚਾਰਜ ਵੱਲੋਂ ਤਿਆਰ ਕੀਤਾ ਗਿਆ ਸਕੂਲ ਕੰਲੈਂਡਰ ਜਾਰੀ ਕੀਤਾ ਗਿਆ। ਪੀ.ਟੀ.ਏ ਪ੍ਰਧਾਨ ਸ. ਕਸ਼ਮੀਰ ਸਿੰਘ ਅਤੇ ਸਕੂਲ ਦਾ ਸਾਰਾ ਸਟਾਫ ਮੌਜੂਦ ਸੀ।

ਸਪੋਰਟਸ ਮੀਟ ਦੇ ਇੰਚਾਰਜ ਸ.ਹਰਪ੍ਰੀਤ ਸਿੰਘ, ਸ੍ਰੀਮਤੀ ਗੁਰਨਾਮ ਕੌਰ ਅਤੇ ਸਾਰੇ ਸਟਾਫ ਦੀ ਮਿਹਨਤ ਸਦਕੇ ਕਾਮਯਾਬ ਹੋਈ। ਸਕੂਲ ਇੰਚਾਰਜ ਸ ਸਤਵੀਰ ਸਿੰਘ ਵੱਲੋਂ ਸਾਰੇ ਸਟਾਫ ਅਤੇ ਆਏ ਹੋਏ ਮਹਿਮਾਨਾ ਦਾ ਧੰਨਵਾਦ ਕੀਤਾ ਗਿਆ।

## ਪੰਜਾਬ ਵਿਧਾਨ ਸਭਾ ਦੀ ਸਰਕਾਰੀ ਆਸ਼ਵਾਸਨਾਂ ਸੰਬਧੀ ਕਮੇਟੀ ਵੱਲੋਂ ਪਟਿਆਲਾ ਜੇਲ੍ਹ ਦਾ ਦੌਰਾ

# ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਮੈਂਬਰ ਵਿਧਾਇਕਾਂ ਵੱਲੋਂ ਕੇਂਦਰੀ ਜੇਲ੍ਹ ਦਾ ਜਾਇਜ਼ਾ

**ਪਟਿਆਲਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੀ ਸਰਕਾਰੀ ਆਸ਼ਵਾਸਨਾਂ ਸੰਬਧੀ ਕਮੇਟੀ ਨੇ ਕੇਂਦਰੀ ਜੇ੍ਹਲ ਪਟਿਆਲਾ ਦਾ ਦੌਰਾ ਕੀਤਾ। ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠਲੀ ਇਸ ਕਮੇਟੀ ਦਾ ਇੱਥੇ ਪੁੱਜਣ ’ਤੇ ਜੇਲ੍ਹ ਵਿਭਾਗ ਦੇ ਸਕੱਤਰ-ਆਈ.ਜੀ. ਜੇਲ੍ਹਾ ਮੁਹੰਮਦ ਤਇਅਬ, ਵਧੀਕ ਡਿਪਟੀ ਕਮਿਸ਼ਨਰ (ਜ) ਸਿਮਰਪ੍ਰੀਤ ਕੌਰ ਅਤੇ ਜੇਲ੍ਹ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਨੇ ਸਵਾਗਤ ਕੀਤਾ।



ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਪੁੱਜੇ ਬਾਕੀ ਮੈਂਬਰਾਂ, ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਇੰਜ. ਅਮਿਤ ਰਤਨ ਕੋਟਫੱਤਾ, ਦਲਬੀਰ ਸਿੰਘ ਟੌਂਗ, ਕੁਲਦੀਪ ਸਿੰਘ ਢਿੱਲੋਂ ਅਤੇ ਜੰਗੀ ਲਾਲ ਮਹਾਜਨ ਨੇ ਇੱਥੇ ਸਰਕਟ ਹਾਊਸ ਵਿਖੇ ਮੀਟਿੰਗ ਕਰਕੇ ਜੇਲ੍ਹ ਵਿਭਾਗ ਨਾਲ ਸਬੰਧਤ ਆਸ਼ਵਾਸਨ ਸਬੰਧੀ ਅਤੇ ਜੇਲ੍ਹਾਂ ਨਾਲ ਸਬੰਧਤ ਵੱਖ-ਵੱਖ ਮਸਲੇ ਵਿਚਾਰੇ। ਇਸ ਮੌਕੇ ਅਧਿਕਾਰੀ ਵਧੀਕ ਸੁਪਰਡੈਂਟ ਹਰਚਰਨ ਸਿੰਘ ਗਿੱਲ, ਜੈਦੀਪ ਸਿੰਘ ਤੇ ਅਰਪਨਜੋਤ ਸਿੰਘ ਰਹਿਲ ਵੀ ਮੌਜੂਦ ਸਨ।

ਪਟਿਆਲਾ ਕੇਂਦਰੀ ਜੇਲ੍ਹ ਦਾ ਦੌਰਾ ਕਰਦਿਆਂ ਸਭਾਪਤੀ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਸਮੇਤ ਬਾਕੀ ਮੈਂਬਰਾਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਇੰਜ. ਅਮਿਤ ਰਤਨ ਕੋਟਫੱਤਾ, ਦਲਬੀਰ ਸਿੰਘ ਟੌਂਗ ਅਤੇ ਕੁਲਦੀਪ ਸਿੰਘ ਢਿੱਲੋਂ ਨੇ ਜੇਲ੍ਹ ਅੰਦਰ ਬੰਦੀਆਂ ਨੂੰ ਮਿਲਦੀਆਂ ਸਹੂਲਤਾਂ ਤੇ ਖਾਣੇ ਦਾ ਜਾਇਜ਼ਾ ਲੈਂਦਿਆਂ ਜੇਲ੍ਹ ਦੀ ਫੈਕਟਰੀ, ਕਰੈੱਚ ਸਮੇਤ ਵੱਖ-ਵੱਖ ਬੈਰਕਾਂ ਦਾ ਦੌਰਾ ਕਰਕੇ ਨਿਰੀਖਣ ਕੀਤਾ। ਉਨ੍ਹਾਂ ਨੇ ਜੇਲ੍ਹ ਸੁਪਰਡੈਂਟ ਤੋਂ ਜੇਲ੍ਹ ਦੀ ਨਫ਼ਰੀ, ਸੁਰੱਖਿਆ ਸਮੇਤ ਹੋਰ ਪ੍ਰਬੰਧਾਂ ਬਾਬਤ ਜਾਣਕਾਰੀ ਹਾਸਲ ਕੀਤੀ।

ਇਸ ਦੌਰਾਨ ਜੇਲ੍ਹ ਦੇ ਬੰਦੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ, ਜਿਸ ’ਤੇ ਕਮੇਟੀ ਮੈਂਬਰਾਂ ਨੇ ਬੰਦੀਆਂ ਨੂੰ ਆਪਣੇ ਆਪ ਨੂੰ ਸੁਧਾਰਨ ਲਈ ਮਿਲੇ ਮੌਕੇ ਦਾ ਲਾਭ ਉਠਾਉਣ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਕਿਸੇ ਜਾਣੇ-ਅਣਜਾਣੇ ਵਿੱਚ ਹੋਈ ਗਲਤੀ ਕਰਕੇ ਜੇਕਰ ਬੰਦੀਆਂ ਨੂੰ ਜੇਲ੍ਹ ਆਉਣਾ ਪੈ ਗਿਆ ਹੈ ਤਾਂ ਇਸ ਲਈ ਆਪਣੇ ਬਾਕੀ ਦੇ ਜੀਵਨ ਵਿੱਚ ਸਮਾਜ ਵਿੱਚ ਮੁੜ ਜਾ ਕੇ ਚੰਗੇ ਆਚਰਨ ਵਾਲਾ ਜੀਵਨ ਜਿਉਣ ਦੀ ਜਾਂਚ ਸਿੱਖਣੀ ਚਾਹੀਦੀ ਹੈ। ਉਨ੍ਹਾਂ ਨੇ ਜੇਲ੍ਹ ਵਿੱਚ ਬੰਦੀਆਂ ਨੂੰ ਹੱਥੀਂ ਕੰਮ ਸਮੇਤ ਚੰਗੀਆਂ ਆਦਤਾਂ ਸਿਖਾਉਣ ਦੀ ਪ੍ਰਸ਼ੰਸਾ ਵੀ ਕੀਤੀ।

ਇਸ ਦੌਰਾਨ ਐਸ.ਡੀ.ਐਮ ਪਟਿਆਲਾ ਹਰਜੋਤ ਕੌਰ ਮਾਵੀ, ਐਸ.ਪੀ. ਪਲਵਿੰਦਰ ਸਿੰਘ ਚੀਮਾ, ਐਸ.ਪੀ ਜਸਬੀਰ ਸਿੰਘ, ਡੀ.ਐਸ.ਪੀ. ਜੰਗਜੀਤ ਸਿੰਘ ਰੰਧਾਵਾ, ਵਿਧਾਨ ਸਭਾ ਦੇ ਉਪ ਸਕੱਤਰ ਅਮਰਜੀਤ ਕੌਰ, ਸੁਪਰਡੈਂਟ ਮਨਦੀਪ ਕੌਰ ਤੇ ਕਮੇਟੀ ਸਹਾਇਕ ਸੰਨਦੀਪ ਸਿੰਘ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।



# ਕਬਜ਼ ਨੂੰ ਨਾ ਕਰੋ ਨਜ਼ਰਅੰਦਾਜ਼

**ਕਬਜ਼ ਇਨ੍ਹਾਂ ਬਿਮਾਰੀਆਂ ਦੀ ਜੜ੍ਹ ਹੈ ਜਿਵੇਂ ਤੇਜ਼ਾਬ, ਐਸਿਡੀਟੀ, ਬਦਹਜ਼ਮੀ, ਪੇਟ, ਗੈਸ, ਖੱਟੇ ਡਕਾਰ, ਪੇਟ 'ਚ ਸੋਜ ਬਵਾਸੀਰ, ਸਿਰ ਦਰਦ, ਚਿੜਚਿੜਾਪਨ, ਬੇਚੈਨੀ,ਘਬਰਾਹਟ ,ਚੱਕਰ ਆਉਣੇ ਆਦਿ...**

ਇਨਸਾਨ ਆਪਣੀ ਸਿਹਤ ਦਾ ਪੂਰੀ ਤਰ੍ਹਾਂ ਖ਼ਿਆਲ ਨਹੀਂ ਰੱਖਦਾ ਜਿਸ ਕਾਰਨ ਛੋਟੀਆਂ-ਛੋਟੀਆਂ ਬਿਮਾਰੀਆਂ ਗੰਭੀਰ ਹੋ ਜਾਂਦੀਆਂ ਹਨ। ਜੇ ਉਨ੍ਹਾਂ ਦਾ ਸਮੇਂ ਸਿਰ ਇਲਾਜ ਕੀਤਾ ਜਾਵੇ ਤਾਂ ਬਿਮਾਰੀਆਂ ਨੂੰ ਅਸਾਨੀ ਨਾਲ ਰੋਕਿਆ ਜਾ ਸਕਦਾ ਹੈ। ਮਨੁੱਖੀ ਸਰੀਰ 'ਚ ਆਮ ਬਿਮਾਰੀਆਂ ਦੇ ਨਾਲ-ਨਾਲ ਕਬਜ਼ ਦੀ ਬਿਮਾਰੀ ਵੱਡੀ ਗਿਣਤੀ 'ਚ ਪਾਈ ਜਾਂਦੀ ਹੈ। ਕਬਜ਼ ਹੋਰ ਵੀ ਅਨੇਕਾਂ ਬਿਮਾਰੀਆਂ ਨੂੰ ਜਨਮ ਦਿੰਦੀ ਹੈ ਜਿਵੇਂ ਤੇਜ਼ਾਬ, ਐਸਿਡੀਟੀ, ਬਦਹਜ਼ਮੀ, ਪੇਟ, ਗੈਸ, ਖੱਟੇ ਡਕਾਰ, ਪੇਟ 'ਚ ਸੋਜ ਬਵਾਸੀਰ, ਸਿਰ ਦਰਦ, ਚਿੜਚਿੜਾਪਨ, ਬੇਚੈਨੀ ਆਦਿ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।

### ਕਾਰਨ

ਇਸ ਦਾ ਮੁੱਖ ਕਾਰਨ ਫਾਸਟ ਫੂਡ, ਤਲੀਆਂ ਹੋਈਆਂ ਚੀਜ਼ਾਂ, ਮੈਦੇ ਤੋਂ ਬਣੀਆਂ ਚੀਜ਼ਾਂ, ਤੰਬਾਕੂ, ਸਿਗਰਟ, ਬੀੜੀ, ਪਾਣੀ ਦਾ ਬਦਲਣਾ, ਸਰੀਰਕ ਕਸਰਤ ਨਾ ਕਰਨਾ, ਇਕ ਸੀਟ 'ਤੇ ਬੈਠ ਕੇ ਕੰਮ ਕਰਨਾ ਆਦਿ ਨਾਲ ਕਬਜ਼ ਹੋ ਸਕਦੀ ਹੈ।

### ਇਲਾਜ

ਸਵੇਰੇ ਉੱਠ ਕੇ ਕੋਸੇ ਪਾਣੀ ਦਾ ਸੇਵਨ ਕਰਨਾ, ਦਿਨ 'ਚ ਘੱਟੋ-ਘੱਟ 8-10 ਗਲਾਸ ਪਾਣੀ ਜ਼ਰੂਰ ਪੀਓ, ਫਾਇਬਰ ਯੁਕਤ ਭੋਜਨ ਦੀ ਵਰਤੋਂ ਕਰੋ, ਤਰਲ ਚੀਜ਼ਾਂ ਦੀ ਜ਼ਿਆਦਾ ਵਰਤੋਂ ਕਰੋ, ਸੰਤਰਾ, ਪਪੀਤਾ, ਅੰਬ ਆਦਿ ਦਾ ਸੇਵਨ ਕਰਨ ਨਾਲ ਇਸ ਬਿਮਾਰੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

- ਰੋਜ਼ ਘੱਟੋ-ਘੱਟ 5-6 ਕਿਲੋਮੀਟਰ ਸੈਰ ਕਰੋ, ਕੋਲਡ ਡਰਿੰਕਸ ਤੇ ਆਇਸ ਕਰੀਮ ਤੋਂ ਪਰਹੇਜ ਰੱਖੋ।
- ਸ਼ਾਮ ਦਾ ਖਾਣਾ ਸੌਣ ਤੋਂ ਲਗਪਗ ਤਿੰਨ ਘੰਟੇ ਪਹਿਲਾਂ ਖਾਓ। ਦੁੱਧ, ਦਹੀ, ਲੱਸੀ ਦੀ ਵਰਤੋਂ ਵੱਧ ਤੋਂ ਵੱਧ ਕਰੋ, ਹੋ ਸਕੇ ਤਾਂ ਅੰਗਰੇਜੀ ਦਵਾਈਆਂ ਤੋਂ ਪਰਹੇਜ਼ ਕਰੋ। ਜੇ ਇਨ੍ਹਾਂ ਗੱਲਾਂ ਵੱਲ ਧਿਆਨ ਦਿੱਤਾ ਜਾਵੇ ਤਾਂ ਸਾਡਾ ਸਰੀਰ ਬਿਮਾਰੀਆਂ ਤੋਂ ਮੁਕਤ ਹੋਵੇਗਾ ਤੇ ਨਾਲ ਹੀ ਸਾਡੀ ਸਿਹਤ ਵਧੀਆ ਅਤੇ ਤੰਦਰੁਸਤ ਰਹੇਗੀ।



# ਡ੍ਰਾਈਫਰੂਟ 'ਚ ਸਭ ਤੋਂ ਵਧੀਆ ਮਖਾਣੇ

ਮਖਾਣੇ ਸਰੀਰ ਦੀਆਂ ਕਈ ਬਿਮਾਰੀਆਂ ਨੂੰ ਖ਼ਤਮ ਕਰਦੇ ਹਨ। ਸਰਦੀਆਂ 'ਚ ਡ੍ਰਾਈਫਰੂਟ ਖਾਣੇ ਸਿਹਤ ਲਈ ਬਹੁਤ ਵਧੀਆ ਹਨ। ਇਸ ਨਾਲ ਸਰੀਰ ਨੂੰ ਗਰਮੀ ਮਿਲਦੀ ਹੈ। ਸਫ਼ੈਦ ਰੰਗ ਦੇ ਮਖਾਣਿਆਂ ਦਾ ਇਸਤੇਮਾਲ ਖਾਣ ਦੇ ਨਾਲ-ਨਾਲ ਪੂਜਾ 'ਚ ਵੀ ਕੀਤਾ ਜਾਂਦਾ ਹੈ ਪਰ ਇਹ ਸਿਹਤ ਲਈ ਬਹੁਤ ਵਧੀਆ ਹੁੰਦੇ ਹਨ। ਮਖਾਣੇ ਕਮਲ ਦੇ ਬੀਜ ਤੋਂ ਬਣਦੇ ਹਨ ਤੇ ਖਾਣ 'ਚ ਵੀ ਬਹੁਤ ਸੁਆਦ ਹੁੰਦੇ ਹਨ। ਇਨ੍ਹਾਂ ਨੂੰ ਨਮਕੀਨ, ਮਠਿਆਈ, ਖੀਰ ਤੇ ਸਬਜ਼ੀਆਂ 'ਚ ਪਾ ਕੇ ਵੀ ਖਾਧਾ ਜਾਂਦਾ ਹੈ। ਇਹ ਕਿਡਨੀ ਤੇ ਦਿਲ ਲਈ ਲਾਭਕਾਰੀ ਹਨ। ਆਓ ਜਾਣਦੇ ਹਾਂ ਇਨ੍ਹਾਂ ਦੇ ਫ਼ਾਇਦੇ।

### ਸਰੀਰਕ ਕਮਜ਼ੋਰੀ ਕਰਨ ਦੂਰ

ਅੱਜਕੱਲ੍ਹ ਇਕ ਤਾਂ ਲੋਕ ਮੋਟਾਪੇ ਤੋਂ ਪਰੇਸ਼ਾਨ ਹਨ ਤੇ ਕਈ ਇਸ ਤਰ੍ਹਾਂ ਦੇ ਵੀ ਹਨ ਜੋ ਜ਼ਰੂਰਤ ਤੋਂ ਜ਼ਿਆਦਾ ਪਤਲੇ ਹਨ। ਮਖਾਣੇ 'ਚ ਮੌਜੂਦ ਪ੍ਰੋਟੀਨ ਮਸਲਸ ਬਣਾਉਣ ਤੇ ਫਿਟ ਰੱਖਣ 'ਚ ਮਦਦਗਾਰ ਹਨ।

### ਭੁੱਖ ਘੱਟ ਲੱਗਣਾ

ਲੰਮੇ ਸਮੇਂ ਤਕ ਘਰ ਤੋਂ ਦੂਰ ਰਹਿਣ ਵਾਲੇ ਲੋਕਾਂ ਲਈ ਮਖਾਣੇ ਬਹੁਤ ਹੀ ਲਾਭਕਾਰੀ ਹਨ ਕਿਉਂਕਿ ਇਸ ਨੂੰ ਖਾਣ ਤੋਂ ਬਾਅਦ ਕਾਫ਼ੀ ਦੇਰ ਭੁੱਖ ਨਹੀਂ ਲਗਦੀ। ਇਸ 'ਚ ਕੈਲੋਰੀ ਤੇ ਸੋਡੀਅਮ ਦੀ ਮਾਤਰਾ ਘੱਟ ਹੋਣ ਕਰਕੇ ਇਸ ਨੂੰ ਕਿਸੇ ਵੀ ਸਮੇਂ ਖਾਧਾ ਜਾ ਸਕਦਾ ਹੈ।

### ਬਲੱਡ ਪ੍ਰੈਸ਼ਰ

ਅੱਜਕੱਲ੍ਹ ਬਹੁਤ ਲੋਕਾਂ ਨੂੰ ਬਲੱਡ ਪ੍ਰੈਸ਼ਰ ਦੀ ਸਮੱਸਿਆ ਰਹਿੰਦੀ ਹੈ। ਇਸ ਪਰੇਸ਼ਾਨੀ 'ਚ ਮਖਾਣਿਆਂ ਦਾ ਸੇਵਨ ਕਰਨਾ ਚਾਹੀਦਾ ਹੈ ਕਿਉਂਕਿ ਇਸ 'ਚ ਸੋਡੀਅਮ ਘੱਟ ਪਰ ਪੋਟੈਸ਼ੀਅਮ ਤੇ ਮੈਗਨੀਸ਼ੀਅਮ ਵਧੀਆ ਮਾਤਰਾ 'ਚ ਹੁੰਦੀ ਹੈ।

### ਹੱਡੀਆਂ ਦੇ ਲਈ ਲਾਭਦਾਇਕ

ਕੈਲਸ਼ੀਅਮ ਨਾਲ ਭਰਪੂਰ ਮਖਾਣੇ ਹੱਡੀਆਂ ਲਈ ਬਹੁਤ ਹੀ ਵਧੀਆ ਹਨ। ਜਿਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਹੱਡੀਆਂ ਦਾ ਕੈਂਸਰ ਬਹੁਤ ਜ਼ਿਆਦਾ ਹੋ ਰਿਹਾ ਹੈ ਤੇ ਔਰਤਾਂ 'ਚ 30 ਸਾਲ ਦੀ ਉਮਰ ਤੋਂ ਬਾਅਦ ਹੱਡੀਆਂ ਦਾ ਕਮਜ਼ੋਰ ਹੋ ਜਾਣਾ ਆਮ ਜਿਹੀ ਗੱਲ ਹੈ। ਮਖਾਣੇ ਖਾਣ ਨਾਲ ਇਨ੍ਹਾਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

## ਘਰੇਲੂ ਨੁਸਖ਼ੇ

ਮੂੰਹ ਦੇ ਛਾਲਿਆਂ ਦੀ ਪਰੇਸ਼ਾਨੀ ਸਾਡਾ ਖਾਣ-ਪੀਣ ਠੀਕ ਨਾ ਹੋਣਾ, ਜਿਸ ਕਰ ਕੇ ਸਾਨੂੰ ਇਸ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

- ਜਾਮਣ ਦੇ ਕੋਮਲ ਪੱਤਿਆਂ ਨੂੰ ਪੀਸ ਕੇ ਪਾਣੀ 'ਚ ਮਿਲਾ ਕੇ ਕਰੂਲ਼ਾ ਕਰਨ ਨਾਲ ਛਾਲੇ ਠੀਕ ਹੋ ਜਾਂਦੇ ਹਨ।
- ਪਿੱਪਲ ਦੀ ਛਾਲ ਦੇ ਪੱਤਿਆਂ ਨੂੰ ਪੀਸ ਕੇ ਛਾਲਿਆਂ 'ਤੇ ਲਗਾਉਣ ਨਾਲ ਵੀ ਫ਼ਾਇਦਾ ਮਿਲਦਾ ਹੈ।
- ਅਮਰੂਦ ਦੇ ਪੱਤਿਆਂ ਨੂੰ ਖਾਣ ਨਾਲ ਵੀ ਛਾਲੇ ਠੀਕ ਹੁੰਦੇ ਹਨ।
- 50 ਗ੍ਰਾਮ ਘਿਓ ਤੇ ਉਸ 'ਚ 6 ਗ੍ਰਾਮ ਕਪੂਰ ਪਾ ਕੇ ਉਸ ਨੂੰ ਚੰਗੀ ਤਰ੍ਹਾਂ ਮਿਲਾ ਕੇ ਗਰਮ ਕਰ ਕੇ ਛਾਲਿਆਂ 'ਤੇ ਲਗਾਉਣ ਨਾਲ ਇਸ ਬਿਮਾਰੀ ਤੋਂ ਰਾਹਤ ਪਾਈ ਜਾ ਸਕਦੀ ਹੈ।
- ਇਕ ਤੋਲਾ ਹਲਦੀ ਨੂੰ ਇਕ ਲੀਟਰ ਪਾਣੀ 'ਚ ਉਬਾਲ ਕੇ ਪਾਣੀ ਠੰਢਾ ਹੋਣ 'ਤੇ ਦਿਨ 'ਚ ਦੋ ਵਾਰ ਗਰਾਰੇ ਕਰੋ ਇਸ ਨਾਲ ਦੋ ਦਿਨ 'ਚ ਹੀ ਛਾਲਿਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਇਸ ਤਰ੍ਹਾਂ ਦੇ ਘਰੇਲੂ ਨੁਸਖ਼ਿਆਂ ਨਾਲ ਇਨ੍ਹਾਂ ਪਰੇਸ਼ਾਨੀਆਂ ਤੋਂ ਬਚੋ।

# ਛਾਤੀ ਦੀਆਂ ਗਿਲਟੀਆਂ ਦੇ ਕਾਰਨ



ਡਾ. ਤਰਨੀਤ ਕੌਰ ਆਨੰਦ
ਮੋਬਾਈਲ : 98141-04434



ਛਾਤੀ ਦੀਆਂ ਗਿਲਟੀਆਂ ਅੱਜਕੱਲ੍ਹ ਆਮ ਹੀ ਦੇਖਣ ਨੂੰ ਮਿਲਦੀਆਂ ਹਨ। ਇਸ ਦੀ ਨਾ ਤਾਂ ਕੋਈ ਉਮਰ ਰਹੀ ਹੈ ਤੇ ਨਾ ਹੀ ਕੋਈ ਵਿਸ਼ੇਸ਼ ਕਾਰਨ। ਬੱਚਿਆਂ ਤੋਂ ਲੈ ਕੇ ਵੱਡਿਆਂ ਤਕ ਹਰ ਉਮਰ 'ਚ ਇਸ ਬਿਮਾਰੀ ਦਾ ਸਾਹਮਣਾ ਕੀਤਾ ਜਾ ਸਕਦਾ ਹੈ। ਸ਼ਾਇਦ ਇਸ ਦਾ ਪ੍ਰਮੁੱਖ ਕਾਰਨ ਸਾਡਾ ਅੱਜਕੱਲ੍ਹ ਦਾ ਰਹਿਣ-ਸਹਿਣ ਤੇ ਖਾਣ-ਪੀਣ ਹੈ। ਅਜੋਕੇ ਸਮੇਂ 'ਚ ਹਰ ਇਕ ਵਿਅਕਤੀ ਦੌੜ-ਭੱਜ ਦੀ ਜ਼ਿੰਦਗੀ ਜੀਅ ਰਿਹਾ ਹੈ ਜਿਸ ਕਾਰਨ ਚਿੰਤਾ, ਸੋਚ-ਵਿਚਾਰ ਤੇ ਮਾਨਸਿਕ ਤਣਾਅ ਬਹੁਤ ਜ਼ਿਆਦਾ ਵੱਧ ਗਿਆ ਹੈ। ਜੋ ਕਿ ਸਾਨੂੰ ਬਿਮਾਰੀਆਂ ਵੱਲ ਧੱਕ ਰਿਹਾ ਹੈ।

### ਕਾਰਨ

- ਮਾਨਸਿਕ ਤਣਾਓ।
- ਬਾਂਝਪਣ।
- ਤੇਜ਼ ਮਿਰਚ ਮਸਾਲੇ ਦੀ ਜ਼ਿਆਦਾ ਵਰਤੋਂ।
- ਮੈਦਾ-ਦਹੀਂ-ਚਾਵਲ ਦੀ ਜ਼ਿਆਦਾ ਵਰਤੋਂ।

### ਲੱਛਣ

ਛਾਤੀ ਦੀ ਗਿਲਟੀ 'ਚ ਦਰਦ ਤੋਂ ਬਿਨਾਂ ਤੇ ਹੌਲੀ-ਹੌਲੀ ਵਧਦੀ ਨਜ਼ਰ ਆਉਂਦੀ ਹੈ। ਇਸ ਦਾ ਸਿੱਧਾ ਸਬੰਧ ਹਾਰਮੋਨਜ਼ ਨਾਲ ਹੈ। ਹਾਰਮੋਨਜ਼ ਦੇ ਵਧਣ-ਘੱਟਣ ਕਾਰਨ ਜੋ ਅਸੰਤੁਲਨ ਪੈਦਾ ਹੁੰਦਾ ਹੈ ਉਹ ਹੀ ਇਸ ਨੂੰ ਬਣਾਉਣ ਵਿਚ ਸਹਾਇਕ ਬਣਦਾ ਹੈ। ਇਸ ਦੀ ਪਛਾਣ ਕਲੀਨਿਕ ਜਾਂਚ ਅਲਟਰਾਸਾਊਂਡ, ਮੈਮੋਗ੍ਰਾਫੀ ਜਾਂ ਫਿਰ ਨੀਡਲ ਬਾਇਓਪਸੀ ਦੁਆਰਾ ਕੀਤੀ ਜਾਂਦੀ ਹੈ। ਗਰਭ ਕਾਲ ਦੌਰਾਨ ਇਸ ਤਰ੍ਹਾਂ ਦੀ ਗਿਲਟੀ ਵੱਧ ਜਾਂਦੀ ਹੈ। ਇਸਦਾ ਜ਼ਿਆਦਾ ਸਬੰਧ ਹਾਰਮੋਨਜ਼ ਨਾਲ ਹੁੰਦਾ ਹੈ। ਔਰਤਾਂ ਸ਼ੁਰੂਆਤੀ ਤੌਰ 'ਤੇ ਇਸ ਬਾਰੇ ਅਣਗਹਿਲੀ ਕਰਦੀਆਂ ਹਨ, ਜਿਸ ਦੇ ਕਾਰਨ ਹੀ ਇਹ ਗਿਲਟੀਆਂ ਵਧਦੀਆਂ ਜਾਂਦੀਆਂ ਤੇ ਇਨ੍ਹਾਂ ਦਾ ਇਲਾਜ ਮੁਸ਼ਕਿਲ ਹੁੰਦਾ ਜਾਂਦਾ ਹੈ। ਸਾਨੂੰ ਚਾਹੀਦਾ ਹੈ ਕਿ ਰੋਗ ਦਾ ਪਤਾ ਲਗਣ 'ਤੇ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ ਤਾਂ ਜੋ ਰੋਗ ਨੂੰ ਵਧਣ ਤੋਂ ਰੋਕਿਆ ਜਾ ਸਕੇ।

### ਇਲਾਜ

ਛਾਤੀ ਦੀਆਂ ਗਿਲਟੀਆਂ ਦਾ ਇਲਾਜ ਸੰਭਵ ਹੈ। ਛਾਤੀ ਦੀਆਂ ਗਿਲਟੀਆਂ ਦਾ ਜਿੰਨਾ ਜਲਦੀ ਪਤਾ ਲੱਗ ਜਾਵੇ, ਓਨੀ ਹੀ ਜਲਦੀ ਇਲਾਜ ਕਰਵਾਉਣਾ ਚਾਹੀਦਾ ਹੈ। ਇਲਾਜ ਰਾਹੀਂ ਇਨ੍ਹਾਂ ਗਿਲਟੀਆਂ ਨੂੰ ਪੂਰੀ ਤਰ੍ਹਾਂ ਖ਼ਤਮ ਵੀ ਕੀਤਾ ਜਾ ਸਕਦਾ ਹੈ। ਸਹੀ ਸਮੇਂ, ਸਹੀ ਜਾਂਚ ਤੇ ਇਲਾਜ ਹੈ। ਦਸ਼ਮੂਲ, ਕਾਂਚਨਾਰ, ਗੁਗਲ ਗਿਲੋਅ ਆਦਿ ਅਣਗਿਣਤ ਔਸ਼ਧੀਆਂ ਇਸ ਵਿਚ ਕੰਮ ਕਰਦੀਆਂ ਹਨ। ਜੋ ਇਨ੍ਹਾਂ ਗਿਲਟੀਆਂ ਨੂੰ ਜੜ੍ਹੋਂ ਖ਼ਤਮ ਕਰਨ ਵਿਚ ਸਹਾਇਕ ਹਨ। ਛਾਤੀ ਦੀਆਂ ਗਿਲਟੀਆਂ ਨਾ ਤਾਂ ਬਹੁਤ ਭਿਆਨਕ ਬਿਮਾਰੀ ਹੈ ਅਤੇ ਨਾ ਹੀ ਮਾਮੂਲੀ ਜਿਹੀ ਕਹਿਣ ਦਾ ਭਾਵ ਇਸ ਤੋਂ ਡਰਨਾ ਅਤੇ ਇਸਨੂੰ ਅਣਦੇਖਿਆ ਕਰਨਾ ਦੋਨੋਂ ਹੀ ਗ਼ਲਤ ਹਨ। ਆਮ ਬਿਮਾਰੀਆਂ ਵਾਂਗ ਇਹ ਵੀ ਇਕ ਸਰੀਰਕ ਰੋਗ ਹੈ ਜਿਸਦਾ ਸਮੇਂ ਸਿਰ ਸੁਚੱਜੇ ਢੰਗ ਨਾਲ ਇਲਾਜ ਹੋਣਾ ਜ਼ਰੂਰੀ ਹੈ। ਆਮ ਤੌਰ 'ਤੇ

**ਗਿਲਟੀਆਂ ਦੀ ਪਛਾਣ ਕਲੀਨਿਕ ਜਾਂਚ ਅਲਟਰਾਸਾਊਂਡ, ਮੈਮੋਗ੍ਰਾਫੀ ਜਾਂ ਫਿਰ ਨੀਡਲ ਬਾਇਓਪਸੀ ਦੁਆਰਾ ਕੀਤੀ ਜਾਂਦੀ ਹੈ...**



# ਸਰਦੀਆਂ ਵਿਚ ਦਿਲ ਦਾ ਰੱਖੋ ਖਿਆਲ

ਡਾ. ਬੇਦੀ

ਪੰਜਾਬ ਵਿਚ 1000 ਵਿੱਚੋਂ 61 ਲੋਕ ਇਸਦੇ ਮਰੀਜ਼ ਹਨ ਅਤੇ ਸਭ ਤੋਂ ਫਿਕਰ ਵਾਲੀ ਗੱਲ ਇਹ ਹੈ ਕਿ 30 ਤੋਂ 40 ਸਾਲ ਦੇ ਲੋਕਾਂ ਵਿਚ ਇਹ ਬਿਮਾਰੀ ਵੱਧ ਰਹੀ ਹੈ। ਅਨੇਕਾਂ ਉਦਾਹਰਣਾਂ, ਤਣਾਅ, ਉਦਾਸ ਜੀਵਨ-ਸ਼ੈਲੀ ਅਤੇ ਮਾੜੀ ਖ਼ੁਰਾਕ ਆਦਿ। ਸਾਡੀ ਮਾੜੀ ਜੀਵਨਸ਼ੈਲੀ ਇਸ ਦੌਰੇ ਦਾ ਕਾਰਨ ਬਣਦੀ ਹੈ। ਸਰਦੀਆਂ ਦੇ ਮੌਸਮ ਵਿਚ ਦਿਲ ਦੇ ਦੌਰੇ ਦਾ ਖ਼ਤਰਾ ਦੁੱਗਣਾ ਹੁੰਦਾ ਹੈ। ਕਈ ਕਾਰਨਾਂ ਕਰਕੇ ਸਰਦੀ ਦਿਲ ਦੇ ਮਰੀਜ਼ਾਂ ਲਈ ਜ਼ਿਆਦੀ ਮਾੜੀ ਹੁੰਦੀ ਹੈ। ਜਦੋਂ ਬੰਦਾ ਸਿੱਧਾ ਠੰਡੇ ਮੌਸਮ ਦੇ ਸੰਪਰਕ ਵਿਚ ਆਉਂਦਾ ਹੈ ਤਾਂ ਉਸਦੇ ਸਰੀਰ ਦੀਆਂ ਖ਼ੂਨ ਨਾੜੀਆਂ ਸੁੰਗੜ ਜਾਂਦੀਆਂ ਹਨ ਤਾਂ ਜੋ ਸਰੀਰ ਦੀ ਗਰਮੀ ਬਣੀ ਰਹੇ। ਇਨ੍ਹਾਂ ਸੁੰਗੜੀਆਂ ਨਾੜਾ ਕਰਕੇ ਬਲੱਡ ਪ੍ਰੈਸ਼ਰ ਵੱਧ ਜਾਂਦਾ ਹੈ। ਜਿਸਦਾ ਅਸਰ ਦਿਲ 'ਤੇ ਪੈਂਦਾ ਹੈ। ਦਿਲ ਨੂੰ ਵੱਧ ਕੰਮ ਕਰਨਾ ਪੈਂਦਾ ਹੈ। ਸੁੰਗੜੀਆਂ ਖ਼ੂਨ ਦੀਆਂ ਨਾੜਾਂ ਸਦਕਾ ਖ਼ੂਨ ਦੀ ਸਪਲਾਈ ਘੱਟ ਜਾਂਦੀ ਹੈ। ਆਮ ਹਾਲਤਾਂ ਵਿਚ ਦਿਲ ਇਸ ਸਥਿਤੀ ਨੂੰ ਸਹਿਣ ਕਰ ਲੈਂਦਾ ਹੈ ਪਰ ਜੇ ਦਿਲ ਬਿਮਾਰ ਹੈ ਤਾਂ ਦਿਲ ਦੇ ਦੌਰੇ ਦੇ ਆਸਾਰ ਵੱਧ ਜਾਂਦੇ ਹਨ। ਸਰਦੀਆਂ ਵਿਚ ਕੋਲੈਸਟ੍ਰੋਲ ਦਾ ਲੈਵਲ ਵੀ ਵੱਧ ਜਾਂਦਾ ਹੈ। ਲੋਕ ਸਰਦੀਆਂ ਵਿਚ ਸ਼ੌਂਕ ਨਾਲ ਖਾਂਦੇ-ਪੀਂਦੇ ਹਨ ਜਿਸ ਸਦਕਾ ਮਨੁੱਖ ਦਾ ਭਾਰ ਵੀ ਵੱਧਦਾ ਹੈ। ਇਨ੍ਹਾਂ ਸਭ ਕੁੱਝ ਦਾ ਮਨੁੱਖੀ ਦਿਲ ਉਪਰ ਮਾੜਾ ਅਸਰ ਪੈਂਦਾ ਹੈ। ਦਵਾਈ ਲੈਣੀ ਕਦੇ ਵੀ ਭੁੱਲਣੀ ਨਹੀਂ ਚਾਹੀਦੀ ਅਤੇ ਨਾ ਹੀ ਉਨ੍ਹਾਂ ਨਿਸ਼ਾਨੀਆਂ ਨੂੰ ਅਣਦੇਖਿਆ ਕਰਨਾ ਚਾਹੀਦਾ ਹੈ ਜੋ ਦਿਲ ਦੀ ਬਿਮਾਰੀ ਦੀ ਸ਼ੰਕਾ ਪਾਉਂਦੀਆਂ ਹਨ। ਸਹੀ ਸਲਾਹ ਲਈ ਚੰਗੇ ਡਾਕਟਰ ਕੋਲ ਜਾਣਾ ਚਾਹੀਦਾ ਹੈ। ਤੰਬਾਕੂ, ਕੌਫੀ, ਚਾਹ, ਅਲਕੋਹਲ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਕਿਉਂਕਿ ਇਨ੍ਹਾਂ ਕਾਰਨ ਕਰਕੇ ਦਿਲ 'ਤੇ ਦਬਾਅ ਵੱਧਦਾ ਹੈ। ਧੁੱਪ ਵਿਚ ਬੈਠਣ ਨਾਲ ਮਨੁੱਖੀ ਸਰੀਰ ਨੂੰ ਵਿਟਾਮਿਨ ਡੀ ਮਿਲਦਾ ਹੈ ਜਿਹੜਾ ਮਨੁੱਖੀ ਸਿਹਤ ਲਈ ਲਾਹੇਵੰਦ ਹੈ। ਰੋਜ਼ਾਨਾ ਕਸਰਤ ਸਰਦੀਆਂ ਵਿਚ ਲਾਜ਼ਮੀ ਹੈ ਪਰ ਇਨ੍ਹਾਂ ਦਿਨਾਂ ਵਿਚ ਸੈਰ ਸੂਰਜ ਚੜ੍ਹੇ 'ਤੇ ਹੀ ਕਰਨੀ ਚਾਹੀਦੀ ਹੈ। ਇਕਦਮ ਤੇਜ਼ ਕਸਰਤ ਦਿਲ ਦੇ ਮਰੀਜ਼ਾਂ ਨੂੰ ਨਹੀਂ ਕਰਨੀ ਚਾਹੀਦੀ। ਕਿਸੇ ਮਾਹਿਰ ਦੀ ਨਿਗਰਾਨੀ ਵਿਚ ਹੀ ਕਸਰਤ ਕਰਨ ਦਾ ਫ਼ਾਇਦਾ ਹੈ।

**ਦਵਾਈ ਲੈਣੀ ਕਦੇ ਵੀ ਭੁੱਲਣੀ ਨਹੀਂ ਚਾਹੀਦੀ ਅਤੇ ਨਾ ਹੀ ਉਨ੍ਹਾਂ ਨਿਸ਼ਾਨੀਆਂ ਨੂੰ ਅਣਦੇਖਿਆ ਕਰਨਾ ਚਾਹੀਦਾ ਹੈ ਜੋ ਦਿਲ ਦੀ ਬਿਮਾਰੀ ਦੀ ਸ਼ੰਕਾ ਪਾਉਂਦੀਆਂ ਹਨ। ਸਹੀ ਸਲਾਹ ਲਈ ਚੰਗੇ ਡਾਕਟਰ ਕੋਲ ਜਾਣਾ ਚਾਹੀਦਾ ਹੈ। ਤੰਬਾਕੂ, ਕੌਫੀ, ਚਾਹ, ਅਲਕੋਹਲ ਤੋਂ ਪਰਹੇਜ਼ ਕਰਨਾ ਚਾਹੀਦਾ ਹੈ...**

# ਵਿਟਾਮਿਨ ਡੀ ਦੀ ਘਾਟ ਨੂੰ ਅਣਦੇਖਿਆ ਨਾ ਕਰੋ

ਸਰੀਰ ਦੇ ਵਿਕਾਸ ਲਈ ਵਿਟਾਮਿਨ ਬਹੁਤ ਜ਼ਰੂਰੀ ਹੈ। ਜਦੋਂ ਸਰੀਰ 'ਚ ਵਿਟਾਮਿਨ ਡੀ ਦੀ ਘਾਟ ਹੋਣ ਲੱਗਦੀ ਹੈ ਤਾਂ ਕਈ ਤਰ੍ਹਾਂ ਦੇ ਸੰਕੇਤ ਮਿਲਣੇ ਸ਼ੁਰੂ ਹੋ ਜਾਂਦੇ ਹਨ। ਤੁਸੀ ਦੁੱਧ ਪੀਣ ਤੋਂ ਪਰਹੇਜ਼ ਕਰਦੇ ਹੋ ਤੇ ਸਹੀ ਮਾਤਰਾ 'ਚ ਧੁੱਪ ਵੀ ਨਹੀਂ ਲੈਂਦੇ ਤਾਂ ਸਰੀਰ 'ਚ ਕੈਲਸ਼ੀਅਮ ਦੇ ਨਾਲ-ਨਾਲ ਵਿਟਾਮਿਨ ਡੀ ਦੀ ਘਾਟ ਹੋ ਸਕਦੀ ਹੈ। ਇਹ ਕਾਫ਼ੀ ਗੰਭੀਰ ਸਮੱਸਿਆ ਹੈ। ਵਿਟਾਮਿਨ ਡੀ ਦੀ ਸਮੱਸਿਆ ਹੋਣ ਨਾਲ ਹੱਡੀਆਂ ਤੇ ਦੰਦ ਕਮਜ਼ੋਰ ਹੋ ਜਾਂਦੇ ਹਨ।

### ਲੱਛਣ

ਹੱਡੀਆਂ ਤੇ ਮਾਸ-ਪੇਸ਼ੀਆਂ ਕਮਜ਼ੋਰ

ਹੱਡੀਆਂ 'ਚ ਦਰਦ, ਕਮਜ਼ੋਰੀ ਦੇ ਨਾਲ-ਨਾਲ ਮਾਸ-ਪੇਸ਼ੀਆਂ 'ਚ ਲਗਾਤਾਰ ਦਰਦ ਮਹਿਸੂਸ ਹੁੰਦੀ ਹੈ ਤਾਂ ਇਸ ਤਰ੍ਹਾਂ ਵਿਟਾਮਿਨ ਡੀ ਦੀ ਘਾਟ ਦੇ ਕਾਰਨ ਹੀ ਹੋ ਸਕਦਾ ਹੈ। ਵਿਟਾਮਿਨ ਡੀ ਹੱਡੀਆਂ, ਦੰਦ ਤੇ ਮਾਸ-ਪੇਸ਼ੀਆਂ ਲਈ ਬਹੁਤ ਜ਼ਰੂਰੀ ਹੈ।

### ਤਣਾਅ

ਜਿਨ੍ਹਾਂ ਲੋਕਾਂ ਦੇ ਸਰੀਰ 'ਚ ਵਿਟਾਮਿਨ ਡੀ ਦੀ ਘਾਟ ਹੁੰਦੀ ਹੈ ਉਹ ਹਮੇਸ਼ਾ ਉਦਾਸ ਤੇ ਤਣਾਅਗ੍ਰਸਤ ਹੁੰਦੇ ਹਨ। ਵਿਟਾਮਿਨ ਸਾਡੇ ਮੂਡ ਨੂੰ ਠੀਕ ਤੇ ਡੀਪਰੈਸ਼ਨ 'ਚੋਂ ਬਾਹਰ ਕੱਢਣ 'ਚ ਮਦਦਗਾਰ ਹੈ।

### ਜ਼ਿਆਦਾ ਪਸੀਨਾ ਆਉਣਾ

ਸਰੀਰ 'ਚ ਵਿਟਾਮਿਨ ਸੀ ਦੀ ਘਾਟ ਹੋਣ ਕਾਰਨ ਬਹੁਤ ਜ਼ਿਆਦਾ ਪਸੀਨਾ ਆਉਂਦਾ ਹੈ। ਬੱਚਿਆਂ ਦੇ ਹੱਥਾਂ ਨੂੰ ਜ਼ਿਆਦਾ ਪਸੀਨਾ ਆਉਂਦਾ ਹੈ ਤਾਂ ਹੋ ਸਕਦਾ ਹੈ ਕਿ ਉਨ੍ਹਾਂ 'ਚ ਵਿਟਾਮਿਨ ਡੀ ਦੀ ਘਾਟ ਹੋਵੇ। ਇਸ ਨੂੰ ਅਣਦੇਖਿਆ ਨਹੀਂ ਕਰਨਾ ਚਾਹੀਦਾ।



# ਟ੍ਰਾਂਸਫੈਟ ਖਾ ਕੇ ਨਾ ਦੇਈਏ ਬਿਮਾਰੀਆਂ ਨੂੰ ਸੱਦਾ



ਖਾਧ ਤੇਲ ਨੂੰ ਵਾਰ-ਵਾਰ ਗਰਮ ਕਰਕੇ ਇਸ'ਚ ਬਣਾਏ ਭੋਜਨ ਤੋਂ ਸਾਡੇ ਸਰੀਰ ਨੂੰ ਮਿਲਣ ਵਾਲੀ ਮਾੜੀ ਚਰਬੀ ਟ੍ਰਾਂਸਫੈਟ ਹੈ। ਇਹ ਦੋ ਤਰ੍ਹਾਂ ਦੀ ਹੁੰਦੀ ਹੈ। ਆਓ ਜਾਣਦੇ ਹਾਂ ਇਸ ਦੇ ਬਾਰੇ।

ਕਈ ਵਾਰ ਰੋਗੀ ਨੂੰ ਪਰੇਸ਼ਾਨੀ ਸਿਰਫ਼ ਬਿਮਾਰੀ ਕਾਰਨ ਨਹੀਂ ਹੁੰਦੀ ਸਗੋਂ ਇਹ ਸੋਚ ਕੇ ਹੁੰਦੀ ਹੈ ਕਿ ਖਾਣ ਪੀਣ 'ਚ ਏਨਾ ਪਰਹੇਜ਼ ਰੱਖਣ ਦੇ ਬਾਵਜੂਦ ਉਨ੍ਹਾਂ ਨੂੰ ਇਹ ਬਿਮਾਰੀ ਹੋਈ ਕਿਉਂ? ਇਹ ਪਰੇਸ਼ਾਨੀ ਇਕ ਮਰੀਜ਼ ਦੀ ਨਹੀਂ ਹੈ। ਡਾਕਟਰ ਦਾ ਆਮ ਕਰ ਕੇ ਮੰਨਣਾ ਹੈ ਕਿ ਇਥੇ ਅੱਧੇ ਤੋਂ ਵੱਧ ਲੋਕ ਇਸ ਲਈ ਬਿਮਾਰ ਹੁੰਦੇ ਹਨ ਕਿ ਉਨ੍ਹਾਂ ਨੂੰ ਬਿਮਾਰੀ ਬਾਰੇ ਪਹਿਲਾਂ ਕੋਈ ਜਾਣਕਾਰੀ ਨਹੀਂ ਹੁੰਦੀ। ਉਨ੍ਹਾਂ ਨੂੰ ਇਹੀ ਪਤਾ ਨਹੀਂ ਕਿ ਕੁੱਝ ਗੱਲਾਂ ਦਾ ਧਿਆਨ ਰੱਖ ਕੇ ਉਹ ਅਸਾਨੀ ਨਾਲ ਕਈ ਬਿਮਾਰੀਆਂ ਨੂੰ ਆਪਣੇ ਆਪ ਤੋਂ ਦੂਰ ਰੱਖ ਸਕਦੇ ਹਨ। ਲੋਕ ਖਾਣਾ ਖਾਂਦੇ ਹਨ ਪਰ ਉਨ੍ਹਾਂ ਨੂੰ ਇਹ ਨਹੀਂ ਪਤਾ ਹੁੰਦਾ ਕਿ ਉਹ ਅਜਿਹਾ ਭੋਜਨ ਖਾ ਰਹੇ ਹਨ ਉਸ ਨਾਲ ਸਰੀਰ ਨੂੰ ਨੁਕਸਾਨ ਜਾਂ ਫ਼ਾਇਦਾ ਪਹੁੰਚਾਉਣ ਵਾਲੀਆਂ ਕਿਹੜੀਆਂ ਚੀਜ਼ਾਂ ਹਨ।

ਇਸ ਬਾਰੇ ਬਹੁਤ ਘੱਟ ਲੋਕ ਜਾਗਰੂਕ ਹਨ ਕਿ ਕਿਹੜੀ ਚੀਜ਼ ਕਿਸ ਤਰ੍ਹਾਂ ਪਕਾਈ ਜਾਵੇ ਕਿ ਉਸ ਨਾਲ ਵੱਧ ਤੋਂ ਵੱਧ ਫ਼ਾਇਦਾ ਹੋਵੇ। ਅਜਿਹੀ ਹੀ ਇਕ ਚੀਜ਼ ਜਿਸ ਬਾਰੇ ਲੋਕਾਂ ਨੂੰ ਲੋੜੀਂਦੀ ਜਾਣਕਾਰੀ ਨਹੀਂ ਹੈ, ਉਹ ਹੈ ਫੈਟ ਜਾਂ ਚਰਬੀ। ਲੋਕ ਖਾਣੇ 'ਚ ਹਰ ਤਰ੍ਹਾਂ ਦੀ ਫੈਟ ਨੂੰ ਬੁਰਾ ਮੰਨਦੇ ਹਨ ਤੇ ਆਮ ਧਾਰਨਾ ਹੈ ਕਿ ਫੈਟ ਜਾਂ ਚਰਬੀ ਵਾਲੀਆਂ ਚੀਜ਼ਾਂ ਨਹੀਂ ਖਾਣੀਆਂ ਚਾਹੀਦੀਆਂ। ਇਸ ਲਈ ਸਿਹਤ ਪ੍ਰਤੀ ਜਾਗਰੂਕ ਲੋਕ ਚਿਕਨਾਈ ਵਾਲੀਆਂ ਸਭ ਤਰ੍ਹਾਂ ਦੀਆਂ ਚੀਜ਼ਾਂ ਤੋਂ ਪਰਹੇਜ਼ ਕਰਨ ਲੱਗਦੇ ਹਨ ਪਰ ਸਹੀ ਤਾਂ ਇਹ ਹੈ ਕਿ ਇਨਸਾਨੀ ਸਰੀਰ ਲਈ ਚਰਬੀ ਬਹੁਤ ਜ਼ਰੂਰੀ ਹੈ ਕਿਉਂਕਿ ਊਰਜਾ ਦਾ ਇਹ ਨਾ ਸਿਰਫ਼ ਸਭ ਤੋਂ ਪ੍ਰਭਾਵਸ਼ਾਲੀ ਸ੍ਰੋਤ ਹੈ ਸਗੋਂ ਸਾਡੇ ਦਿਮਾਗ਼ ਦਾ 60 ਫ਼ੀਸਦੀ ਹਿੱਸਾ ਚਰਬੀ ਦਾ ਹੀ ਬਣਿਆ ਹੁੰਦਾ ਹੈ। ਕਈ ਜ਼ਰੂਰੀ ਹਾਰਮੋਨਾਂ ਦੀ ਪੈਦਾਵਾਰ ਲਈ ਫੈਟ ਚਾਹੀਦੀ ਹੈ। ਸਾਫ਼ ਹੈ ਕਿ ਫੈਟ ਬਿਨਾਂ ਇਨਸਾਨੀ ਸਰੀਰ ਦਾ ਗੁਜ਼ਾਰਾ ਨਹੀਂ।

### ਸੈਚੂਰੇਟਿਡ ਫੈਟ

ਸਾਡੇ ਖਾਣੇ 'ਚ ਇਹ ਪੂਰਨ ਚਰਬੀ ਵਾਲੀਆਂ ਚੀਜ਼ਾਂ ਦੁੱਧ, ਪਨੀਰ, ਦੇਸੀ ਘਿਓ ਤੇ ਹੋਰ ਡੇਅਰੀ ਵਸਤਾਂ ਤੇ ਨਾਰੀਅਲ ਦੇ ਤੇਲ ਤੋਂ ਹਾਸਲ ਹੁੰਦੀ ਹੈ। ਭੋਜਨ 'ਚ ਕੈਲੋਰੀ ਦੇ ਰੂਪ 'ਚ ਜਦ ਊਰਜਾ ਦਾ ਹਿਸਾਬ-ਕਿਤਾਬ ਲਾਉਂਦੇ ਹਾਂ ਤਾਂ ਇਹ ਧਿਆਨ ਰੱਖਿਆ ਜਾਣਾ ਚਾਹੀਦਾ ਹੈ ਕਿ ਫੈਟ ਦੀ ਮਾਤਰਾ 10 ਫ਼ੀਸਦੀ ਊਰਜਾ ਤੋਂ ਵੱਧ ਨਾ ਹੋਵੇ। ਇਕ ਗ੍ਰਾਮ ਫੈਟ 9 ਕੈਲੋਰੀ ਦੇ ਬਰਾਬਰ ਹੁੰਦੀ ਹੈ।

### ਅਨਸੈਚੂਰੇਟਿਡ ਫੈਟ

ਇਹ ਸਰੀਰ ਲਈ ਸਭ ਤੋਂ ਵਧੀਆ ਫੈਟ ਮੰਨੀ ਜਾਂਦੀ ਹੈ ਤੇ ਖਾਣ 'ਚ ਕੁੱਲ ਕੈਲੋਰੀ ਦਾ ਹਿੱਸਾ 10 ਤੋਂ 15 ਫ਼ੀਸਦੀ ਹੋ ਸਕਦਾ ਹੈ। ਸਰੀਰ 'ਚ ਦਿਲ ਦੇ ਰੋਗ ਲਈ ਜ਼ਿੰਮੇਵਾਰ ਬੁਰੇ ਕੋਲੈਸਟਰੋਲ ਨੂੰ ਕੰਟਰੋਲ ਕਰਦੀ ਹੈ ਕੁੱਝ ਕਿਸਮ ਦੇ ਕੈਂਸਰ ਤੋਂ ਵੀ ਬਚਾਉਂਦੀ ਹੈ। ਸਰ੍ਹੋਂ, ਜੈਤੂਨ, ਚਾਵਲ ਦੇ ਛਿਲਕੇ ਤੋਂ ਤਿਆਰ ਤੇਲਾਂ ਤੇ ਮੂੰਗਫਲੀ, ਬਦਾਮ ਦਾ ਤੇਲ ਹਾਸਲ ਕੀਤਾ ਜਾ ਸਕਦਾ ਹੈ।

ਖ਼ਾਸ ਗੱਲ ਇਹ ਹੈ ਕਿ ਟ੍ਰਾਂਸਫੈਟੀ ਐਸਿਡ ਤੋਂ ਬਣੀ ਇਹ ਫੈਟ ਪੂਰੀ ਤਰ੍ਹਾਂ ਸਾਡੇ ਭੋਜਨ ਦੇ ਤਰੀਕੇ ਤੋਂ ਹੀ ਪੈਦਾ ਹੁੰਦੀ ਹੈ ਤੇ ਖਾਣਾ ਪਕਾਉਣ 'ਚ ਥੋੜ੍ਹੀ ਜਿਹੀ ਹੀ ਸਾਵਧਾਨੀ ਰੱਖ ਕੇ ਸਰੀਰ 'ਚ ਇਸ ਦੀ ਮਾਤਰਾ ਸੀਮਿਤ ਕੀਤੀ ਜਾ ਸਕਦੀ ਹੈ।

# ਸੋਇਆਬੀਨ



ਸੋਇਆਬੀਨ ਆਪਣੇ ਪੌਸ਼ਟਿਕ ਗੁਣਾਂ ਕਾਰਨ ਆਦਮੀਆਂ ਅਤੇ ਔਰਤਾਂ, ਦੋਵਾਂ ਲਈ ਲਾਹੇਵੰਦ ਹੈ ਪਰ ਸਿਹਤ ਮਾਹਿਰਾਂ ਅਨੁਸਾਰ ਸੋਇਆਬੀਨ ਦਾ ਇਸਤੇਮਾਲ ਔਰਤਾਂ ਲਈ ਹੋਰ ਵੀ ਜ਼ਿਆਦਾ ਫਾਇਦੇਮੰਦ ਹੈ। ਸੋਇਆਬੀਨ ਪ੍ਰੋਟੀਨ, ਕੈਲਸ਼ੀਅਮ ਅਤੇ ਆਇਰਨ ਦਾ ਇਕ ਉੱਤਮ ਸਰੋਤ ਤਾਂ ਹੈ ਹੀ, ਇਸ ਦਾ ਲਗਾਤਾਰ ਸੇਵਨ ਕਰਨ ਨਾਲ ਔਰਤਾਂ ਦੇ ਸਰੀਰ ਵਿਚ ਹਾਰਮੋਨਜ਼ ਦਾ ਪੱਧਰ ਸੰਤੁਲਤ ਰਹਿੰਦਾ ਹੈ। ਸਿਹਤ ਵਿਗਿਆਨੀਆਂ ਅਨੁਸਾਰ ਸੋਇਆਬੀਨ ਸਰੀਰ ਵਿਚ ਕੋਲੈਸਟ੍ਰੋਲ ਦੇ ਪੱਧਰ ਨੂੰ ਕਾਬੂ ਵਿਚ ਰੱਖਦਾ ਹੈ।

ਇਸ ਦਾ ਪੱਧਰ ਹੇਠਾਂ ਰਹਿਣ ਨਾਲ ਹਾਈ ਬਲੱਡ ਪ੍ਰੈਸ਼ਰ ਅਤੇ ਦਿਲ ਦੇ ਦੌਰੇ ਦੀਆਂ ਸੰਭਾਵਨਾਵਾਂ ਕਾਫੀ ਘੱਟ ਜਾਂਦੀਆਂ ਹਨ। ਇਸਤਰੀ ਰੋਗ ਮਾਹਰਾਂ ਅਨੁਸਾਰ ਜਿਨ੍ਹਾਂ ਔਰਤਾਂ ਦਾ ਮੀਨੋਪਜ਼ ਹੋਣ ਵਾਲਾ ਹੈ, ਉਨ੍ਹਾਂ ਨੂੰ ਰੋਜ਼ਾਨਾ 70 ਗ੍ਰਾਮ ਸੋਇਆਬੀਨ ਆਪਣੇ ਭੋਜਨ ਵਿਚ ਸ਼ਾਮਲ ਕਰਨਾ ਚਾਹੀਦਾ ਹੈ। ਇਸ ਤਰ੍ਹਾਂ ਕਰਨ ਨਾਲ ਮੀਨੋਪਾਜ਼ ਤੋਂ ਪਹਿਲਾਂ ਦੀਆਂ ਸਮੱਸਿਆਵਾਂ, ਚਿੜਚਿੜਾਪਨ, ਕਮਜ਼ੋਰੀ ਆਦਿ ਉਪਰ ਕਾਫੀ ਹੱਦ ਤੱਕ ਕਾਬੂ ਪਾਇਆ ਜਾ ਸਕਦਾ ਹੈ।



ਡਾ. ਪ੍ਰਮੋਦ ਕੁਮਾਰ

# ਸਿਰਦਰਦ ਤੇ ਦਰਦ ਨਿਵਾਰਕ ਦਵਾਈਆਂ

ਅਸੀਂ ਬਿਨਾਂ ਸੋਚੇ-ਸਮਝੇ ਸਿਰਦਰਦ 'ਚ ਤੁਰੰਤ ਪੇਨਕਿਲਰ (ਦਰਦ ਨਿਵਾਰਕ ਦਵਾਈ) ਲੈ ਲੈਂਦੇ ਹਾਂ ਪਰ ਇਸਦੇ ਮਾੜੇ ਪ੍ਰਭਾਵ ਸਿਹਤ ਲਈ ਬਹੁਤ ਹੀ ਖਤਰਨਾਕ ਹੋ ਸਕਦੇ ਹਨ। ਦਰਦ ਨਿਵਾਰਕ ਦਵਾਈ ਦੇ ਇਸਤੇਮਾਲ ਨਾਲ ਸਿਰਦਰਦ 'ਚ ਤੁਰੰਤ ਲਾਭ ਤਾਂ ਮਿਲ ਜਾਂਦਾ ਹੈ ਪਰ ਉਸਦਾ ਸਰੀਰ 'ਤੇ ਉਲਟਾ ਪ੍ਰਭਾਵ ਪੈਂਦਾ ਹੈ ਅਤੇ ਮੂਲ ਕਾਰਨ ਉਸੇ ਤਰ੍ਹਾਂ ਨਾਲ ਬਰਕਰਾਰ ਰਹਿੰਦਾ ਹੈ। ਸਿਰਦਰਦ ਦੇ ਕਈ ਕਾਰਨ ਹੋ ਸਕਦੇ ਹਨ, ਜਿਸ ਕਾਰਨ ਅੱਖਾਂ 'ਚ ਵਿਕਾਰ ਆਉਣੇ ਸਭ ਤੋਂ ਆਮ ਹਨ।

ਰੈਟੀਨਾ ਦੇ ਆਕਾਰ 'ਚ ਤਬਦੀਲੀ ਦੇ ਕਾਰਨ ਅੱਖਾਂ ਵੱਲੋਂ ਦੇਖੇ ਜਾਣ ਵਾਲੀਆਂ ਚੀਜ਼ਾਂ ਰੈਟੀਨਾ 'ਤੇ ਠੀਕ ਤਰ੍ਹਾਂ ਨਾਲ ਪ੍ਰਤਿਬਿੰਬਿਤ ਨਹੀਂ ਹੋ ਸਕਦੀਆਂ, ਜਿਸ ਕਾਰਨ ਲੋਕਾਂ ਨੂੰ ਨੇੜੇ ਜਾਂ ਦੂਰ ਦੀਆਂ ਚੀਜ਼ਾਂ ਦੇਖਣ 'ਚ ਪਰੇਸ਼ਾਨੀ ਹੁੰਦੀ ਹੈ। ਚੀਜ਼ਾਂ ਨੂੰ ਦੇਖਣ ਲਈ ਅੱਖਾਂ 'ਤੇ ਜ਼ਿਆਦਾ ਜ਼ੋਰ ਪੈਣ ਕਾਰਨ ਇਸਦਾ ਪ੍ਰਭਾਵ ਮੱਥੇ ਦੀਆਂ ਨਸਾਂ 'ਤੇ ਪੈਂਦਾ ਹੈ, ਜਿਸਦੇ ਫਲਸਰੂਪ ਸਿਰਦਰਦ ਦੀ ਸਮੱਸਿਆ ਸਾਹਮਣੇ ਆਉਂਦੀ ਹੈ। ਅੱਖਾਂ ਦੀ ਜਾਂਚ ਮਾਹਰ ਡਾਕਟਰ ਕੋਲੋਂ ਕਰਵਾਕੇ ਅਤੇ ਸਹੀ ਨੰਬਰ ਦੀਆਂ ਐਨਕਾਂ ਲਗਵਾ ਕੇ ਇਸ ਸਮੱਸਿਆ ਤੋਂ ਨਿਜਾਤ ਮਿਲ ਸਕਦੀ ਹੈ। ਸਰਦੀ ਦੇ ਕਾਰਨ ਵੀ ਸਿਰਦਰਦ ਹੋ ਸਕਦਾ ਹੈ। ਸਿਰਦਰਦ ਦੌਰਾਨ ਨੱਕ ਦੀਆਂ ਨਸਾਂ 'ਚ ਸੋਜ਼ ਆ ਜਾਂਦੀ ਹੈ, ਜਿਸ ਕਾਰਨ ਇਹ ਵੱਧ ਸਕਦਾ ਹੈ।

ਇਸਦੇ ਨਾਲ ਹੀ ਹਾਈ ਬਲੱਡ ਪ੍ਰੈਸ਼ਰ ਕਾਰਨ ਵੀ ਸਿਰਦਰਦ ਦੀ ਸਮੱਸਿਆ ਹੋ ਸਕਦੀ ਹੈ। ਇਸਦਾ ਪਤਾ ਵੀ ਡਾਕਟਰ ਤੋਂ ਜਾਂਚ ਕਰਵਾਕੇ ਚੱਲ ਸਕਦਾ ਹੈ ਅਤੇ ਇਸਦੀ ਦਵਾਈ ਲੈ ਕੇ ਬਿਮਾਰੀ ਦਾ ਇਲਾਜ ਹੋ ਸਕਦਾ ਹੈ। ਕੁਝ ਲੋਕਾਂ ਨੂੰ ਧੁੱਪ ਜਾਂ ਸ਼ੋਰ ਨਾਲ ਵੀ ਸਿਰਦਰਦ ਦੀ ਸਮੱਸਿਆ ਹੋ ਸਕਦੀ ਹੈ।

ਜੇ ਕਿਸੇ ਮਰੀਜ਼ ਨੂੰ ਧੁੱਪ ਜਾਂ ਸ਼ੋਰ ਨਾਲ ਸਿਰਦਰਦ ਦੀ ਸਮੱਸਿਆ ਹੋ ਰਹੀ ਹੈ ਤਾਂ ਉਸਨੂੰ ਇਸ ਤੋਂ ਬਚਣ ਦੀ ਸਲਾਹ ਦਿੱਤੀ ਜਾਂਦੀ ਹੈ ਕਿ ਕਈ ਵਾਰ ਇਹ ਦੇਖਣ 'ਚ ਆਉਂਦਾ ਹੈ ਕਿ ਕੁਝ ਲੋਕਾਂ ਨੂੰ ਤਣਾਅ ਜਾਂ ਚਿੰਤਾ ਦੇ ਕਾਰਨ ਵੀ ਸਿਰਦਰਦ ਦੀ ਸਮੱਸਿਆ ਹੋ ਜਾਂਦੀ ਹੈ। ਉਕਤ ਸਾਰੇ ਮਾਮਲਿਆਂ 'ਚ ਬਿਨਾਂ ਡਾਕਟਰ ਦੀ ਸਲਾਹ ਤੋਂ ਦਰਦ ਨਿਵਾਰਕ ਦਵਾਈਆਂ ਲੈਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਅਤੇ ਜੇ ਇਹ ਆਮ ਗੱਲ ਹੈ ਤਾਂ ਤੁਰੰਤ ਆਪਣੇ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ।



# ਰੋਗਾਂ 'ਚ ਲਾਭਕਾਰੀ ਪਿਆਜ਼

ਹਰ ਘਰ ਵਿਚ ਪਿਆਜ਼ ਦੀ ਵਰਤੋਂ ਵੱਖ-ਵੱਖ ਰੂਪਾਂ ਵਿਚ ਕੀਤੀ ਜਾਂਦੀ ਹੈ।ਖਾਣ ਦੀ ਵਸਤੂ ਹੋਣ ਦੇ ਨਾਲ-ਨਾਲ ਇਸ ਵਿਚ ਹੋਰ ਵੀ ਗੁਣ ਹਨ।ਇਸ ਦੇ ਸੇਵਨ ਨਾਲ ਰੋਗਾਂ ਨੂੰ ਨਸ਼ਟ ਕੀਤਾ ਜਾਂਦਾ ਹੈ। ਪੱਛਮੀ ਦੇਸ਼ਾਂ 'ਚ ਪਿਆਜ਼ ਖ਼ਾਸ ਤਰੀਕੇ ਨਾਲ ਵਰਤਿਆ ਜਾਂਦਾ ਹੈ। ਚੀਨੀ ਲੋਕ ਇਸ ਨੂੰ ਪਾਣੀ ਵਿਚ ਉਬਾਲ ਕੇ ਖਾਂਦੇ ਹਨ ਉਨ੍ਹਾਂ ਦੇ ਅਨੁਸਾਰ ਅਜਿਹਾ ਕਰਨ ਨਾਲ ਇਸ ਵਿਚਲੇ ਤੱਤ ਨਸ਼ਟ ਨਹੀਂ ਹੁੰਦੇ।

### ਵਿਸ਼ੇਸ਼ਤਾ

ਪਿਆਜ਼ ਦੀ ਲਗਾਤਾਰ ਵਰਤੋਂ ਕਰਨ ਨਾਲ ਬੁਢਾਪੇ ਨੂੰ ਲੰਮੇ ਸਮੇਂ ਤਕ ਟਾਲਿਆ ਜਾ ਸਕਦਾ ਹੈ। ਵਡੇਰੀ ਉਮਰ ਤਕ ਸੋਚਣ ਸ਼ਕਤੀ ਵਿਚ ਬੇਮਿਸਾਲ ਵਾਧਾ ਹੁੰਦਾ ਹੈ। ਇਸ ਦੀ ਰੋਜ਼ਾਨਾ ਵਰਤੋਂ ਨਾਲ ਬਲ ਬੁੱਧੀ, ਸ਼ਕਤੀ ਅਤੇ ਸੁੰਦਰਤਾ ਵਧਦੀ ਹੈ। ਪਿਆਜ਼ ਨਾਲ ਗੈਸ, ਕਬਜ਼, ਚਮੜੀ ਰੋਗਾਂ, ਸਿਰ ਦਰਦ ਵਰਗੀਆਂ ਬਿਮਾਰੀਆਂ ਤੋਂ ਨਿਜਾਤ ਪਾਈ ਜਾ ਸਕਦੀ ਹੈ।

### ਗੁਣ

ਪਿਆਜ਼ ਦਿਲ ਦੇ ਰੋਗਾਂ ਲਈ ਬੜਾ ਕਾਰਗਰ ਸਾਬਤ ਹੋਇਆ ਹੈ। ਇਸ ਦੇ ਸੌ ਗ੍ਰਾਮ ਰਸ ਨੂੰ ਇਕ ਤੋਲਾ ਸ਼ਹਿਦ ਅਤੇ ਦੋ ਕੇਲਿਆਂ ਵਿਚ ਚੰਗੀ ਤਰ੍ਹਾਂ ਮਿਲਾ ਕੇ ਦੁੱਧ ਨਾਲ ਖਾਣ 'ਤੇ ਦਿਲ ਦੀਆਂ ਬਿਮਾਰੀਆਂ ਘੱਟ ਹੁੰਦੀਆਂ ਹਨ ਅਤੇ ਰੋਗਾਂ ਤੋਂ ਬਚਿਆ ਜਾ ਸਕਦਾ ਹੈ।

### ਖ਼ੂਨੀ ਬਵਾਸੀਰ

ਬਵਾਸੀਰ ਦੇ ਰੋਗ ਵਿਚ ਜੇ ਖ਼ੂਨ ਵਗਦਾ ਹੋਵੇ ਤਾਂ ਪਿਆਜ਼ ਦੇ ਰਸ ਵਿਚ ਮਿਸਰੀ ਮਿਲਾ ਕੇ ਲਗਾਉਣ ਨਾਲ ਲਾਭ ਮਿਲਦਾ ਹੈ।

### ਅੰਤੜੀ ਰੋਗ

ਅੰਤੜੀ ਰੋਗਾਂ 'ਚ ਪਿਆਜ਼ ਵਰਦਾਨ ਸਿੱਧ ਹੁੰਦਾ ਹੈ। ਪਿਆਜ਼ ਨਾਲ ਅੰਤੜੀਆਂ ਦੇ ਸੁੰਗੜਣ ਅਤੇ ਫੈਲਣ ਦੀ ਕਿਰਿਆ ਨੂੰ ਉਤੇਜਨਾ ਮਿਲਦੀ ਹੈ ਅਤੇ ਮਲ ਬਾਹਰ ਆ ਜਾਂਦਾ ਹੈ। ਇਸ ਤਰ੍ਹਾਂ ਅੰਤੜੀਆਂ ਸਾਫ਼ ਹੋਣ ਨਾਲ ਰੋਗ ਮੁਕਤ ਹੋ ਜਾਂਦੀਆਂ ਹਨ।

### ਛਾਤੀ ਦਰਦ

ਛਾਤੀ ਵਿਚ ਕਦੇ-ਕਦੇ ਦਰਦ ਹੁੰਦਾ ਹੋਵੇ ਤਾਂ ਪਿਆਜ਼ ਦੇ ਰਸ ਵਿਚ ਚੁਟਕੀ ਭਰ ਹਿੰਗ ਮਿਲਾ ਕੇ ਲਗਾਉਣ ਨਾਲ ਛਾਤੀ ਦਰਦ ਤੋਂ ਰਾਹਤ ਮਿਲੇਗੀ ਅਤੇ ਗੂੜ੍ਹੀ ਨੀਂਦ ਆਵੇਗੀ।

### ਮੋਤੀਆ ਬਿੰਦ

ਪਿਆਜ਼ ਦਾ ਰਸ 10 ਗ੍ਰਾਮ, ਸ਼ੁੱਧ ਸ਼ਹਿਦ 10 ਗ੍ਰਾਮ ਆਦਿ ਸਮੱਗਰੀ ਨੂੰ ਚੰਗੀ ਤਰ੍ਹਾਂ ਮਿਲਾ ਕੇ ਅੱਖਾਂ 'ਚ ਪਾਉਣ ਨਾਲ ਮੋਤੀਆ ਬਿੰਦ ਦਾ ਅਸਰ ਹੋਣਾ ਰੁਕ ਜਾਂਦਾ ਹੈ।

### ਜ਼ਖ਼ਮ

ਜੇ ਸਰੀਰ ਦੇ ਕਿਸੇ ਭਾਗ 'ਤੇ ਜ਼ਖ਼ਮ ਹੈ ਅਤੇ ਉਹ ਠੀਕ ਨਹੀਂ ਹੋ ਰਿਹਾ ਤਾਂ ਨਿੰਮ ਦੇ ਪੱਤਿਆਂ ਨੂੰ 500 ਗ੍ਰਾਮ ਪਾਣੀ ਵਿਚ ਉਬਾਲ ਲਓ ਅਤੇ ਜਦੋਂ ਇਹ ਠੰਢਾ ਹੋ ਜਾਵੇ ਤਾਂ ਇਸ ਵਿਚ 100 ਗ੍ਰਾਮ ਪਿਆਜ਼ ਦਾ ਰਸ ਮਿਲਾ ਦਿਓ। ਇਸ ਮਿਸ਼ਰਣ ਨਾਲ ਜ਼ਖ਼ਮ ਨੂੰ ਦਿਨ 'ਚ ਤਿੰਨ ਵਾਰੀ ਚੰਗੀ ਤਰ੍ਹਾਂ ਸਾਫ਼ ਕਰੋ। ਜ਼ਖਮ ਕੁੱਝ ਦਿਨਾਂ 'ਚ ਠੀਕ ਹੋ ਜਾਵੇਗਾ।

### ਦੰਦ ਦਰਦ

ਜੇ ਦੰਦ ਜਾਂ ਮਸੂੜਿਆਂ 'ਚ ਦਰਦ ਹੋਵੇ ਤਾਂ ਪਿਆਜ਼ ਦਾ ਰਸ ਲਗਾਉਣ 'ਤੇ ਆਰਾਮ ਮਿਲਦਾ ਹੈ।

### ਉਲਟੀਆਂ

ਪਿਆਜ਼ ਅਤੇ ਅਦਰਕ ਦਾ ਰਸ ਬਰਾਬਰ ਮਾਤਰਾ ਵਿਚ ਮਿਲਾ ਕੇ ਦਿਨ ਵਿਚ ਤਿੰਨ ਵਾਰੀ ਪੀਣ ਨਾਲ ਉਲਟੀਆਂ ਆਉਣੀਆਂ ਬੰਦ ਹੋ ਜਾਂਦੀਆਂ ਹਨ।

### ਬੈਠੀ ਹੋਈ ਆਵਾਜ਼

ਪਿਆਜ਼ ਦਾ ਰਸ ਅਤੇ ਸ਼ਹਿਦ ਬਰਾਬਰ ਮਾਤਰਾ 'ਚ ਮਿਲਾ ਕੇ ਹਲਕਾ- ਹਲਕਾ ਗਰਮ ਕਰੋ ਤੇ ਫਿਰ ਕੁੱਝ ਮਾਤਰਾ 'ਚ ਮੁਲੱਠੀ ਪਾਊਡਰ ਮਿਲਾ ਕੇ ਦਿਨ ਵਿਚ ਤਿੰਨ ਵਾਰ ਪੀਓ ਬੈਠੀ ਹੋਈ ਆਵਾਜ਼ ਠੀਕ ਹੋ ਜਾਵੇਗੀ।



## ਅਜੋਕਾ ਯੁੱਗ



ਅਜੋਕਾ ਯੁੱਗ ਉਦਾਸ ਅਤੇ ਮਾਯੂਸ ਹੋਣ ਦਾ ਯੁੱਗ ਨਹੀਂ। ਚੰਗਾ ਬਣਨ ਦੀਆਂ, ਮਾਨਵ ਜਾਤੀ ਦੀ ਸੇਵਾ ਕਰਨ ਦੀਆਂ, ਜਿਤਨੀਆਂ ਸੰਭਾਵਨਾਵਾਂ ਅਜੋਕੇ ਯੁੱਗ ਵਿਚ ਹਨ, ਉਤਨੀਆਂ ਪਹਿਲੇ ਕਿਸੇ ਯੁੱਗ ਵਿਚ ਪ੍ਰਾਪਤ ਨਹੀਂ ਸਨ। ਨਿਰਸੰਦੇਹ ਮਨੁੱਖ ਵਿਚ ਜਿਤਨੀ ਗਿਰਾਵਟ ਅਜੋਕੇ ਯੁੱਗ ਵਿਚ ਦਿਖਾਈ ਦੇ ਰਹੀ ਹੈ, ਉਤਨੀ ਪਹਿਲਾਂ ਕਿਸੇ ਯੁੱਗ ਵਿਚ ਨਹੀਂ ਵੇਖੀ ਗਈ ਪਰ ਵੇਖਣਾ ਤਾਂ ਇਹ ਹੈ ਕਿ ਤੁਸੀਂ ਪਹਾੜ ਨੂੰ ਚੜ੍ਹਨ ਦੀ ਦ੍ਰਿਸ਼ਟੀ ਨਾਲ ਵੇਖਦੇ ਹੋ ਕਿ ਡਿੱਗਣ ਦੇ ਡਰ ਨਾਲ , ਤੁਸੀਂ ਸਮੁੰਦਰ ਨੂੰ ਤੈਰਨ ਦੀ ਸੰਭਾਵਨਾ ਨਾਲ ਵੇਖਦੇ ਹੋ ਜਾਂ ਡੁੱਬ ਜਾਣ ਦੀ ਚਿੰਤਾ ਨਾਲ, ਤੁਸੀਂ ਇਮਤਿਹਾਨ ਵਿਚ ਪਾਸ ਹੋਣ ਦੀ ਆਸ ਨਾਲ ਬੈਠਦੇ ਹੋ ਜਾਂ ਫੇਲ ਹੋਣ ਦੇ ਸੰਸੇ ਨਾਲ । ਤੁਹਾਡੇ ਵਿਚ ਉਤਸ਼ਾਹ ਅਤੇ ਹੌਸਲਾ ਤੁਹਾਡੇ ਯਤਨਾਂ ਨਾਲ ਹੀ ਜਾਗੇਗਾ। ਖ਼ੁਸ਼ਹਾਲੀ ਵਾਂਗ ਉਤਸ਼ਾਹ ਵੀ ਮਨ ਦੀ ਇਕ ਅਵਸਥਾ ਹੁੰਦੀ ਹੈ। ਕੋਈ ਵੀ ਸਮੱਸਿਆ ਉਸਾਰੂ ਸੋਚ ਸਾਹਮਣੇ , ਲੰਮੇ ਅਰਸੇ ਤਕ ਨਹੀਂ ਟਿਕ ਸਕਦੀ। ਸਭ ਤੋਂ ਵੱਡੀ ਲੋੜ ਆਪਣੀ ਸੋਚ ਨੂੰ, ਆਪਣੇ ਦ੍ਰਿਸ਼ਟੀਕੋਣ ਨੂੰ, ਆਪਣੇ ਆਪ ਬਾਰੇ ਆਪਣੀ ਰਾਇ ਨੂੰ, ਬਦਲਣ ਦੀ ਹੁੰਦੀ ਹੈ। ਦੁਨੀਆ ਉਸਾਰੂ ਸੋਚ ਲਈ ਤੜਪ ਰਹੀ ਹੈ। ਜਿਹੋ-ਜਿਹੀਆਂ ਮਨੁੱਖ ਦੀਆਂ ਸੋਚਾਂ ਹੁੰਦੀਆਂ ਹਨ, ਜਿਹੋ ਜਿਹੇ ਉਨ੍ਹਾਂ ਦੇ ਯਤਨ ਹੁੰਦੇ ਹਨ, ਉਹੋ-ਜਿਹੇ ਮਨੁੱਖ ਹੋ ਨਿਬੜਦੇ ਹਨ।

• ਨਰਿੰਦਰ ਸਿੰਘ ਕਪੂਰ

# ਮਨਫ਼ੀ ਹੋ ਰਿਹਾ ਰਿਸ਼ਤਿਆਂ ਵਿਚਲਾ ਨਿੱਘ



ਡਾ. ਵਰਿੰਦਰਜੀਤ ਕੌਰ
98722-54081

ਕੋਈ ਵੇਲਾ ਹੁੰਦਾ ਸੀ, ਜਦੋਂ ਆਪਣਿਆਂ ਅਤੇ ਪਰਾਇਆਂ ਵਿਚ ਬਹੁਤਾ ਫ਼ਰਕ ਹੀਂ ਹੁੰਦਾ ਸੀ। ਲੋਕ ਪੜ੍ਹੇ-ਲਿਖੇ ਘੱਟ ਪਰ ਕ ਹੁੰਦੇ ਸਨ। ਮਨੁੱਖੀ ਕਦਰਾਂ-ਕੀਮਤਾਂ ਦੀ ਨ੍ਹਾਂ ਨੂੰ ਜਾਚ ਸੀ। ਉਨ੍ਹਾਂ ਵੇਲਿਆਂ 'ਚ ਕੋਈ ਰ-ਫੇਰ ਨਹੀਂ ਸੀ ਅਤੇ ਮਨੁੱਖ ਦੂਜਿਆਂ ਦੇ ੜੇ ਹੋਣਾ ਆਪਣਾ ਹੱਕ ਸਮਝਦਾ ਸੀ। ਕਿਸੇ ਵੀ ਬੂਹੇ 'ਤੇ ਵੇਲੇ-ਕੁਵੇਲੇ ਦਸਤਕ ਦੇਣ ਗਿਆਂ ਸੋਚਣਾ ਨਹੀਂ ਸੀ ਪੈਂਦਾ। ਲੋਕ ਰੱਬ ੱਪਰ ਭਰੋਸਾ ਕਰਦੇ ਸਨ, ਪੈਸੇ ਦੀ ਬਜਾਏ ਸ਼ਤੇ ਕਮਾਉਣ ਵਿਚ ਯਕੀਨ ਰੱਖਦੇ ਸਨ। ਸੇ ਕਾਰਨ ਉਨ੍ਹਾਂ ਵੇਲਿਆਂ 'ਚ ਪਰਿਵਾਰਾਂ ਚ ਬਰਕਤਾਂ ਹੁੰਦੀਆਂ ਸਨ।

ਪਰ ਅਜੋਕੇ ਯੁੱਗ ਵਿਚ ਸਾਡੇ ਰਿਸ਼ਤਿਆਂ ਨੁਹਾਰ ਬਦਲ ਗਈ ਹੈ। ਅੱਜ ਰਿਸ਼ਤੇ ਭਣਸਾਰ ਨਹੀਂ ਰਹੇ, ਕਿਉਂਕਿ ਰਿਸ਼ਤੇ ਭਾਉਣ ਦਾ ਸਾਡੇ ਕੋਲ ਸਮਾਂ ਨਹੀਂ ਰਿਹਾ। ਦੇ ਅਤੇ ਸਧਾਰਨ ਲੋਕਾਂ ਦੀ ਸਾਡੀ ਦਗੀ ਵਿਚ ਕੋਈ ਬਹੁਤੀ ਅਹਿਮੀਅਤ ਹੀਂ ਰਹੀ। ਰਿਸ਼ਤਿਆਂ 'ਚੋਂ ਪਿਆਰ ਅਤੇ ਤਿਕਾਰ ਦੀ ਜਗ੍ਹਾ ਸ਼ਿਕਵੇ, ਸ਼ਿਕਾਇਤਾਂ ਨਫ਼ਰਤ ਲੈ ਰਹੇ ਹਨ। ਸਾਡੀ ਸੋਚ ਛੋਟੀ ਗਈ ਹੈ ਅਤੇ ਇਸ ਛੋਟੀ ਸੋਚ ਕਰਕੇ ਵੱਡੇ-ਵੱਡੇ ਰਿਸ਼ਤੇ ਕਮਜ਼ੋਰ ਹੋ ਰਹੇ ਹਨ। ਨੁੱਖ ਰਿਸ਼ਤੇ ਕਮਾਉਣ ਦੀ ਬਜਾਏ ਪੈਸਾ ਮਾਉਣ ਵਿਚ ਲੱਗਿਆ ਹੋਇਆ ਹੈ। ਇਸ ਪੈਸੇ ਦੀ ਦੌੜ ਵਿਚ ਹਉਮੈ ਉਸ ਦੇ ਕਿਰਦਾਰ ਉੱਪਰ ਹਾਵੀ ਹੁੰਦੀ ਜਾ ਰਹੀ ਹੈ। ਵੱਡੇ-ਵੱਡੇ ਮਕਾਨਾਂ ਵਿਚ ਰਹਿਣ ਵਾਲੇ ਲੋਕਾਂ ਲਈ ਘਰਾਂ ਦੀ ਪਰਿਭਾਸ਼ਾ ਬਦਲਦੀ ਜਾ ਰਹੀ ਹੈ। ਡਿਗਰੀਆਂ ਹਾਸਿਲ ਕਰ ਕੇ ਅਸੀਂ ਨੈਤਿਕ ਕਦਰਾਂ-ਕੀਮਤਾਂ ਭੁਲਦੇ ਜਾ ਰਹੇ ਹਾਂ। ਸੋਚਣ ਵਾਲੀ ਗੱਲ ਹੈ ਕਿ ਅੱਜ ਕਿੰਨੇ ਕੁ ਲੋਕ ਅਜਿਹੇ ਹਨ, ਜਿਨ੍ਹਾਂ ਨਾਲ ਅਸੀਂ ਬਿਨਾਂ ਸੰਕੋਚ ਗੱਲਬਾਤ ਕਰ ਸਕਦੇ ਹਾਂ, ਜਾਂ ਜਿਨ੍ਹਾਂ ਦੇ ਘਰਾਂ ਵਿਚ ਅਸੀਂ ਬਿਨਾਂ ਦੱਸਿਆ ਵੇਲੇ-ਕੁਵੇਲੇ ਜਾ ਸਕਦੇ ਹਾਂ। ਅੱਜ ਹਰ ਤਰ੍ਹਾਂ ਦੀਆਂ ਸੁੱਖ ਸਹੂਲਤਾਂ ਹੋਣ ਦੇ ਬਾਵਜੂਦ ਮਨੁੱਖ ਆਪਣੇ-ਆਪ ਨੂੰ ਖ਼ੁਸ਼ ਤੇ ਰੱਜਿਆ ਹੋਇਆ ਮਹਿਸੂਸ ਕਿਉਂ ਨਹੀਂ ਕਰ ਰਿਹਾ? ਰਿਸ਼ਤਿਆਂ ਦੀਆਂ ਤੰਦਾਂ ਕਮਜ਼ੋਰ ਕਿਉਂ ਹੁੰਦੀਆਂ ਜਾ ਰਹੀਆਂ ਹਨ? ਅੱਜ ਦਾ ਮਨੁੱਖ ਰਿਸ਼ਤਿਆਂ ਦਾ ਨਿੱਘ ਕਿਉਂ ਨਹੀਂ ਮਾਣ ਰਿਹਾ?

ਰਿਸ਼ਤੇ ਮੂਲ ਰੂਪ ਵਿਚ ਦੋ ਤਰ੍ਹਾਂ ਦੇ ਹੁੰਦੇ ਹਨ। ਪਹਿਲੀ ਤਰ੍ਹਾਂ ਦੇ ਰਿਸ਼ਤੇ ਉਹ ਹੁੰਦੇ ਹਨ, ਜਿਹੜੇ ਸਾਨੂੰ ਪਰਮਾਤਮਾ ਵੱਲੋਂ ਵਰਦਾਨ ਦੇ ਰੂਪ 'ਚ ਮਿਲਦੇ ਹਨ। ਇਨ੍ਹਾਂ ਰਿਸ਼ਤਿਆਂ ਨੂੰ ਅਸੀਂ ਚਾਹ ਕੇ ਵੀ ਬਦਲ ਨਹੀਂ ਸਕਦੇ। ਜਿਵੇਂ ਸਾਡਾ ਆਪਣੇ ਮਾਂ-ਬਾਪ, ਭੈਣ-ਭਰਾਵਾਂ ਅਤੇ ਬੱਚਿਆਂ ਨਾਲ ਰਿਸ਼ਤਾ। ਇਨ੍ਹਾਂ ਰਿਸ਼ਤਿਆਂ ਨੂੰ ਮਿਲਾ ਕੇ ਸਾਡਾ ਪਰਿਵਾਰ ਬਣਦਾ ਹੈ। ਪਰਿਵਾਰ, ਜੋ ਹਰ ਦੁੱਖ-ਸੁੱਖ ਵਿਚ ਸਾਡੇ ਨਾਲ ਰਹਿੰਦਾ ਹੈ ਅਤੇ ਜਿੱਥੇ ਅਸੀਂ ਸਮਝੌਤੇ ਕਰਨ ਅਤੇ ਦੂਜਿਆਂ ਦਾ ਧਿਆਨ ਰੱਖਣ ਦਾ ਪਹਿਲਾ ਤੇ ਪੱਕਾ ਸਬਕ ਸਿੱਖਦੇ ਹਾਂ। ਪਰਿਵਾਰ ਸਿਰਫ਼ ਇਕ ਮਹਿਸੂਸ ਕਰਨ ਵਾਲਾ ਸੰਕਲਪ ਹੈ। ਸੋ ਪਰਿਵਾਰਕ ਰਿਸ਼ਤਿਆਂ ਲਈ ਸਾਨੂੰ ਆਪਣੇ-ਆਪ ਨਾਲ ਜਾਂ ਰੱਬ ਨਾਲ ਕੋਈ ਗਿਲ਼ਾ-ਸ਼ਿਕਵਾ ਨਹੀਂ ਹੋਣਾ ਚਾਹੀਦਾ। ਜੇਕਰ ਅਸੀਂ ਅਜਿਹਾ ਕਰਦੇ ਹਾਂ ਤਾਂ ਅਸੀਂ ਕੁਦਰਤ ਦੇ ਉਲਟ ਹੋਣ ਦਾ ਸਬੂਤ ਦੇ ਰਹੇ ਹਾਂ। ਜਿੰਨਾ ਜ਼ਿਆਦਾ ਅਸੀਂ ਕੁਦਰਤ ਦੇ ਉਲਟ ਜਾਵਾਂਗੇ, ਉਨ੍ਹਾਂ ਹੀ ਅਸੀਂ ਪਰਮਾਤਮਾ ਤੋਂ ਦੂਰ ਹੁੰਦੇ ਜਾਵਾਂਗੇ। ਇਸ ਦੇ ਉਲਟ ਦੂਜੀ ਤਰ੍ਹਾਂ ਦੇ ਰਿਸ਼ਤੇ ਉਹ ਹੁੰਦੇ ਹਨ, ਜਿਨ੍ਹਾਂ ਨੂੰ ਸਿਰਜਣਾ ਕਿਸੇ ਹੱਦ ਤਕ ਸਾਡੇ ਆਪਣੇ ਹੱਥ ਵਿਚ ਹੁੰਦਾ ਹੈ। ਜਿਵੇਂ ਦੋਸਤ ਬਣਾਉਣਾ ਅਤੇ ਆਪਣਾ ਜੀਵਨ ਸਾਥੀ ਚੁਣਨਾ ਸਾਡੇ ਆਪਣੇ ਉੱਪਰ ਨਿਰਭਰ ਕਰਦਾ ਹੈ। ਚੰਗੇ ਦੋਸਤ ਅਤੇ ਚੰਗਾ



ਜੀਵਨ ਸਾਥੀ ਸਾਡੀ ਜ਼ਿੰਦਗੀ 'ਚ ਰਸ ਘੋਲ਼ ਦਿੰਦੇ ਹਨ। ਇਨ੍ਹਾਂ ਦੇ ਹੋਣ ਦਾ ਅਹਿਸਾਸ ਸਾਨੂੰ ਅੰਦਰੂਨੀ ਤਲੱਖਸ ਬਖ਼ਸ਼ਦਾ ਹੈ। ਦੋਵਾਂ ਤਰ੍ਹਾਂ ਦੇ ਰਿਸ਼ਤੇ ਪਿਆਰ, ਮੋਹ, ਸਹਿਜ ਅਤੇ ਸਹਿਯੋਗ ਨਾਲ ਬਣਦੇ ਹਨ। ਜਿੰਨੀ ਜ਼ਿਆਦਾ ਇਨ੍ਹਾਂ ਰਿਸ਼ਤਿਆਂ ਵਿਚ ਸਹਿਜਤਾ ਹੋਵੇਗੀ ਓਨੀ ਹੀ ਇਨ੍ਹਾਂ ਰਿਸ਼ਤਿਆਂ ਦੀ ਉਮਰ ਲੰਬੀ ਤੇ ਮਾਣਯੋਗ ਹੋਵੇਗੀ। ਸੋ ਲੋੜ ਹੈ ਕਿ ਇਨ੍ਹਾਂ ਰਿਸ਼ਤਿਆਂ ਨੂੰ ਬਣਦਾ ਪਿਆਰ ਤੇ ਸਤਿਕਾਰ ਦਿੱਤਾ ਜਾਵੇ ਅਤੇ ਆਪਣੇ ਵੱਲੋਂ ਪੂਰੀ ਇਮਾਨਦਾਰੀ ਨਾਲ ਨਿਭਾਇਆ ਜਾਵੇ।

ਇਹ ਜ਼ਿੰਦਗੀ ਸਾਨੂੰ ਪਰਮਾਤਮਾ ਵੱਲੋਂ ਦਿੱਤਾ ਗਿਆ ਅਨਮੋਲ ਤੋਹਫ਼ਾ ਹੈ। ਇਸ ਤੋਹਫ਼ੇ ਵਿਚ ਸਾਨੂੰ ਚੰਗੇ-ਮਾੜੇ ਹਰ ਤਰ੍ਹਾਂ ਦੇ ਲੋਕ ਮਿਲਦੇ ਹਨ। ਪਰ ਅਫ਼ਸੋਸ, ਅਸੀਂ ਸਾਰੀ ਉਮਰ ਜ਼ਿੰਦਗੀ ਨਾਲ ਲੜਦੇ ਰਹਿੰਦੇ ਹਾਂ, ਪਰਮਾਤਮਾ ਨਾਲ ਗਿਲ਼ੇ-ਸ਼ਿਕਵੇ ਕਰਦੇ ਹਾਂ, ਪੈਸੇ ਪਿੱਛੇ ਭੱਜਦੇ ਹਾਂ ਅਤੇ ਕਈ ਵਾਰ ਕੁਝ ਗ਼ਲਤਫਹਿਮੀਆਂ ਅਤੇ ਆਪਣੀ ਹਉਮੈ ਕਰਕੇ ਬੇਸ਼ੁਮਾਰ ਕੀਮਤੀ ਰਿਸ਼ਤੇ ਵੀ ਤੋੜ ਦਿੰਦੇ ਹਾਂ। ਆਖ਼ਿਰ ਇਹ ਸਭ ਕੁਝ ਅਸੀਂ ਕਿਸ ਵਾਸਤੇ ਕਰ ਰਹੇ ਹਾਂ? ਕੀ ਸਾਡੀ ਜ਼ਿੰਦਗੀ ਦਾ ਮਕਸਦ ਐਨਾ ਛੋਟਾ ਰਹਿ ਗਿਆ ਹੈ? ਜ਼ਿੰਦਗੀ ਨੂੰ ਖ਼ੂਬਸੂਰਤ ਬਣਾਉਣ ਲਈ ਅਤੇ ਰਿਸ਼ਤਿਆਂ ਨੂੰ ਸਲੀਕੇ ਨਾਲ ਨਿਭਾਉਣ ਲਈ ਸਾਨੂੰ ਕੁਝ ਛੋਟੀਆਂ ਪਰ ਜ਼ਰੂਰੀ ਗੱਲਾਂ ਦਾ ਧਿਆਨ ਰੱਖਣਾ ਪਵੇਗਾ। ਜਿਵੇਂ ਸਭ ਤੋਂ ਪਹਿਲਾਂ ਪਰਮਾਤਮਾ ਉੱਪਰ ਭਰੋਸਾ ਕਰਨਾ ਪਵੇਗਾ। ਮੰਨਣਾ ਪਵੇਗਾ ਕਿ ਜਿਸ ਪਰਮਾਤਮਾ ਨੇ ਇਸ ਦੁਨੀਆ ਵਿਚ ਭੇਜਿਆ ਹੈ ਉਸ ਨੂੰ ਸਾਡਾ ਫ਼ਿਕਰ ਹੈ। ਦੂਜਾ, ਸਾਨੂੰ ਆਪਣੇ ਅੰਦਰ ਦੂਜਿਆਂ ਨੂੰ ਮਾਫ਼ ਕਰਨ ਦੀ ਭਾਵਨਾ ਅਤੇ ਹਿੰਮਤ ਜਗਾਉਣੀ ਪਵੇਗੀ। ਤੀਜਾ, ਉਨ੍ਹਾਂ ਰਿਸ਼ਤਿਆਂ ਅਤੇ ਸਥਿਤੀਆਂ 'ਚੋਂ ਖ਼ੁਸ਼ੀ ਲੱਭਣੀ ਪਵੇਗੀ ਜੋ ਸਾਡੇ ਕੋਲ ਹਨ।

ਸਮੇਂ ਦੀ ਮੰਗ ਹੈ ਕਿ ਅਸੀਂ ਖ਼ੁਦ ਉੱਚੀਆਂ ਕਦਰਾਂ-ਕੀਮਤਾਂ ਦੇ ਧਾਰਨੀ ਬਣੀਏ ਕਿਉਂਕਿ ਜਿਸ ਸਮਾਜ ਵਿਚ ਮਾਪੇ ਉੱਚੀਆਂ ਕਦਰਾਂ-ਕੀਮਤਾਂ ਦੇ ਧਾਰਨੀ ਹੋਣਗੇ, ਉਸ ਸਮਾਜ ਦੇ ਬੱਚਿਆਂ ਨੂੰ ਨੈਤਿਕ ਕਦਰਾਂ ਕੀਮਤਾਂ ਦੇ ਲੈਕਚਰ ਸੁਣਨ ਦੀ ਜ਼ਰੂਰਤ ਨਹੀਂ ਪਵੇਗੀ। ਆਪਣੇ-ਆਪ ਨੂੰ ਝੂਠ, ਬੇਇਮਾਨੀ, ਦਿਖਾਵੇ, ਸ਼ਿਕਾਇਤਾਂ ਅਤੇ ਨਫ਼ਰਤ ਤੋਂ ਦੂਰ ਰੱਖ ਕੇ ਸੱਚ, ਇਮਾਨਦਾਰੀ, ਸਬਰ ਅਤੇ ਖ਼ਿਮਾ ਦਾ ਪੱਲਾ ਫੜੀਏ। ਨੇਕ ਬੰਦਿਆਂ ਦੀ ਸੰਗਤ ਕਰੀਏ । ਬੱਚਿਆਂ ਦੀਆਂ ਵਸਤਾਂ ਪ੍ਰਤੀ ਖ਼ਾਹਿਸ਼ਾਂ ਘਟਾ ਕੇ ਉਨ੍ਹਾਂ 'ਚ ਉਸਾਰੂ ਕਦਰਾਂ-ਕੀਮਤਾਂ ਉਪਜਾਈਏ। ਬੱਚਿਆਂ ਲਈ ਪੈਸਾ ਜੋੜਨ ਦੀ ਬਜਾਏ ਉਨ੍ਹਾਂ ਨੂੰ ਐਨੇ ਲਾਇਕ ਤੇ ਕਾਬਿਲ ਬਣਾਈਏ ਕਿ ਉਹ ਆਪਣੀਆਂ ਜ਼ਰੂਰਤਾਂ ਆਪ ਪੂਰੀਆਂ ਕਰ ਸਕਣ। ਪੈਸਾ ਕਮਾਉਣ ਦੀ ਬਜਾਏ ਨੇਕ, ਸੁਚੇਤ ਤੇ ਸ਼ਕਤੀਸ਼ਾਲੀ ਰਿਸ਼ਤੇ ਸਿਰਜੀਏ ਤੇ ਬੱਚਿਆਂ ਨੂੰ ਵੀ ਰਿਸ਼ਤਿਆਂ ਦੀ ਅਹਿਮੀਅਤ ਸਮਝਾਈਏ। ਜਿੱਥੇ ਰਿਸ਼ਤੇ ਪਿਆਰ ਅਤੇ ਅਪਣੱਤ ਵਾਲੇ ਹੋਣਗੇ, ਉੱਥੇ ਦੁੱਖ ਸੁੱਖਾਂ ਵਿਚ ਬਦਲ ਜਾਣਗੇ ਅਤੇ ਉੱਥੇ ਸਾਡਾ ਰਿਸ਼ਤਾ ਪਰਮਾਤਮਾ ਨਾਲ ਵੀ ਸੁਖਾਵਾਂ ਹੋਵੇਗਾ। ਇਨ੍ਹਾਂ ਨਿੱਕੇ-ਨਿੱਕੇ ਯਤਨਾਂ ਸਦਕਾ ਅਸੀਂ ਇਕ ਚੰਗੇ ਅਤੇ ਉਸਾਰੂ ਸਮਾਜ ਦੀ ਸਿਰਜਣਾ ਵਿਚ ਆਪਣਾ ਯੋਗਦਾਨ ਦੇ ਸਕਦੇ ਹਾਂ।

# ਖੁੱਲ੍ਹੇ ਵਾਤਾਵਰਨ ਵਾਲੇ ਸਕੂਲ

ਸੁਖਰਾਜ ਚਹਿਲ ਧਨੌਲਾ

ਜਨਮ ਤੋਂ ਬਾਅਦ ਨੰਨ੍ਹੇ-ਮੁੰਨ੍ਹੇ ਬੱਚਿਆਂ ਨੂੰ ਜਦੋਂ ਤਕ ਤਾਂ ਘਰ ਵਿਚ ਹੀ ਰੱਖਿਆ ਜਾਂਦਾ ਹੈ ਉਦੋਂ ਤਕ ਤਾਂ ਉਹ ਬਹੁਤ ਖ਼ੁਸ਼ ਰਹਿੰਦੇ ਹਨ। ਹਰ ਪਲ ਦਾ ਆਨੰਦ ਮਾਣਦੇ ਹੋਏ ਖੇਡਣ, ਕੁੱਦਣ ਦੇ ਨਾਲ-ਨਾਲ ਜੋ ਦੇਖ ਲੈਂਦੇ ਹਨ ਉਸ ਨੂੰ ਹਾਸਲ ਕਰਕੇ ਆਪਣੇ ਭੋਲੇਪਨ ਵਾਲੇ ਬਚਪਨ ਨੂੰ ਖ਼ੁਸ਼ੀ ਭਰੇ ਢੰਗ ਨਾਲ ਬਤੀਤ ਕਰਦੇ ਹਨ। ਪਰ ਜਦੋਂ ਬੱਚਿਆਂ ਨੂੰ ਪੜ੍ਹਾਈ ਕਰਨ ਲਈ ਸਕੂਲ ਵਿਚ ਦਾਖ਼ਲ ਕਰਵਾਉਣਾ ਹੁੰਦਾ ਹੈ ਤਾਂ ਸਭ ਤੋਂ ਪਹਿਲਾਂ ਉਨ੍ਹਾਂ ਨੂੰ ਸਕੂਲ ਲਈ ਤਿਆਰ ਕਰਨ ਵਾਸਤੇ ਪਹਿਲਾਂ ਇਕ ਪਲੇਅ ਵੇਅ ਸਕੂਲ ਜਾਂ ਸਰਕਾਰੀ ਤੌਰ 'ਤੇ ਬਣੇ ਕੇਂਦਰਾਂ ਦੀ ਭਾਲ ਕੀਤੀ ਜਾਂਦੀ ਹੈ, ਜਿੱਥੇ ਬੱਚਿਆਂ ਨੂੰ ਸਕੂਲ ਵਿਚ ਖੜ੍ਹਨ, ਬੈਠਣ ਅਤੇ ਥੋੜ੍ਹੀ-ਥੋੜ੍ਹੀ ਪੜ੍ਹਾਈ ਵੀ ਕਰਵਾਈ ਜਾਂਦੀ ਹੈ। ਜਦੋਂ ਬੱਚੇ ਇੱਥੇ ਦਾਖ਼ਲ ਕਰਵਾਏ ਜਾਂਦੇ ਹਨ ਤਾਂ ਉਹ ਇੱਥੇ ਆਉਣ ਤੋਂ ਕੰਨੀ ਕਤਰਾਉਂਦੇ ਹਨ ਜਦੋਂ ਉਨ੍ਹਾਂ ਨੂੰ ਸਕੂਲ ਲਈ ਤਿਆਰ ਕਰਨਾ ਸ਼ੁਰੂ ਕਰ ਦਿੱਤਾ ਜਾਂਦਾ ਹੈ ਤਾਂ ਉਹ ਨਾਲ ਦੀ ਨਾਲ ਰੋਣਾ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਬੱਚੇ ਆਪਣੇ ਸਕੂਲ ਅੰਦਰ ਵੀ ਘਰ ਵਰਗੇ ਖੁੱਲ੍ਹੇ ਡੁੱਲ੍ਹੇ ਵਾਤਾਵਰਨ ਵਾਲਾ ਮਹੌਲ ਲੱਭਦੇ ਹਨ। ਜੇਕਰ ਦੇਖਿਆ ਜਾਵੇ ਤਾਂ ਬਹੁਤ ਥਾਵਾਂ 'ਤੇ ਅਜਿਹੇ ਸਕੂਲ ਜਿੱਥੇ ਬੱਚਿਆਂ ਨੂੰ ਸਿਰਫ਼ ਸਕੂਲ 'ਚ ਬੈਠਣ ਲਈ ਤਿਆਰ ਕਰਨ ਦੇ ਮਕਸਦ ਨਾਲ ਤਿਆਰ ਕੀਤਾ ਜਾਂਦਾ ਹੈ। ਉੱਥੇ ਸਿਰਫ਼ ਇਕ ਜਾਂ ਦੋ ਹੁੰਦੇ ਜਾਂ ਇਸ ਤੋਂ ਵਧ ਕਮਰੇ ਤਿਆਰ ਕਰਕੇ ਹੀ ਇਕ ਤਰ੍ਹਾਂ ਦਾ ਪਲੇਅ ਵੇਅ ਸਕੂਲ ਬਣਾਇਆ ਜਾਂਦਾ ਹੈ। ਜਿੱਥੇ ਆਲਾ-ਦੁਆਲਾ ਬੰਦ ਹੁੰਦਾ ਹੈ। ਅਜਿਹੀ ਥਾਂ ਉੱਪਰ ਆ ਕੇ ਬੱਚਾ ਆਪਣੇ ਆਪ ਲਈ ਘੁਟਣ ਮਹਿਸੂਸ ਕਰਦਾ ਹੈ ਕਿਉਂਕਿ ਇੱਥੋਂ ਦਾ ਵਾਤਾਵਰਨ ਉਸ ਦੇ ਪਸੰਦ ਨਹੀਂ ਆਉਂਦਾ ਜਿਸ ਕਰਕੇ ਹਰੇਕ ਬੱਚਾ ਇੱਥੇ ਆਉਣ ਤੋਂ ਡਰਦਾ ਤੇ ਘਬਰਾਉਂਦਾ ਹੈ। ਅਜਿਹੇ ਮਾਹੌਲ ਵਿਚ ਰਹਿਣਾ ਬੱਚੇ ਲਈ ਬਹੁਤ ਔਖਾ ਹੁੰਦਾ ਹੈ। ਉਸ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿਚ ਰੁਕਾਵਟ ਆਉਣੀ ਸੁਭਾਵਿਕ ਹੈ ਕਿਉਂਕਿ ਉਸ ਨੂੰ ਖੇਡਣ ਕੁੱਦਣ ਤੋਂ ਵਰਜਿਆ ਜਾਂਦਾ ਹੈ। ਹਰੇਕ ਬੱਚਾ ਜਦੋਂ ਖੇਡਦਾ, ਕੁੱਦਦਾ ਹੈ ਤਾਂ ਉਸ ਨੂੰ ਦੇਖ ਦੇ ਇਹ ਲੱਗਦਾ ਹੈ ਕਿ ਜਿਵੇਂ ਉਸ ਨੂੰ ਸਾਰੇ ਜਹਾਨ ਦੀਆਂ ਖ਼ੁਸ਼ੀਆਂ ਪ੍ਰਾਪਤ ਹੋ ਗਈਆਂ ਹੋਣ। ਜੇਕਰ ਸੀਮਤ ਜਿਹੀ ਜਗ੍ਹਾ 'ਤੇ ਬੱਚੇ ਨੂੰ ਰੱਖਿਆ ਜਾਂਦਾ ਹੈ ਤਾਂ ਉਹ ਅਜਿਹਾ ਮਹਿਸੂਸ ਕਰਦਾ ਹੈ ਜਿਵੇਂ ਕੋਈ ਚੰਗਾ ਭਲਾ ਇਨਸਾਨ ਜੇਲ੍ਹ ਵਿਚ ਕੈਦ ਕੱਟ ਰਿਹਾ ਹੋਵੇ ਕਿਉਂਕਿ ਬੱਚੇ ਨੂੰ ਇਕ ਤਰ੍ਹਾਂ ਦਾ ਮਾਨਸਿਕ ਤਣਾਅ ਮਹਿਸੂਸ ਹੋਣ ਲੱਗ ਜਾਂਦਾ ਹੈ। ਉਦਾਹਰਣ ਵਜੋਂ ਜੇਕਰ ਦੇਖਿਆ ਜਾਵੇ ਬੱਚਿਆਂ ਨੂੰ ਇਹ ਕਿਹਾ ਜਾਵੇ ਕਿ 'ਚਲੋ ਪਾਰਕ ਆਦਿ 'ਚ ਚੱਲ ਕੇ ਆਈਏ' ਤਾਂ ਉਹ ਬੜੀ ਖ਼ੁਸ਼ੀ ਅਤੇ ਉਤਸਾਹ ਨਾਲ ਤਿਆਰ ਹੋਣਗੇ ਕਿਉਂਕਿ ਉੱਥੇ ਉਨ੍ਹਾਂ ਨੂੰ ਖੇਡਣ ਅਤੇ ਝੂਲਿਆਂ ਵਿਚ ਝੂਟੇ ਲੈਣ, ਖੁੱਲ੍ਹੇ ਡੁੱਲ੍ਹੇ ਵਾਤਾਵਰਨ ਵਿਚ ਜਾਣ ਦਾ ਮੌਕਾ ਮਿਲਣਾ ਹੁੰਦਾ ਹੈ। ਇਸੇ ਕਰਕੇ ਉਸ ਦੀ ਰੁਚੀ ਇਸ ਪਾਸੇ ਵੱਲ ਵਧੇਰੇ ਹੁੰਦੀ ਹੈ ਕਿਉਂਕਿ ਬੱਚਿਆਂ ਦਾ ਕੁਦਰਤ ਨਾਲ ਬੜਾ ਗੂੜ੍ਹਾ ਰਿਸ਼ਤੇ ਹੁੰਦਾ ਹੈ। ਉਹ ਹਮੇਸ਼ਾ ਹੀ ਪਾਰਕ ਵਰਗੇ ਵਾਤਾਵਰਨ ਵਿਚ ਜਾਣ ਲਈ ਤਿਆਰ ਰਹਿੰਦੇ ਹਨ। ਜੇਕਰ ਅਜਿਹਾ ਮਾਹੌਲ ਬੱਚੇ ਨੂੰ ਆਪਣੇ ਸਕੂਲ ਅੰਦਰ ਵੀ ਮਿਲੇ ਤਾਂ ਉਹ ਕਦੇ ਵੀ ਸਕੂਲ ਜਾਣ ਤੋਂ ਨਾ ਘਬਰਾਏਗਾ ਤੇ ਤਣਾਅ ਨਾ ਮਹਿਸੂਸ ਕਰੇਗਾ।

ਬੱਚੇ ਨੂੰ ਖੁੱਲ੍ਹੇ-ਡੁੱਲ੍ਹੇ ਮਾਹੌਲ ਵਿਚ ਰੱਖਿਆ ਜਾਵੇਗਾ ਤਾਂ ਉਸ ਵਿਚ ਨਿੱਡਰ ਅਤੇ ਚੰਗੀ ਲੀਡਰਸ਼ਿੱਪ ਵਾਲੇ ਗੁਣ ਪੈਦਾ ਹੋਣਗੇ ਨਹੀਂ ਤਾਂ ਉਹ ਜਦੋਂ ਅੱਗੇ ਪੜ੍ਹਾਈ ਲਈ ਸਕੂਲ ਵਿਚ ਜਾਵੇਗਾ ਤਾਂ ਇੱਥੇ ਉਹ ਘਬਰਾਹਟ ਮਹਿਸੂਸ ਕਰਦਾ ਹੋਇਆ ਆਪਣੀ ਜ਼ਿੰਦਗੀ ਦੀ ਸ਼ੁਰੂਆਤ ਕਰੇਗਾ। ਕਈ ਵਾਰ ਅਜਿਹਾ ਵੀ ਹੁੰਦਾ ਹੈ ਕਿ ਅਜਿਹੇ ਮਾਹੌਲ ਵਿੱਚੋਂ ਆਏ ਬੱਚੇ ਬਿਮਾਰ ਵੀ ਰਹਿਣ ਲੱਗ ਜਾਂਦੇ ਹਨ। ਬੱਚੇ ਸਕੂਲ ਜਾਣ ਤੋਂ ਡਰਦੇ ਘਰ ਰਹਿਣ ਲਈ ਹਰ ਰੋਜ਼ ਕੋਈ ਨਾ ਕੋਈ ਬਹਾਨਾ ਲਗਾਉਂਦੇ ਹਨ ਤਾਂ ਕਿ ਸਕੂਲ ਜਾਣ ਤੋਂ ਬਚਿਆ ਜਾ ਸਕੇ।

ਇਸ ਲਈ ਬੱਚਿਆਂ ਦੀ ਮਾਸੂਮੀਅਤ ਦਾ ਅਤੇ ਉਸ ਦੇ ਭਵਿੱਖ ਦਾ ਧਿਆਨ ਰੱਖਦੇ ਹੋਏ ਅਜਿਹੇ ਸਕੂਲ ਚੁਣੇ ਜਾਣ ਜਿੱਥੇ ਉਨ੍ਹਾਂ ਦੀ ਨੀਂਹ ਚੰਗੀ ਤਰੀਕੇ ਨਾਲ ਸਥਾਪਤ ਹੋਵੇ। ਇਹ ਦੇਖਣਾ ਵੀ ਸਭ ਤੋਂ ਜ਼ਰੂਰੀ ਹੈ ਕਿ ਜਿੱਥੇ ਬੱਚੇ ਨੂੰ ਭੇਜ ਰਹੇ ਹਾਂ ਉੱਥੇ ਉਹ ਜਾਣਾ ਪਸੰਦ ਕਰਦਾ ਹੈ ਜਾਂ ਨਹੀਂ। ਖੁੱਲ੍ਹੇ ਵਾਤਾਵਰਨ ਅਤੇ ਵਧੀਆ ਖੇਡਾਂ ਲਈ ਪ੍ਰਬੰਧ ਕੀਤੇ ਹੋਣੇ ਚਾਹੀਦੇ ਹਨ ਤਾਂ ਬੱਚਿਆਂ ਅੰਦਰਲਾ ਡਰ/ਭੈਅ ਖ਼ਤਮ ਕੀਤਾ ਜਾ ਸਕੇ ਅਤੇ ਉਹ ਬੱਚਿਆਂ ਲਈ ਖਿੱਚ ਦਾ ਕੇਂਦਰ ਬਣਨ ਤਾਂ ਕਿ ਬੱਚੇ ਆਪਣੇ ਆਪ ਖ਼ੁਸ਼ੀ-ਖ਼ੁਸ਼ੀ ਸਕੂਲ ਜਾਣ ਤੇ ਆਪਣੀ ਜ਼ਿੰਦਗੀ ਵਿਚ ਤਰੱਕੀਆਂ ਕਰਨ।

ਮੋਬਾਈਲ : 97810-48055

### ਮਕਸਦ

*ਕਈ ਵਾਰ ਦੇਖਣ 'ਚ ਆਉਂਦਾ ਹੈ ਕਿ ਤੰਗ ਜਿਹੀ ਜਗ੍ਹਾ 'ਤੇ ਖੁੱਲ੍ਹੇ ਸਕੂਲਾਂ 'ਚ ਜਦੋਂ ਬੱਚੇ ਆਉਂਦੇ ਹਨ ਤਾਂ ਉੱਥੇ ਉਨ੍ਹਾਂ ਨੂੰ ਇਕ ਥਾਂ 'ਤੇ ਬਿਠਾਉਣ ਦੇ ਮਕਸਦ ਨਾਲ ਟੀਵੀ ਜਾਂ ਹੋਰ ਵੀਡਿਓ ਗੇਮਾਂ ਚਲਾ ਕੇ ਜਾਂ ਫਿਰ ਕੁਝ ਛੋਟੇ-ਛੋਟੇ ਖਿਡੌਣੇ ਦੇ ਕੇ ਇਕ ਜਗ੍ਹਾ ਉੱਪਰ ਜਾਂ ਕਮਰੇ ਵਿਚ ਰੱਖਣ ਨੂੰ ਪਹਿਲ ਦਿੱਤੀ ਜਾਂਦੀ ਹੈ। ਜੋ ਇਕ ਛੋਟੇ ਬੱਚੇ ਲਈ ਬੇਹੱਦ ਖ਼ਤਰਨਾਕ ਹੈ ਕਿਉਂਕਿ ਇਸ ਤਰ੍ਹਾਂ ਕਰਨ ਨਾਲ ਬੱਚੇ ਦੇ ਦਿਮਾਗ਼ ਦਾ ਦਾਇਰਾ ਸੀਮਤ ਜਿਹਾ ਹੋ ਕੇ ਰਹਿ ਜਾਂਦਾ ਹੈ ਜਿਸ ਦਾ ਉਸ ਦੇ ਮਾਨਸਿਕ ਵਿਕਾਸ 'ਤੇ ਗਹਿਰਾ ਪ੍ਰਭਾਵ ਪੈਂਦਾ ਹੈ।*



ਸਤਨਾਮ ਸਿੰਘ ਮੱਟੂ



# ਕੁਦਰਤ ਦੀ ਅਣਮੁੱਲੀ ਦਾਤ ਗੁੜ

ਸੜਕਾਂ ਕਿਨਾਰੇ ਚਲਦੀਆਂ ਘਲਾੜੀਆਂ (ਵੇਲਣਿਆਂ) ਨੂੰ ਦੇਖ ਇਰ ਗੀਤ ਜ਼ਰੂਰ ਯਾਦ ਆ ਜਾਂਦਾ ਹੈ ਜੋ ਾਇਦ ਇਸ ਤਰ੍ਹਾਂ ਸੀ :

ਚਿੱਤ ਕਰਦਾ ਘਲਾੜੀ ਵਾਲਾ ਹਾਣੀਆ
ਵੇ ਤੱਤਾ ਤੱਤਾ ਗੁੜ ਖਾਣ ਨੂੰ...

ਇਹ ਗੀਤ ਨੂੰ ਸੁਣਦਿਆਂ ਹੀ ਮੂੰਹ ਵਿਚ ਣੀ ਆ ਜਾਂਦਾ ਹੈ। ਜੇ ਕਿਤੇ ਚੱਕ ਵਿਚ ਤਾ ਤੱਤਾ ਗੁੜ ਸਾਹਮਣੇ ਪਿਆ ਦੇਖ ਕੇ ਣ ਨੂੰ ਦਿਲ ਲਲਚਾ ਜਾਂਦਾ ਹੈ। ਲੱਖ ਰੋਕਾਂ ੀ ਪੰਜਾਬੀਆਂ ਨੂੰ ਮਿੱਠਾ ਖਾਣ ਤੋਂ ਨਹੀਂ ਰੋਕ ਕਦੀਆਂ, ਪਰ ਜਦੋਂ ਮਿੱਠਾ ਗੁੜ ਹੋਵੇ ਅਤੇ ਹ ਵੀ ਗਰਮ ਗਰਮ ਫਿਰ ਤਾਂ ਸੋਨੇ ਤੇ ਹਾਗੇ ਵਾਲੀ ਗੱਲ ਹੋ ਜਾਂਦੀ ਹੈ।

ਗੁੜ ਪੰਜਾਬੀ ਸੱਭਿਆਚਾਰ ਦਾ ਅਟੁੱਟ ਤੇ ਅਨਿੱਖੜਵਾਂ ਅੰਗ ਹੈ। ਇਹ ਸਾਨੂੰ ਦਰਤ ਦੀ ਬਖਸ਼ੀ ਨਿਆਮਤ ਹੈ। ਚੀਨੀ ਲਚਰ ਤੋਂ ਪਹਿਲਾਂ ਪਿੰਡਾਂ ਵਿਚ ਮਿੱਠੇ ਵਜੋਂ ੜ ਜਾਂ ਸ਼ੱਕਰ ਦੀ ਸਰਦਾਰੀ ਸੀ। ਗੁੜ ਦੀ ਹ, ਗੁੜ ਦੇ ਚੌਲ, ਗੁੜ ਜਾਂ ਗੰਨੇ ਦੇ ਰਸ ੀ ਖੀਰ ਆਮ ਘਰਾਂ ਵਿਚ ਬਣਾ ਕੇ ਬੜੇ ਵਾਂ ਮਲਾਰਾਂ ਨਾਲ ਖਾਏ ਜਾਂਦੇ ਸਨ। ਗੁੜ ਾਂ ਸ਼ੱਕਰ ਨਾਲ ਬਣੀ ਚਾਹ ਨੂੰ ਕੱਚੇ ਮਿੱਠੇ ੀ ਚਾਹ ਕਿਹਾ ਜਾਂਦਾ ਸੀ ਅਤੇ ਚੀਨੀ ਜਾਂ ੜ ਨੂੰ ਪੱਕਾ ਮਿੱਠਾ। ਘਰ ਆਏ ਪ੍ਰਾਹੁਣੇ ਨੂੰ ਤਿਕਾਰ ਵਜੋਂ ਪੱਕੇ ਮਿੱਠੇ ਦੀ ਚਾਹ ਦਿੱਤੀ ਾਂਦੀ ਸੀ। ਜਿਵੇਂ ਹੀ ਸਮੇਂ ਨੇ ਕਰਵੱਟ ਲਈ ਾਂ ਲੋਕਾਂ 'ਚ ਚੀਨੀ ਦਾ ਚਾਹ ਦਾ ਰਿਵਾਜ ਫ਼ੁੱਲਤ ਹੋ ਗਿਆ। ਪੰਜਾਬੀ ਦੇਸੀ ਲੋਕਾਂ ਨੇ ੜ ਬਣਾਉਣਾ ਬੰਦ ਕਰ ਦਿੱਤਾ ਤੇ ਗੰਨਾ ੜ ਮਿੱਲਾਂ ਵੱਲ ਜਾਣ ਲੱਗ ਪਿਆ ਪਰ ੱਠੇ ਚੋਂ ਗੁੜ ਦੀ ਸਰਦਾਰੀ ਕਾਇਮ ਰਹੀ। ਸ਼ੱਕ ਲੋਕਲ ਗੁੜ ਬਣਾਉਣ ਦੇ ਕਾਰੀਗਰ ੱਟ ਗਏ ਪਰ ਯੂਪੀ ਬਿਹਾਰ ਤੋਂ ਆ ਕੇ ਾਰੀਗਰ ਇਸ ਕੰਮ ਵਿਚ ਜੁਟ ਗਏ ਅਤੇ ੜ , ਸ਼ੱਕਰ ਮੁੜ ਤੋਂ ਪੰਜਾਬੀਆਂ ਦੇ ਘਰਾਂ ਾ ਸ਼ਿੰਗਾਰ ਬਣਨ ਲੱਗ ਗਿਆ ਹੈ। ਲੋਕਾਂ ਾ ਚੀਨੀ ਵੱਲੋਂ ਰੁਝਾਨ ਘੱਟ ਕੇ ਗੁੜ ਸ਼ੱਕਰ ੱਲ ਹੋ ਗਿਆ ਹੈ।

ਅੱਜ ਤੁਹਾਡੇ ਨਾਲ ਗੁੜ ਬਣਾਉਣ ਦੀ ਕਿਰਿਆ ਸਾਂਝੀ ਕਰਨ ਲੱਗਾ ਹਾਂ। ਸਖ਼ਤ ਸ਼ੱਕਤ ਤੋਂ ਬਾਅਦ ਜੀਅ ਲਲਚਾਉਣ ਾਲਾ ਤੱਤਾ ਤੱਤਾ ਗੁੜ ਸਾਡੇ ਤਕ ਪਹੁੰਚਦਾ । ਦੁਸਹਿਰੇ ਤੋਂ ਬਾਅਦ ਗੰਨੇ ਵਿਚ ਪੂਰਾ ਰਸ ਰ ਜਾਂਦਾ ਹੈ। ਸਿਆਲ ਦੀ ਰੁੱਤ ਸ਼ੁਰੂ ਹੁੰਦੇ ਘਲਾੜੀਆਂ ਦੀ ਰਿਪੇਅਰ ਕਰਕੇ ਗੁੜ ਣਾਉਣ ਦਾ ਕਾਰਜ ਅਰੰਭ ਕਰ ਦਿੱਤਾ ਾਂਦਾ ਹੈ। ਲਹਿਲਹਾਉਂਦੇ ਕਮਾਦ ਦੇ ਖੇਤ ਗੰਨੇ ਨੂੰ ਖਪਰੇ ਨਾਮੀ ਸੰਦ ਨਾਲ ਜੜ੍ਹ ਤੋਂ ਢ ਲਿਆ ਜਾਂਦਾ ਹੈ। ਪਿੰਡਾਂ ਦੇ ਬੇਜ਼ਮੀਨੇ ਲੋਕ ਇਨ੍ਹਾਂ ਕੱਟੇ ਹੋਏ ਗੰਨਿਆਂ ਤੋਂ ਦਾਤੀਆਂ ਨਾਲ ਸੁੱਕੇ ਪੱਤ ਛਿੱਲ ਕੇ ਅਤੇ ਉੱਪਰੋਂ ਕੱਚਾ ਗੰਨਾ ਅਤੇ ਹਰੇ ਪੱਤੇ ਵੱਢ ਕੇ ਢੇਰ ਲਗਾ ਦਿੰਦੇ ਹਨ। ਇਸ ਸੁੱਕੇ ਪੱਤਿਆਂ ਨੂੰ ਆਮ ਬੋਲੀ 'ਚ ਖੋਰੀ ਕਿਹਾ ਜਾਂਦਾ ਹੈ ਅਤੇ ਹਰੇ ਪੱਤਿਆਂ ਨੂੰ ਆਗ। ਉਨ੍ਹਾਂ ਵੱਢੇ ਅਤੇ ਸੰਵਾਰੇ 20-20, 25-25 ਗੰਨਿਆਂ ਨੂੰ ਬੰਨ੍ਹ ਲਿਆ ਜਾਂਦਾ ਹੈ। ਜਿਸ ਨੂੰ ਭਰੇ ਕਿਹਾ ਜਾਂਦਾ ਹੈ।

ਛਿੱਲੇ ਗੰਨਿਆਂ ਦੇ ਵੱਢੇ ਪੱਤਿਆਂ ਭਾਵ ਆਗਾਂ ਨੂੰ ਪਸ਼ੂਆਂ ਦੇ ਚਾਰੇ ਲਈ ਵਰਤਿਆ ਜਾਂਦਾ ਹੈ। ਮਿਠਾਸ ਹੋਣ ਕਾਰਨ ਪਸ਼ੂ ਇਸ ਦੇ ਟੋਕੇ ਨੂੰ ਬਹੁਤ ਚਾਅ ਨਾਲ ਖਾਂਦੇ ਹਨ। ਗੰਨਿਆਂ ਦੇ ਬੰਨ੍ਹੇ ਪੂਲੇ ਜਾਂ ਭਰਿਆਂ ਨੂੰ ਗੱਡੇ ਜਾਂ ਟਰੈਕਟਰ-ਟਰਾਲੀ 'ਤੇ ਲੱਦ ਕੇ ਘਲਾੜੀ ਤਕ ਢੋਇਆ ਜਾਂਦਾ ਹੈ। ਕਈ ਜਗ੍ਹਾ ਘਲਾੜੀ ਨੂੰ ਵੇਲਣਾ ਵੀ ਕਹਿੰਦੇ ਹਨ।

ਇਸ ਤੋਂ ਬਾਅਦ ਗੰਨਿਆਂ ਨੂੰ ਇਕੱਲਾ ਇਕੱਲਾ ਕਰ ਕੇ ਘਲਾੜੀ ਵਿਚ ਪੀੜਿਆ ਜਾਂ ਨਪੀੜਿਆ ਜਾਂਦਾ ਹੈ। ਇਸ ਵਿੱਚੋਂ ਨਿੱਕਲੇ ਤਰਲ ਪਦਾਰਥ ਨੂੰ ਰਸ ਜਾਂ ਰਹੁ ਕਿਹਾ ਜਾਂਦਾ ਹੈ ਅਤੇ ਰਸ ਕੱਢਣ ਤੋਂ ਬਾਅਦ ਬਚੇ ਸਖ਼ਤ ਪਦਾਰਥ ਨੂੰ ਪੱਛੀ ਕਹਿੰਦੇ ਹਨ। ਇਸ ਨੂੰ ਸੁਕਾ ਕੇ ਗੁੜ ਪਕਾਉਣ ਲਈ ਬਾਲਣ ਵਜੋਂ ਵਰਤ ਲਿਆ ਜਾਂਦਾ ਹੈ। ਰਸ ਨੂੰ ਪੀਣ ਦਾ ਆਪਣਾ ਵੱਖਰਾ ਹੀ ਸਵਾਦ ਹੈ। ਅੱਜ ਕੱਲ੍ਹ ਗੰਨੇ ਦਾ ਰਸ ਬਾਜ਼ਾਰਾਂ ਵਿਚ ਵੀ ਰੇਹੜੀਆਂ ਤੇ ਆਮ ਵਿਕਦਾ ਹੈ। ਇਸ ਨੂੰ ਹੋਰ ਸਵਾਦ ਬਣਾਉਣ ਲਈ ਇਸ ਵਿਚ ਪੁਦੀਨਾ, ਅਦਰਕ, ਨਿੰਬੂ, ਕਾਲਾ ਨਮਕ ਪਾਇਆ ਜਾਂਦਾ ਹੈ, ਜੋ ਸਿਹਤ ਲਈ ਅਣਮੁੱਲੀ ਦਾਤ ਹੈ।

ਗੰਨੇ ਦੇ ਰਸ ਤੋਂ ਬਹੁਤ ਹੀ ਮਜ਼ੇਦਾਰ ਖੀਰ ਬਣਾਈ ਜਾ ਸਕਦੀ ਹੈ, ਜਿਸ ਦੇ ਸਵਾਦ ਦਾ ਮੁਕਾਬਲਾ ਹੋਰ ਦੁੱਧ ਤੋਂ ਬਣੀ ਖੀਰ ਵੀ ਨਹੀਂ ਕਰ ਸਕਦੀ। ਗੰਨੇ 'ਚੋਂ ਕੱਢੇ ਰਸ ਨੂੰ ਗੁੜ ਬਣਾਉਣ ਲਈ ਕੜਾਹੇ ਵਿਚ ਪਾ ਕੇ ਭੱਠੀ ਉੱਪਰ ਲੋੜ ਮੁਤਾਬਿਕ ਗਰਮ ਕੀਤਾ ਜਾਂਦਾ ਹੈ। ਇਸ ਗਰਮ ਰਸ ਨੂੰ ਲਾਹਣ ਕਿਹਾ ਜਾਂਦਾ ਹੈ। ਰਸ ਨੂੰ ਉਸ ਸਮੇਂ ਤਕ ਮੱਠੇ ਮੱਠੇ ਸੇਕ ਤੇ ਗਰਮ ਕੀਤਾ ਜਾਂਦਾ ਹੈ, ਜਦੋਂ ਤਕ ਉਹ ਕੜ੍ਹਕੇ ਲਾਲ ਜਾਂ ਭੂਰੇ ਰੰਗ ਵਿਚ ਨਾ ਬਦਲ ਕੇ ਗਰੀਸ ਵਰਗਾ ਸੰਘਣਾ ਨਾ ਹੋ ਜਾਵੇ। ਗਰਮ ਕਰਦੇ ਸਮੇਂ ਲਾਹਣ ਉੱਪਰੋਂ ਮੈਲ ਉਤਾਰਦੇ ਰਹਿਣਾ ਪੈਂਦਾ ਹੈ ਤਾਂ ਕਿ ਗੁੜ ਦਾ ਰੰਗ ਗੂੜ੍ਹੇ ਦੀ ਬਜਾਇ ਹਲਕਾ ਭੂਰਾ ਹੋ ਜਾਵੇ। ਇਸ ਤਿਆਰ ਹੋਏ ਗੁੜ ਨੂੰ ਲੱਕੜ ਦੇ ਚੱਕ ਵਿਚ ਪਾ ਕੇ ਠੰਡਾ ਕੀਤਾ ਜਾਂਦਾ ਹੈ ਅਤੇ ਲੋੜ ਮੁਤਾਬਿਕ ਵੱਡੀਆਂ ਜਾਂ ਛੋਟੀਆਂ ਭੇਲੀਆਂ ਬਣਾਈਆਂ ਜਾਂਦੀਆਂ ਹਨ। ਬੱਸ ਇਸ ਸਮੇਂ ਗਰਮ ਗਰਮ ਗੁੜ ਖਾਣ ਦਾ ਮਜ਼ਾ ਹੀ ਅਲੱਗ ਹੈ। ਆਲੂ, ਗਾਜਰ ਜਾਂ ਸ਼ੱਕਰਗੰਦੀ ਨੂੰ ਉੱਬਲਦੇ ਲਾਹਣ ਸੁੱਟ ਕੇ ਅਤੇ ਪਕਾ ਕੇ ਖਾਣ ਦਾ ਅਲੱਗ ਹੀ ਆਨੰਦ ਹੈ।

ਇਕ ਵਾਰ ਦੇ ਲਾਹਣ ਵਿੱਚੋਂ 25 ਤੋਂ 30 ਕਿਲੋ ਗੁੜ ਬਣਦਾ ਹੈ। ਜੇਕਰ ਸ਼ੱਕਰ ਬਣਾਉਣੀ ਹੋਵੇ ਤਾਂ ਲਾਹਣ ਨੂੰ ਗੁੜ ਨਾਲੋਂ ਜ਼ਿਆਦਾ ਦੇਰ ਤਕ ਪਕਾਉਣਾ ਪੈਂਦਾ ਹੈ। ਪਰ ਕਈ ਲੋਕ ਇਸ ਨੂੰ ਵਪਾਰਕ ਨਜ਼ਰੀਏ ਤੋਂ ਬਣਾਉਣ ਲਈ ਇਸ ਵਿਚ ਰਸਾਇਣਕ ਪਦਾਰਥ ਪਾ ਕੇ ਇਸ ਦੇ ਰੰਗ ਅਤੇ ਸਵਾਦ ਨੂੰ ਵਧੀਆ ਕਰਨ ਲਈ, ਇਨਸਾਨੀਅਤ ਦਾ ਘਾਣ ਕਰਦੇ ਹਨ।

ਅੱਜ ਕੱਲ੍ਹ ਵੀ ਲੋਕਾਂ ਵਿਚ ਸ਼ੱਕਰ ਜਾਂ ਗੁੜ ਦੀ ਚਾਹ ਪੀਣ ਦਾ ਰੁਝਾਨ ਕਾਫ਼ੀ ਵਧ ਗਿਆ ਹੈ। ਸੜਕਾਂ ਕਿਨਾਰੇ ਚਲਦੀਆਂ ਘਲਾੜੀਆਂ 'ਤੇ ਲੋਕ ਸ਼ੱਕਰ, ਗੁੜ ਖ਼ਰੀਦ ਦੇ ਆਮ ਦੇਖੇ ਜਾ ਸਕਦੇ ਹਨ। ਚੀਨੀ ਦੀ ਚਾਹ ਹੁਣ ਚੰਗੀ ਨਹੀਂ ਲੱਗਦੀ ਕਹਿ ਕੇ ਜਾਂ ਸ਼ੂਗਰ ਦੇ ਰੋਗੀ ਸ਼ੱਕਰ, ਗੁੜ ਦੀ ਚਾਹ ਨੂੰ ਤਰਜੀਹ ਦੇਣ ਲੱਗ ਪਏ ਹਨ। ਚਾਹੇ ਕੁੱਝ ਵੀ ਹੋਵੇ ਤੱਤੇ ਤੱਤੇ ਗੁੜ ਦਾ ਮੁਕਾਬਲਾ ਦੁਨੀਆ ਦੀ ਕੋਈ ਵੀ ਮਠਿਆਈ ਨਹੀਂ ਕਰ ਸਕਦੀ। ਜਿਸ ਨੇ ਵੀ ਤੱਤੇ ਤੱਤੇ ਗੁੜ ਦਾ ਸੁਆਦ ਚੱਖ ਲਿਆ ਉਹ ਇਸ ਜਨਮ 'ਚ ਤਾਂ ਇਸ ਦੇ ਸੁਆਦ ਨੂੰ ਨਹੀ ਭੁੱਲ ਸਕਦਾ।

ਮੋਬਾਈਲ : 97797-08257

### ਸ਼ੱਕਰ ਜਾਂ ਗੁੜ

*ਰੋਟੀ ਤੋਂ ਪਿੱਛੋਂ ਸ਼ੱਕਰ ਜਾਂ ਗੁੜ ਖਾਣ ਦਾ ਅਲੱਗ ਹੀ ਮਜ਼ਾ ਹੈ। ਵੈਦ ਹਕੀਮ ਤੇ ਡਾਕਟਰ ਵੀ ਰੋਟੀ ਪਿੱਛੋਂ ਗੁੜ ਖਾਣ ਦੀ ਸਲਾਹ ਦਿੰਦੇ ਹਨ, ਗੁੜ ਖਾਣ ਨਾਲ ਸ਼ੂਗਰ ਹੋਣ ਦੀ ਸੰਭਾਵਨਾ ਨਹੀਂ ਕਿਉਂਕਿ ਗੁੜ ਬਣਾਉਣ ਲਈ ਕਿਸੇ ਰਸਾਇਣਕ ਪਦਾਰਥ ਦੀ ਵਰਤੋਂ ਨਹੀਂ ਹੁੰਦੀ, ਜਦਕਿ ਚੀਨੀ ਬਣਾਉਣ ਲਈ ਸਲਫਰ ਰਸਾਇਣਕ ਪਦਾਰਥ ਵਰਤਿਆ ਜਾਂਦਾ ਹੈ। ਕਈ ਵਾਰ ਲੋਕ ਵਿਸ਼ੇਸ਼ ਤੌਰ 'ਤੇ ਖਾਣ ਲਈ ਗੁੜ ਦੀ ਟਿੱਕੀ ਬਣਵਾ ਲੈਂਦੇ ਹਨ, ਆਪਣੀ ਹੈਸੀਅਤ ਤੇ ਲੋੜ ਅਨੁਸਾਰ ਇਸ 'ਚ ਕਾਜੂ, ਬਦਾਮ, ਦਾਖਾਂ ਆਦਿ ਸੁੱਕੇ ਮੇਵੇ ਪਾ ਕੇ ਹੋਰ ਸਵਾਦਲਾ ਬਣਾ ਲੈਂਦੇ ਹਨ।*



# ਕਿਵੇਂ ਕਰੀਏ ਵਾਲਾਂ ਲਈ ਮੁਲਤਾਨੀ ਮਿੱਟੀ ਦੀ ਵਰਤੋਂ

ਮੁਲਤਾਨੀ ਮਿੱਟੀ ਇਕ ਤਰ੍ਹਾਂ ਦੀ ਮਿੱਟੀ ਹੁੰਦੀ ਹੈ ਜਿਸ ਦੀ ਵਰਤੋਂ ਔਰਤਾਂ ਵਾਲਾਂ ਨੂੰ ਧੋਣ ਅਤੇ ਫੇਸ ਪੈਕ



ਲਗਾਉਣ ਆਦਿ ਲਈ ਕਰਦੀਆਂ ਹਨ। ਮੁਲਤਾਨੀ ਮਿੱਟੀ 'ਚ ਇੰਨੀ ਜ਼ਿਆਦਾ ਸ਼ਕਤੀ ਹੁੰਦੀ ਹੈ ਕਿ ਉਹ ਬਿਨ੍ਹਾਂ ਨੁਕਸਾਨ ਪਹੁਚਾਏ ਸਕਿਨ ਅਤੇ ਵਾਲਾਂ ਨੂੰ ਖ਼ੂਬਸੂਰਤ ਬਣਾ ਸਕਦੀ ਹੈ। ਮੁਲਤਾਨੀ ਮਿੱਟੀ ਦੀ ਵਰਤੋਂ ਕਈ ਸਦੀਆਂ ਤੋਂ ਕੀਤੀ ਜਾ ਰਹੀ ਹੈ। ਮੁਲਤਾਨੀ ਮਿੱਟੀ ਖ਼ੂਬਸੂਰਤੀ ਦਾ ਖਜ਼ਾਨਾ ਹੁੰਦੀ ਹੈ। ਇਹ ਇਕ ਕੁਦਰਤੀ ਕੰਡੀਸ਼ਨਰ ਵੀ ਹੈ। ਮੁਲਤਾਨੀ ਮਿੱਟੀ ਵਾਲਾਂ ਲਈ ਬਹੁਤ ਵਧੀਆ ਮੰਨੀ ਜਾਂਦੀ ਹੈ। ਇਸ ਨੂੰ ਵਾਲਾਂ 'ਤੇ ਲਗਾਉਣ ਨਾਲ ਵਾਲਾਂ ਦੀਆਂ ਜੜਾਂ ਮਜ਼ਬੂਤ ਹੁੰਦੀਆਂ ਹਨ। ਇਸ ਦੀ ਲਗਾਤਾਰ ਵਰਤੋਂ ਕਰਨ ਨਾਲ ਵਾਲ ਖ਼ੂਬਸੂਰਤ ਅਤੇ ਚਮਕਦਾਰ ਹੁੰਦੇ ਹਨ। ਆਓ ਜਾਣਦੇ ਹਾਂ ਮੁਲਤਾਨੀ ਮਿੱਟੀ ਦੇ ਕੁਝ ਵਧੀਆ ਨੁਸਖੇ ਜੋਂ ਸਿਰਫ ਵਾਲਾਂ ਲਈ ਵਰਤੇ ਜਾਂਦੇ ਹਨ।

1) ਦੋ-ਮੂੰਹੇ ਵਾਲ :- ਆਪਣੇ ਵਾਲਾਂ 'ਤੇ ਰਾਤ ਨੂੰ ਤੇਲ ਲਗਾਓ। ਸਵੇਰੇ ਮੁਲਤਾਨੀ ਮਿੱਟੀ 'ਚ ਦਹੀਂ ਮਿਲਾ ਕੇ ਇਕ ਪੇਸਟ ਤਿਆਰ ਕਰੋ। ਇਸ ਪੇਸਟ ਨੂੰ ਵਾਲਾਂ ਦੀਆਂ ਜੜਾਂ ਤੋਂ ਲੈ ਕੇ ਵਾਲਾਂ ਦੇ ਅਖੀਰ ਤੱਕ ਲਗਾਓ। ਜਦੋਂ ਮੁਲਤਾਨੀ ਮਿੱਟੀ ਸੁੱਕ ਜਾਵੇ ਤਾਂ ਵਾਲਾਂ ਨੂੰ ਠੰਡੇ ਪਾਣੀ ਨਾਲ ਧੋ ਲਵੋ। ਇਸ ਹੇਅਰ ਪੈਕ ਨੂੰ ਹਫਤੇ 'ਚ ਇਕ ਵਾਰੀ ਜ਼ਰੂਰ ਲਗਾਉਣਾ ਚਾਹੀਦਾ ਹੈ। ਅਜਿਹਾ ਕਰਨ ਨਾਲ ਦੋ-ਮੂੰਹੇ ਵਾਲ ਠੀਕ ਹੁੰਦੇ ਹਨ।

2) ਰੁੱਖੇ ਵਾਲ :- ਜੇਕਰ ਕਿਸੇ ਦੇ ਰੁੱਖੇ ਵਾਲ ਹਨ ਤਾਂ ਮੁਲਤਾਨੀ ਮਿੱਟੀ 'ਚ ਅੱਧਾ ਕੱਪ ਦਹੀਂ, ਅੱਧਾ ਕੱਪ ਨਿੰਬੂ ਅਤੇ 2 ਚਿਮਚੇ ਸ਼ਹਿਦ ਦੇ ਮਿਲਾ ਕੇ ਲਗਾ ਕੇ 20 ਮਿੰਟਾਂ ਤੱਕ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ ਨਰਮ ਹੋ ਜਾਂਦੇ ਹਨ।

3) ਤੇਲੀਏ ਵਾਲ :- ਮੁਲਤਾਨੀ ਮਿੱਟੀ ਨੂੰ ਵਾਲਾਂ 'ਚ ਲਗਾਉਣ ਲਈ 4 ਘੰਟੇ ਪਹਿਲਾਂ ਪਾਣੀ 'ਚ ਭਿਓ ਕੇ ਰੱਖੋ। ਇਸ ਪੇਸਟ ਨੂੰ ਲਗਾਉਣ ਤੋਂ ਪਹਿਲਾਂ ਰੀਠਾ ਪਾਊਡਰ ਇਸ 'ਚ ਮਿਲਾਓ। ਫਿਰ ਇਸ ਪੇਸਟ ਨੂੰ 5-10 ਮਿੰਟਾਂ ਲਈ ਵਾਲਾਂ 'ਤੇ ਲਗਿਆ ਰਹਿਣ ਤੋਂ ਬਾਅਦ ਠੰਡੇ ਪਾਣੀ ਨਾਲ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ 'ਚ ਤੇਲੀਏ ਵਾਲ ਠੀਕ ਹੁੰਦੇ ਹਨ।

4) ਸਿੱਧੇ ਵਾਲ :- ਜੇਕਰ ਤੁਹਾਨੂੰ ਵਾਲ ਕੁਦਰਤੀ ਰੂਪ ਨਾਲ ਸਿੱਧੇ ਕਰਨੇ ਹੋਣ ਤਾਂ ਇਕ ਕੱਪ ਮੁਲਤਾਨੀ ਮਿੱਟੀ 'ਚ 5 ਚਿਮਚੇ ਆਟਾ ਅਤੇ 1 ਅੰਡਾ ਫੈਂਟ ਕੇ ਮਿਲਾਓ। ਇਸ ਪੈਕ ਨੂੰ ਪੂਰੇ ਵਾਲਾਂ 'ਚ ਲਗਾਓ ਅਤੇ ਕੰਘੀ ਦੀ ਵਰਤੋਂ ਕਰਕੇ ਵਾਲਾਂ ਨੂੰ ਸਿੱਧਾ ਕਰੋ। ਜਦੋਂ ਪੈਕ ਚੰਗੀ ਤਰ੍ਹਾਂ ਸੁੱਕ ਜਾਵੇ ਤਾਂ ਬਾਅਦ 'ਚ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ ਪੂਰੀ ਤਰ੍ਹਾਂ ਨਾਲ ਸਿੱਧੇ ਹੋ ਜਾਂਦੇ ਹਨ।

# ਸਰਦੀਆਂ 'ਚ ਉਪਯੋਗੀ ਹਨ ਟਮਾਟਰ

ਟਮਾਟਰ ਨੂੰ ਇਸ ਦੇ ਵਿਸ਼ੇਸ਼ ਗੁਣਾਂ ਕਾਰਨ ਸਰਦੀਆਂ ਦੇ ਮੌਸਮ ਦਾ ਉਪਯੋਗੀ ਫਲ ਮੰਨਿਆ ਜਾਂਦਾ ਹੈ। ਇਸ ਦੀ ਵਰਤੋਂ ਸਬਜ਼ੀ ਦੇ ਨਾਲ-ਨਾਲ ਫਲ ਦੇ ਰੂਪ ਵਿਚ ਵੀ ਬਰਾਬਰ ਹੁੰਦੀ ਹੈ। ਉਂਝ ਤਾਂ ਟਮਾਟਰ ਪੂਰਾ ਸਾਲ ਮਿਲਦੇ ਹਨ ਪਰ ਇਨ੍ਹਾਂ ਦੀ ਉਪਯੋਗਤਾ ਸਰਦੀਆਂ ਵਿਚ ਵਧ ਜਾਂਦੀ ਹੈ।



× ਭੋਜਨ ਵਿਚ ਟਮਾਟਰਾਂ ਦੇ ਜੂਸ, ਸੂਪ, ਸਲਾਦ ਆਦਿ ਦੀ ਵਰਤੋਂ ਕਰਨੀ ਚਾਹੀਦੀ ਹੈ। ਪੱਕਿਆ ਹੋਇਆ ਲਾਲ ਟਮਾਟਰ ਭੋਜਨ ਪਚਾਉਣ ਵਾਲਾ, ਤਾਕਤ ਦੇਣ ਵਾਲਾ ਅਤੇ ਖ਼ੂਨ ਸਾਫ ਕਰਨ ਵਾਲਾ ਹੁੰਦਾ ਹੈ। ਇਸ ਵਿਚ ਵਿਟਾਮਿਨ ਏ, ਬੀ, ਸੀ ਤੇ ਲੋਹਾ ਭਰਪੂਰ ਮਾਤਰਾ ਵਿਚ ਹੁੰਦਾ ਹੈ।

× ਟਮਾਟਰ ਦੇ ਸੂਪ ਵਿਚ ਕਾਲੀ ਮਿਰਚ ਪਾ ਕੇ ਪੀਣ ਨਾਲ ਕਬਜ਼ ਦੂਰ ਹੁੰਦੀ ਹੈ। ਇਸ ਨਾਲ ਚਿਹਰੇ 'ਤੇ ਚਮਕ ਤੇ ਸਰੀਰ ਵਿਚ ਚੁਸਤੀ ਬਣੀ ਰਹਿੰਦੀ ਹੈ।

× ਇਸ ਦੀ ਵਰਤੋਂ ਨਾਲ ਸਰਦੀਆਂ ਦੇ ਮੌਸਮ ਵਿਚ ਹੋਣ ਵਾਲੀਆਂ ਚਮੜੀ ਸੰਬੰਧੀ ਸਮੱਸਿਆਵਾਂ ਜਿਵੇਂ ਕਿੱਲ, ਮੁਹਾਸੇ, ਛਾਈਆਂ, ਚਮੜੀ ਦਾ ਫਟਣਾ, ਖੁਜਲੀ ਆਦਿ ਨਹੀਂ ਹੁੰਦੀਆਂ।

× ਟਮਾਟਰਾਂ ਦਾ ਜੂਸ ਪੀਣ ਨਾਲ ਵਾਲ ਚਮਕਦਾਰ ਬਣਦੇ ਹਨ। ਇਸ ਦੇ ਟੁਕੜੇ ਗੱਲ੍ਹਾਂ ਤੇ ਅੱਖਾਂ ਹੇਠਾਂ ਰੱਖਣ ਨਾਲ ਛਾਈਆਂ ਤੇ ਅੱਖਾਂ ਦੇ ਕਾਲੇ ਘੇਰੇ ਦੂਰ ਹੁੰਦੇ ਹਨ।

ਸਾਵਧਾਨੀ

ਟਮਾਟਰਾਂ ਦੀ ਬਹੁਤ ਜ਼ਿਆਦਾ ਵਰਤੋਂ ਸਰੀਰ ਨੂੰ ਨੁਕਸਾਨ ਪਹੁੰਚਾਉਂਦੀ ਹੈ। ਪੱਥਰੀ ਦੇ ਰੋਗੀਆਂ ਨੂੰ ਇਨ੍ਹਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

# ਮਾਨਸਿਕ ਸਿਹਤ ਦੀ ਅਹਿਮੀਅਤ

ਮੁੱਢ-ਕਦੀਮ ਤੋਂ ਹੀ ਮਨੁੱਖ ਵਿਚਾਰਾਂ ਵਿੱਚ ਰਚਿਆ-ਵਸਿਆ ਜੀਵਨ ਗੁਜ਼ਾਰਦਾ ਆਇਆ ਹੈ। ਅਜੋਕੇ ਸੰਦਰਭ ਵਿੱਚ ਵੇਖੀਏ ਤਾਂ ਮਨੁੱਖ ਵਿੱਚ ਮਾਨਸਿਕ ਅਸੰਤੁਲਨ ਸਹਿਜੇ ਹੀ ਵੇਖਿਆ ਜਾ ਸਕਦਾ ਹੈ। ਨਤੀਜੇ ਵਜੋਂ ਉਸ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਹੁੰਦੀ ਹੈ। ਇਹ ਸਾਰਾ ਤਾਣਾ-ਬਾਣਾ ਕਈ ਮਾਨਸਿਕ ਬੀਮਾਰੀਆਂ ਨੂੰ ਜਨਮ ਦਿੰਦਾ ਹੈ। ਬੇਸ਼ੱਕ ਆਧੁਨਿਕ ਦੌਰ ਵਿੱਚ ਜ਼ਿੰਦਗੀ ਦੀ ਰਫ਼ਤਾਰ ਤੇਜ਼ ਹੋ ਗਈ ਹੈ ਪਰ ਇਸ ਨਾਲ ਸਹਿਜਤਾ ਲੋਪ ਹੋ ਗਈ ਹੈ। ਅਸੀਂ ਅਕਸਰ ਮਨੁੱਖ ਦੀ ਸਰੀਰਕ ਅਤੇ ਸਮਾਜਿਕ ਸਿਹਤ ਬਾਰੇ ਵਿਚਾਰ-ਚਰਚਾ ਕਰਦੇ ਹਾਂ ਪਰ ਸਰੀਰ ਦੇ ਮੁਕਾਬਲੇ ਮਾਨਸਿਕ ਪੱਧਰ ਨੂੰ ਅਣਗੌਲਿਆਂ ਹੀ ਕਰਦੇ ਹਾਂ।



ਸੌਖੇ ਸ਼ਬਦਾਂ 'ਚ ਕਹੀਏ ਤਾਂ ਜਦੋਂ ਤੁਸੀਂ ਕੋਈ ਕਾਰਜ ਬਿਨਾਂ ਕਿਸੇ ਦਬਾਅ ਅਤੇ ਮਾਨਸਿਕ ਸੰਤੁਲਨ ਨਾਲ ਪੂਰੀ ਸਹਿਜਤਾ ਨਾਲ ਕਰਦੇ ਹੋ ਤਾਂ ਤੁਸੀਂ ਮਾਨਸਿਕ ਪੱਧਰ ਉੱਤੇ ਤੰਦਰੁਸਤ ਹੁੰਦੇ ਹੋ। ਕਈ ਵਾਰ ਵਿਅਕਤੀ ਸਾਰਾ-ਸਾਰਾ ਦਿਨ ਇਕੱਲਤਾ ਨੂੰ ਹੀ ਜਿਉਂਦੇ ਹਨ ਅਤੇ ਕਿਸੇ ਨਾਲ ਮਿਲਣਾ-ਜੁਲਣਾ ਵੀ ਪਸੰਦ ਨਹੀਂ ਕਰਦੇ। ਇਸ ਤੋਂ ਬਿਨਾਂ ਉਨ੍ਹਾਂ ਅੰਦਰ ਵਿਚਾਰ ਲਗਾਤਾਰ ਉਛਾਲੇ ਮਾਰਦੇ ਰਹਿੰਦੇ ਹਨ। ਇਹ ਸਭ ਲੱਛਣ ਡਿਪਰੈਸ਼ਨ ਜਾਂ ਉਦਾਸੀ ਰੋਗ ਦੇ ਸੂਚਕ ਹੋ ਸਕਦੇ ਹਨ। ਵੱਡੇ ਸ਼ਹਿਰਾਂ, ਜਿੱਥੇ ਇਨਸਾਨ ਕੋਲ ਆਪਣੀ ਗੱਲ ਕਹਿਣ ਤਕ ਦਾ ਸਮਾਂ ਨਹੀਂ ਹੈ, ਇਹ ਮਾਨਸਿਕ ਰੋਗ ਵਧੇਰੇ ਪੈਦਾ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਅੱਜ ਸਾਡੀ ਜੀਵਨ ਸ਼ੈਲੀ ਵਿੱਚ ਕਈ ਬਦਲਾਅ ਲਿਆਉਣ ਦੀ ਲੋੜ ਹੈ। ਕੁਦਰਤ ਨਾਲ ਨਜ਼ਦੀਕੀ ਬਣਾਉਣ ਅਤੇ ਅਗਾਂਹਵਧੂ ਸੋਚ ਦੇ ਧਾਰਨੀ ਬਣਨ ਨਾਲ ਅਸੀਂ ਸਹਿਜੇ ਹੀ ਮਾਨਸਿਕ ਤਣਾਅ ਦੂਰ ਕਰ ਸਕਦੇ ਹਾਂ। ਕਿਤਾਬਾਂ ਵੀ ਸਾਨੂੰ ਉਸਾਰੂ ਜੀਵਨ ਜਾਚ ਦੇਣ ਲਈ ਸਮਰੱਥ ਹਨ। ਸਾਨੂੰ ਕਦੇ ਵੀ ਖਾਲੀ ਨਹੀਂ ਰਹਿਣਾ ਚਾਹੀਦਾ ਸਗੋਂ ਕਿਰਤੀ ਬਣਨ ਦਾ ਯਤਨ ਕਰਨਾ ਚਾਹੀਦਾ ਹੈ। ਸਾਨੂੰ ਕਰਮ ਨੂੰ ਸਿਰਮੌਰ ਸਮਝਣਾ ਚਾਹੀਦਾ ਹੈ। ਵਿਗਿਆਨ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਸੰਗੀਤ ਮਨੁੱਖ ਦੇ ਮਾਨਸਿਕ ਤਣਾਅ ਨੂੰ ਦੂਰ ਕਰਨ ਦਾ ਕਾਰਗਰ ਸਾਧਨ ਹੈ। ਕੁਝ ਸਮਾਂ ਪਹਿਲਾਂ ਯੂਨੀਵਰਸਿਟੀ ਆਫ਼ ਕੈਲੀਫੋਰਨੀਆ ਦੀ ਖੋਜ ਮੁਤਾਬਿਕ ਰਾਗ ਮਨੁੱਖੀ ਸਰੀਰ ਅੰਦਰ 'ਫੀਲ ਗੁੱਡ ਹਾਰਮੋਨਜ਼' ਦਾ ਸੰਚਾਰ ਕਰਦੇ ਹਨ। ਸੰਗੀਤ ਦੀਆਂ ਤਰੰਗਾਂ ਮਾਨਸਿਕ ਅਸਹਿਜਤਾ ਹੱਲ ਕਰਨ ਵਿੱਚ ਸਮਰੱਥ ਹਨ। ਸਵੇਰ ਦੀ ਸੈਰ ਤੰਦਰੁਸਤ ਮਾਨਸਿਕ ਸਿਹਤ ਦਾ ਰਾਜ਼ ਹੈ। ਸਰੀਰਕ, ਮਾਨਸਿਕ ਅਤੇ ਸਮਾਜਿਕ ਪੱਧਰ 'ਤੇ ਤੰਦਰੁਸਤ ਰਹਿਣ ਨਾਲ ਹੀ ਸੰਤੁਲਿਤ ਸਮਾਜ ਸਿਰਜਿਆ ਜਾ ਸਕਦਾ ਹੈ।

– ਮਨਿੰਦਰ ਸਿੰਘ ਸੈਣੀ

## ਮਾਨ ਸਰਕਾਰ ਵੱਲੋਂ ਮੋਹਾਲੀ ਵਿੱਚ 'ਨੈਕਸਟ ਜੈਨਰੇਸ਼ਨ ਰੋਡ ਰੈਨੋਵੇਸ਼ਨ ਪ੍ਰੋਗਰਾਮ' ਦੀ ਸ਼ੁਰੂਆਤ

# ਐਸ.ਏ.ਐਸ. ਨਗਰ ਦੀਆਂ ਪ੍ਰਮੁੱਖ ਸੜਕਾਂ ਅਤੇ ਜੰਕਸ਼ਨਾਂ ਨੂੰ ਜੰਗੀ ਪੱਧਰ 'ਤੇ ਅਪਗ੍ਰੇਡ ਕੀਤਾ ਜਾਵੇਗਾ: ਹਰਦੀਪ ਸਿੰਘ ਮੁੰਡੀਆਂ

**ਚੰਡੀਗੜ੍ਹ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਸ਼ਹਿਰੀ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵਿਖੇ ÷ਨੈਕਸਟ ਜੈਨਰੇਸ਼ਨ ਰੋਡ ਰੈਨੋਵੇਸ਼ਨ ਪ੍ਰੋਗਰਾਮ÷ ਸ਼ੁਰੂ ਕੀਤਾ ਗਿਆ ਹੈ। ਇਸ ਪਹਿਲਕਦਮੀ ਤਹਿਤ ਸੂਬੇ ਦੇ ਵੱਡੇ ਸ਼ਹਿਰੀ ਕੇਂਦਰ ਮੋਹਾਲੀ ਦੀਆਂ ਪ੍ਰਮੁੱਖ ਸੜਕਾਂ ਅਤੇ ਮੁੱਖ ਜੰਕਸ਼ਨਾਂ ਦੀ ਤੇਜ਼ੀ ਨਾਲ ਅਪਗ੍ਰੇਡੇਸ਼ਨ ਕੀਤੀ ਜਾਵੇਗੀ ਤਾਂ ਜੋ ਸੜਕੀ ਸੰਪਰਕ ਨੂੰ ਬਿਹਤਰ ਬਣਾਇਆ ਜਾ ਸਕੇ ਅਤੇ ਯਾਤਰੀਆਂ ਲਈ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਇਆ ਜਾ ਸਕੇ। ਇਹ ਪ੍ਰਾਜੈਕਟ 10 ਸਾਲਾਂ ਦੀ ਸਾਂਭ-ਸੰਭਾਲ ਦੇ ਨਾਲ-ਨਾਲ ਟਿਕਾਊ ਸੜਕੀ ਢਾਂਚੇ ਨੂੰ ਯਕੀਨੀ ਬਣਾਉਣ ਲਈ ਐਨ.ਐਚ.ਏ.ਆਈ. ਪੈਟਰਨ ਅਤੇ ਹਾਈਬ੍ਰਿਡ ਐਨੂਇਟੀ ਮਾਡਲ (ਐਚ.ਏ.ਐਮ.) ਤਹਿਤ ਲਾਗੂ ਕੀਤਾ ਜਾਵੇਗਾ।

ਅੱਜ ਇੱਥੇ ਪੰਜਾਬ ਭਵਨ ਵਿਖੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਲਈ ਬਿਹਤਰ ਸੜਕੀ ਸੰਪਰਕ ਅਤੇ ਸੁਚਾਰੂ ਆਵਾਜਾਈ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਸੂਬੇ ਭਰ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪ੍ਰਮੁੱਖ ਰਾਜ ਮਾਰਗਾਂ ਅਤੇ ਪੇਂਡੂ ਸੜਕਾਂ ਨੂੰ ਪਹਿਲਾਂ ਹੀ ਤਰਜੀਹੀ ਤੌਰ 'ਤੇ ਅਪਗ੍ਰੇਡ ਕੀਤਾ ਜਾ ਰਿਹਾ ਹੈ ਅਤੇ ਸੂਬਾ ਸਰਕਾਰ ਵੱਲੋਂ ਹੁਣ ਪੰਜਾਬ ਦੇ ਸਭ ਤੋਂ ਵੱਡੇ ਸ਼ਹਿਰੀ ਕੇਂਦਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵਿੱਚ ਸੜਕਾਂ ਦੇ ਵਿਆਪਕ ਅਪਗ੍ਰੇਡੇਸ਼ਨ ਦੇ ਕੰਮ ਸ਼ੁਰੂ ਕੀਤੇ ਗਏ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਐਸ.ਏ.ਐਸ. ਨਗਰ (ਮੋਹਾਲੀ) ਨੂੰ ਵਿਸ਼ਵ ਪੱਧਰੀ ਸ਼ਹਿਰੀ ਬੁਨਿਆਦੀ ਢਾਂਚੇ ਵਿੱਚ ਬਦਲਣ ਲਈ ਵਿਆਪਕ ਵਿਕਾਸ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ। ਸ਼ਹਿਰ ਦੇ ਮਾਸਟਰ ਪਲਾਨ ਮੁਤਾਬਕ ਸ਼ਹਿਰ ਦੇ ਮੁੱਖ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਅਤੇ ਆਧੁਨਿਕ ਬਣਾਉਣ ਲਈ ਇੱਕ ਸਮਰਪਿਤ ÷ਨੈਕਸਟ ਜੈਨਰੇਸ਼ਨ ਰੋਡ ਰੈਨੋਵੇਸ਼ਨ ਪ੍ਰੋਗਰਾਮ÷ ਤਿਆਰ ਕੀਤਾ ਗਿਆ ਹੈ।

ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਗਮਾਡਾ ਅਤੇ ਨਗਰ ਨਿਗਮ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੀਆਂ ਪ੍ਰਮੁੱਖ ਸੜਕਾਂ ਅਤੇ ਜੰਕਸ਼ਨਾਂ ਨੂੰ ਜੰਗੀ ਪੱਧਰ 'ਤੇ ਅਪਗ੍ਰੇਡ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣ ਸਣੇ ਟ੍ਰੈਫਿਕ ਨਾਲ ਸਬੰਧਤ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਿਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਸ਼ਹਿਰ ਨਿਵਾਸੀਆਂ ਅਤੇ



ਸੈਲਾਨੀਆਂ ਲਈ ਸੁਰੱਖਿਅਤ ਅਤੇ ਆਰਾਮਦਾਇਕ ਆਵਾਜਾਈ ਸਹੂਲਤਾਂ ਯਕੀਨੀ ਬਣਾਉਣ ਲਈ ਖਸਤਾ ਸੜਕਾਂ ਦੀ ਮੁਰੰਮਤ ਕੀਤੀ ਜਾਵੇਗੀ ਅਤੇ ਇਨ੍ਹਾਂ ਨੂੰ ਅਪਗ੍ਰੇਡ ਕੀਤਾ ਜਾਵੇਗਾ।

ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਸੜਕਾਂ ਅਤੇ ਮਹੱਤਵਪੂਰਨ ਜੰਕਸ਼ਨਾਂ ਦੇ ਸੁੰਦਰੀਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਸੁੰਦਰੀਕਰਨ ਦੇ ਕੰਮਾਂ ਵਿੱਚ ਲੈਂਡਸਕੇਪਿੰਗ, ਆਧੁਨਿਕ ਰੌਸ਼ਨੀ ਪ੍ਰਣਾਲੀਆਂ ਦੀ ਸਥਾਪਨਾ ਅਤੇ ਹਰਿਆਵਲ ਵਿੱਚ ਵਾਧਾ ਕਰਨਾ ਸ਼ਾਮਲ ਹੋਵੇਗਾ, ਜਿਸ ਦਾ ਉਦੇਸ਼ ਸ਼ਹਿਰ ਦੀ ਸਮੁੱਚੀ ਸੁੰਦਰਤਾ ਅਤੇ ਵਾਤਾਵਰਣ ਦੀ ਗੁਣਵੱਤਾ ਨੂੰ ਬਿਹਤਰ ਬਣਾਉਣਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰਾਜੈਕਟ ਅਧੀਨ ਸਾਰੇ ਵਿਕਾਸ ਕਾਰਜ ਨੈਸ਼ਨਲ ਹਾਈਵੇਜ਼ ਅਥਾਰਟੀ ਆਫ਼ ਇੰਡੀਆ (ਐਨ.ਐਚ.ਏ.ਆਈ.) ਦੀ ਤਰਜ਼ 'ਤੇ ਅਤੇ ਹਾਈਬ੍ਰਿਡ ਐਨੂਇਟੀ ਮੋਡ (ਐਚ.ਏ.ਐਮ.) ਰਾਹੀਂ ਲਾਗੂ ਕੀਤੇ ਜਾਣਗੇ। ਇਸ ਮਾਡਲ ਤਹਿਤ ਜਿਸ ਠੇਕੇਦਾਰ ਨੂੰ ਪ੍ਰਾਜੈਕਟ ਸੌਂਪਿਆ ਜਾਵੇਗਾ, ਉਹ ਇਨ੍ਹਾਂ ਕੰਮਾਂ ਨੂੰ ਮੁਕੰਮਲ ਕਰਨ ਦੇ ਨਾਲ-ਨਾਲ 10 ਸਾਲਾਂ ਦੀ ਮਿਆਦ ਲਈ ਸੜਕਾਂ ਦੀ ਸਾਂਭ-ਸੰਭਾਲ ਲਈ ਵੀ ਜ਼ਿੰਮੇਵਾਰ ਹੋਵੇਗਾ।

ਇਨ੍ਹਾਂ ਪ੍ਰਾਜੈਕਟਾਂ ਦੀ ਵਿੱਤੀ ਪ੍ਰਣਾਲੀ ਬਾਰੇ ਦੱਸਦਿਆ ਕੈਬਨਿਟ ਮੰਤਰੀ ਨੇ ਕਿਹਾ ਕਿ ਭੁਗਤਾਨ 40:60 ਫਾਰਮੂਲੇ ਅਨੁਸਾਰ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਪ੍ਰਾਜੈਕਟ ਦੀ ਲਾਗਤ ਦਾ 40 ਫ਼ੀਸਦ ਸਰਕਾਰ ਵੱਲੋਂ ਉਸਾਰੀ ਦੇ ਪੜਾਅ ਦੌਰਾਨ ਅਦਾ ਕੀਤਾ ਜਾਵੇਗਾ, ਜਦੋਂ ਕਿ ਬਾਕੀ 60 ਫ਼ੀਸਦੀ ਠੇਕੇਦਾਰ ਵੱਲੋਂ ਖਰਚ ਕੀਤਾ ਜਾਵੇਗਾ ਅਤੇ ਸਰਕਾਰ ਵੱਲੋਂ ਪ੍ਰਾਜੈਕਟ ਮੁਕੰਮਲ ਹੋਣ ਤੋਂ ਬਾਅਦ 10 ਸਾਲਾਂ ਦੀ ਮਿਆਦ ਵਿੱਚ ਠੇਕੇਦਾਰ ਨੂੰ ਸਾਲਾਨਾ ਭੁਗਤਾਨਾਂ ਰਾਹੀਂ ਬਾਕੀ ਰਕਮ ਅਦਾ ਕੀਤੀ ਜਾਵੇਗੀ। ਇਸ ਵਿਧੀ ਰਾਹੀਂ ਠੇਕੇਦਾਰ ਦੀ ਜਵਾਬਦੇਹੀ ਵਧੇਗੀ ਅਤੇ ਉੱਚ-ਗੁਣਵੱਤਾ ਵਾਲੇ ਸੜਕੀ ਬੁਨਿਆਦੀ ਢਾਂਚੇ ਦੇ ਲੰਬੇ ਸਮੇਂ ਤੱਕ ਰੱਖ-ਰਖਾਅ ਨੂੰ ਯਕੀਨੀ ਬਣਾਇਆ ਜਾਵੇਗਾ।

ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੋਹਾਲੀ ਸ਼ਹਿਰ ਵਿੱਚ ਸੜਕਾਂ ਦੀ ਮੁਰੰਮਤ ਦਾ ਕੰਮ ਫਰਵਰੀ ਮਹੀਨੇ ਵਿੱਚ ਸ਼ੁਰੂ ਹੋ ਜਾਵੇਗਾ ਅਤੇ ਇਸੇ ਸਾਲ ਅਕਤੂਬਰ ਤੱਕ ਪੂਰਾ ਹੋਣ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦੀ ਯੋਜਨਾ ਇੱਕ ਸਪੱਸ਼ਟ ਸਮਾਂ-ਸੀਮਾ ਦੇ ਨਾਲ ਬਣਾਈ ਗਈ ਹੈ ਤਾਂ ਜੋ ਸ਼ਹਿਰੀ ਆਵਾਜਾਈ ਵਿੱਚ ਸੁਧਾਰ ਦੇ ਇਸ ਪ੍ਰਾਜੈਕਟ ਦੌਰਾਨ ਜਨਤਾ ਨੂੰ ਜ਼ਿਆਦਾ ਪਰੇਸ਼ਾਨੀ ਨਾ ਹੋਵੇ। ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਤਹਿਤ ਲਗਭਗ 700 ਕਰੋੜ ਰੁਪਏ ਦਾ ਲਾਗਤ ਨਾਲ ਸੜਕਾਂ ਦਾ ਮਜ਼ਬੂਤੀਕਰਨ ਅਤੇ ਸੁੰਦਰੀਕਰਨ ਦਾ ਕੰਮ ਕੀਤਾ ਜਾਵੇਗਾ ਅਤੇ ਇਸ ਪਹਿਲਕਦਮੀ ਅਧੀਨ ਮੋਹਾਲੀ ਸ਼ਹਿਰ ਵਿੱਚ ਲਗਭਗ 80 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਜਾਵੇਗਾ।

ਮੁੰਡੀਆਂ ਨੇ ਕਿਹਾ ਕਿ ਸਬੰਧਤ ਵਿਭਾਗਾਂ ਅਤੇ ਸੀਨੀਅਰ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਗੁਣਵੱਤਾ ਦੇ ਮਿਆਰਾਂ ਦੀ ਸਖ਼ਤੀ ਨਾਲ ਪਾਲਣਾ ਕਰਦਿਆਂ ਇਹ ਸਾਰੇ ਕੰਮ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਪੂਰੇ ਕੀਤੇ ਜਾਣ। ਉਨ੍ਹਾਂ ਨਾਲ ਹੀ ਕਿਹਾ ਕਿ ਇਨ੍ਹਾਂ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਨੇ ਕਿਹਾ ਕਿ ਇਨ੍ਹਾਂ ਪ੍ਰਸਤਾਵਿਤ ਸੁਧਾਰਾਂ ਦਾ ਉਦੇਸ਼ ਸ਼ਹਿਰ ਅਤੇ ਇਸ ਦੇ ਨਿਵਾਸੀਆਂ ਲਈ ਸੁਚਾਰੂ ਆਵਾਜਾਈ ਯਕੀਨੀ ਬਣਾਉਣਾ ਹੈ। ਇਹ ਪਹਿਲਕਦਮੀਆਂ ਆਵਾਜਾਈ ਵਿੱਚ ਵੱਡੇ ਸੁਧਾਰਾਂ ਨੂੰ ਯਕੀਨੀ ਬਣਾਉਂਦਿਆਂ ਸੜਕ ਸੁਰੱਖਿਆ ਨੂੰ ਵੀ ਮਜ਼ਬੂਤੀ ਦੇਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਬਿਹਤਰ ਸੜਕੀ ਸੰਪਰਕ ਅਤੇ ਨਵੀਨੀਕਰਨ ਦੇ ਇਸ ਪ੍ਰਾਜੈਕਟ ਅਧੀਨ ਸ਼ਹਿਰੀ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਨਾਲ ਖੇਤਰ ਵਿੱਚ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਮਹੱਤਵਪੂਰਨ ਕਾਰਜ ਸ਼ਹਿਰ ਦੀ ਦਿੱਖ ਨੂੰ ਸਵਾਰਨ ਦੇ ਨਾਲ-ਨਾਲ ਇਥੋਂ ਦੇ ਨਾਗਰਿਕਾਂ ਲਈ ਜੀਵਨ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਵਿੱਚ ਅਹਿਮ ਯੋਗਦਾਨ ਪਾਉਣਗੇ।

ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਨੂੰ ਆਧੁਨਿਕ ਬੁਨਿਆਦੀ ਢਾਂਚਾ ਅਤੇ ਸਾਫ਼-ਸੁਥਰਾ ਤੇ ਯੋਜਨਾਬੱਧ ਸ਼ਹਿਰੀ ਢਾਂਚਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਸਮਰਪਿਤ ਹੈ ਅਤੇ ਅਜਿਹੇ ਲੋਕ-ਪੱਖੀ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਦੇ ਪ੍ਰਮੁੱਖ ਸਕੱਤਰ ਸ੍ਰੀ ਵਿਕਾਸ ਗਰਗ ਅਤੇ ਹੋਰ ਵੀ ਮੌਜੂਦ ਸਨ।

## ਸਿਹਤ ਬੀਮਾ ਯੋਜਨਾ ਹਰ ਘਰ ਤੱਕ ਪਹੁੰਚਾਉਣ ਲਈ ਪੰਜਾਬ ਸਰਕਾਰ ਵਚਨਬੱਧ



**ਫਾਜ਼ਿਲਕਾ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਸਿਹਤ ਪੱਖੋਂ ਮਿਆਰੀ ਸਹੂਲਤਾਂ ਦੇਣ ਦੀ ਵਚਨਬੱਧਤਾ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਵਿਚ 10 ਲੱਖ ਤੱਕ ਦਾ ਮੁਫਤ ਇਲਾਜ ਹਰ ਪਰਿਵਾਰ ਨੂੰ ਮਿਲੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਪਿੰਡ ਪਿੰਡ ਪਿੰਡ-ਪਿੰਡ/ਵਾਰਡ-ਵਾਰਡ ਜਾ ਕੇ ਲੋਕਾਂ ਦੇ ਬਣਾਏ ਜਾ ਰਹੇ 10 ਲੱਖ ਤੱਕ ਦੇ ਮੁਫਤ ਕਾਰਡਾਂ ਦਾ ਜਾਇਜਾ ਲੈਣ ਮੌਕੇ ਕੀਤਾ।

ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਇਹ ਯੋਜਨਾ ਹਰ ਘਰ ਤੱਕ ਪਹੁੰਚਾਈ ਜਾ ਰਹੀ ਹੈ ਕਿਸੇ ਵੀ ਪਰਿਵਾਰ ਨੂੰ ਇਸ ਯੋਜਨਾਂ ਦਾ ਲਾਭ ਲੈਣ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀਬਾਜੀ ਤੋਂ ਉਪਰ ਉਠ ਕੇ ਲੋਕਾਂ ਦੇ ਬਿਨਾਂ ਕਿਸੇ ਭੇਦਭਾਵ ਦੇ ਕਾਰਡ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਰ ਪਿੰਡ ਹਰ ਵਾਰਡ ਵਿਚ ਕੈਂਪ ਲਗਾ ਕੇ ਨਾਗਰਿਕਾ ਨੂੰ ਇਸ ਯੋਜਨਾ ਅਧੀਨ ਕਵਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਰਡ ਬਣਾਉਣ ਲਈ ਆਧਾਰ ਕਾਰਡ ਤੇ ਵੋਟਰ ਕਾਰਡ ਦਸਤਾਵੇਜ ਲਾਜਮੀ ਹਨ।

ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਸਦਕਾ ਲੋਕਾਂ ਨੂੰ ਮੁਫਤ ਸਿਹਤ ਸੇਵਾਵਾਂ ਪ੍ਰਦਾਨ ਕੀਤੀਆ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਸੀਂ ਉਮੀਦ ਕਰਦੇ ਹਾਂ ਕਿ ਹਰੇਕ ਨਾਗਰਿਕ ਤੰਦਰੁਸਤ ਤੇ ਬਿਮਾਰੀਆਂ ਮੁਕਤ ਰਹੇ, ਪਰ ਜੇ ਕਿਸੇ ਨੂੰ ਐਮਰਜੰਸੀ ਜਰੂਰਤ ਪੈਂਦੀ ਹੈ ਤਾਂ ਉਹ ਇਸ ਕਾਰਡ ਨਾਲ ਆਪਣਾ ਇਲਾਜ ਕਰਵਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਕਾਰਡ ਵਿਚ ਵੱਡੇ ਇਲਾਜ ਕਿਡਨੀ, ਦਿਮਾਗੀ ਰੋਗਾਂ, ਕੈਂਸਰ ਆਦਿ ਸ਼ਾਮਿਲ ਕੀਤੇ ਗਏ ਹਨ ਜਿਸ ਨਾਲ ਲੋਕਾਂ ਨੂੰ ਕੋਈ ਪ੍ਰੇਸ਼ਾਨੀ ਨਹੀ ਆਵੇਗੀ।

# ChatGPT ਦੀ ਨਕਲ ਕਰਦੀ Sikh GPT ਦੀ ਜਾਣਕਾਰੀ ਝੂਠੀ ਅਤੇ ਗ਼ਲਤ

**ਨਵੀਂ ਦਿੱਲੀ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਆਧੁਨਿਕ ਤਕਨੀਕ ਨੇ ਹਰ ਕੰਮ ਨੂੰ ਸੁਖਾਲਾ ਕਰ ਦਿੱਤਾ ਹੈ। ਗੱਲ ਆਰਟੀਫ਼ੀਸ਼ੀਅਲ ਇੰਟੈਲੀਜੈਂਸ (AI) ਦੀ ਕਰੀਏ ਤਾਂ ਇਸ ਦੀ ਵਰਤੋਂ ਵੀ ਹੋ ਰਹੀ ਹੈ ਤੇ ਦੁਰਵਰਤੋਂ ਵੀ ਹੋ ਰਹੀ ਹੈ। ਹੁਣ ਹਰ ਸਵਾਲ ਦਾ ਜਵਾਬ AI ਤੋਂ ਲੱਭ ਲਿਆ ਜਾਂਦਾ ਹੈ, ਪਰ ਜਦੋਂ ਧਾਰਮਿਕ ਮਾਮਲਿਆਂ 'ਚ ਇਸ ਤਕਨੀਕ ਦੀ ਸ਼ਮੂਲੀਅਤ ਹੁੰਦੀ ਹੈ ਤਾਂ ਗ਼ਲਤੀਆਂ ਦੀ ਗੁੰਜਾਇਸ਼ ਤੇ ਦੁਰਵਤਰੋਂ ਦਾ ਖ਼ਦਸ਼ਾ ਵੀ ਵੱਧ ਜਾਂਦਾ ਹੈ। ਅਜਿਹਾ ਹੀ ਇੱਕ ਮਾਮਲਾ ਸਾਹਮਣੇ ਆਇਆ ਹੈ ਜਿੱਥੇ hatGPT ਦੀ ਨਕਲ ਕਰਦੀ Sikh GPT ਨਾਮਕ AI ਪਲੈਟਫ਼ੌਰਮ ਨੇ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਕਰ ਦਿੱਤੇ ਹਨ। ਜਾਣਕਾਰੀ ਅਨੁਸਾਰ Sikh GPT ਦੀ ਸਮੱਗਰੀ 'ਚ ਗੰਭੀਰ ਗ਼ਲਤੀਆਂ ਅਤੇ ਅੰਤਰ ਵਿਰੋਧ ਦਿਖਾਈ ਦਿੱਤੇ ਹਨ। ਇਸ ਮਾਮਲੇ ਦੀ ਸੰਜੀਦਗੀ ਨਾਲ ਜਾਂਚ ਕਰਦਿਆਂ ਯੂਨਾਈਟਿਡ ਸਿਖਸ (UK) ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਰਸਮੀ ਤੌਰ 'ਤੇ ਦਖ਼ਲ ਦੇਣ ਦੀ ਮੰਗ ਕੀਤੀ ਹੈ।

ਐਪ ਸਟੋਰ ਅਤੇ ਗੂਗਲ ਪਲੇਅ 'ਤੇ ਉਪਲਬਧ Sikh GPT ਇੱਕ AI ਆਧਾਰਿਤ ਟੂਲ ਹੈ ਜੋ ਆਪਣੇ ਆਪ ਨੂੰ ਸਿੱਖੀ, ਗੁਰਬਾਣੀ, ਇਤਿਹਾਸ ਅਤੇ ਰਹਿਤ-ਮਰਿਆਦਾ ਨਾਲ ਸਬੰਧਤ ਸਵਾਲਾਂ ਦੇ ਜਵਾਬ ਦੇਣ ਵਾਲਾ ਪਲੈਟਫ਼ੌਰਮ ਹੋਣ ਦਾ ਦਾਅਵਾ ਕਰਦਾ ਹੈ, ਉਹ ਵੀ ਡਿਸਕਲੇਮਰਾਂ ਸਮੇਤ, ਪਰ ਯੂਨਾਈਟਿਡ ਸਿਖਸ (UK) ਅਨੁਸਾਰ ਇਸ ਪਲੈਟਫ਼ੌਰਮ ਵਲੋਂ ਦਿੱਤੇ ਜਾ ਰਹੇ



ਕਈ ਜਵਾਬ ਬਾਣੀ ਨਾਲ ਮੇਲ ਨਹੀਂ ਖਾਂਦੇ, ਤੱਥਾਂ ਤੋਂ ਵੱਖ ਤੇ ਅਧੂਰੇ ਹਨ ਤੇ ਕਾਫ਼ੀ ਗ਼ਲਤ ਵੀ ਹਨ।

**ਯੂਨਾਈਟਿਡ ਸਿਖਸ ਨੇ ਚੁੱਕਿਆ ਮੁੱਦਾ:** ਇਹ ਮਾਮਲਾ ਯੂਨਾਈਟਿਡ ਸਿਖਸ (UK) ਦੇ ਕਮਿਊਨੀਕੇਸ਼ਨਜ਼ ਅਤੇ ਐਡਵੋਕੇਸੀ ਡਾਇਰੈਕਟਰ ਹਰਮੀਤ ਸ਼ਾਹ ਸਿੰਘ, ਜੋ ਇੱਕ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਤਜਰਬੇਕਾਰ ਜਾਂਚ ਪੱਤਰਕਾਰ ਅਤੇ ਸੰਪਾਦਕ ਰਹੇ ਹਨ, ਨੇ ਚੁੱਕਿਆ ਹੈ। ਉਨ੍ਹਾਂ ਨੇ Sikh GPT 'ਤੇ ਸੁਚੱਜੇ, ਤੱਥ-ਆਧਾਰਿਤ ਅਤੇ ਪਰਖਯੋਗ ਪ੍ਰੌਂਪਟਸ ਦੇ ਕੇ ਉਸ ਦੀ ਸਮੱਗਰੀ ਦੀ ਜਾਂਚ ਕੀਤੀ। ਇਨ੍ਹਾਂ ਪ੍ਰੌਂਪਟਸ ਰਾਹੀਂ ਦਿੱਤੇ ਗਏ ਜਵਾਬਾਂ 'ਚ ਗ਼ਲਤ ਪੰਕਤੀਆਂ ਨੂੰ ਗੁਰਬਾਣੀ ਵਜੋਂ ਦਰਸਾਇਆ ਗਿਆ ਅਤੇ ਬਾਣੀ ਦੇ ਅੱਖਰਾਂ, ਅੰਗਾਂ ਦੇ ਅੰਕਾਂ ਸਬੰਧੀ ਗੰਭੀਰ ਗ਼ਲਤੀਆਂ ਸਾਹਮਣੇ ਆਈਆਂ ਜਿਸ ਨਾਲ ਇਹ ਸਪਸ਼ੱਟ ਹੋ ਗਿਆ ਕਿ ਪਲੈਟਫ਼ੌਰਮ ਭਰੋਸੇਯੋਗ ਧਾਰਮਿਕ ਸਰੋਤ ਵਜੋਂ ਕੰਮ ਕਰਨ ਦੇ ਯੋਗ ਨਹੀਂ।

ਸੰਸਥਾ ਦਾ ਕਹਿਣਾ ਹੈ ਕਿ ਜੇ ਇਹ ਗ਼ਲਤੀਆਂ ਸਮੇਂ 'ਤੇ ਉਜਾਗਰ ਨਾ ਕੀਤੀਆਂ ਜਾਂਦੀਆਂ ਤਾਂ Sikh GPT ਚੁੱਪਚਾਪ AI ਜਗਤ 'ਚ ਕੰਮ ਕਰਦਾ ਰਹਿੰਦਾ ਅਤੇ ਨਵੀਂ ਪੀੜ੍ਹੀ ਤਕ ਗ਼ਲਤ ਜਾਣਕਾਰੀ ਪਹੁੰਚਾਉਂਦਾ ਰਹਿੰਦਾ। ਇਹ ਪਲੈਟਫ਼ੌਰਮ ਬਿਨਾਂ ਕਿਸੇ ਪੰਥਕ ਨਿਗਰਾਨੀ ਦੇ ਇੱਕ ਅਣਉਪਚਾਰਿਕ ਧਾਰਮਿਕ ਅਥੌਰਿਟੀ ਵਾਂਗ ਵਰਤਿਆ ਜਾਣ ਲੱਗ ਪੈਂਦਾ।

ਯੂਨਾਈਟਿਡ ਸਿਖਸ (UK) ਅਨੁਸਾਰ ਇਹ ਮਾਮਲਾ ਸਾਫ਼ ਤੌਰ 'ਤੇ ਦੱਸਦਾ ਹੈ ਕਿ ਮੌਜੂਦਾ ਏਆਈ ਦੇ ਦੌਰ 'ਚ ਫ਼ੈਕਟ-ਚੈਕਿੰਗ ਸਭ ਤੋਂ ਮਹੱਤਵਪੂਰਣ ਜ਼ਿੰਮੇਵਾਰੀ ਬਣ ਚੁੱਕੀ ਹੈ। ਤਕਨੀਕੀ ਜਵਾਬ ਭਰੋਸੇਯੋਗ ਨਹੀਂ ਹੁੰਦੇ, ਖ਼ਾਸ ਕਰ ਕੇ ਜਦੋਂ ਮਾਮਲਾ ਧਾਰਮਿਕ, ਇਤਿਹਾਸਕ ਅਤੇ ਆਤਮਿਕ ਸੱਚਾਈ ਨਾਲ ਜੁੜਿਆ ਹੋਵੇ। 24 ਜਨਵਰੀ 2026 ਨੂੰ ਭੇਜੇ ਗਏ ਵਿਸਥਾਰਤ ਪੱਤਰ ਰਾਹੀਂ ਯੂਨਾਈਟਿਡ ਸਿਖਸ (UK) ਵਲੋਂ ਹਰਮੀਤ ਸ਼ਾਹ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੰਗ ਕੀਤੀ ਹੈ ਕਿ Sikh GPT ਵਰਗੇ AI ਪਲੈਟਫ਼ੌਰਮਾਂ ਦੀ ਪੰਥਕ ਜਾਂਚ ਕੀਤੀ ਜਾਵੇ, ਸਿੱਖੀ ਨਾਲ ਸਬੰਧਤ AI ਵਰਤੋਂ ਲਈ ਦਿਸ਼ਾ-ਨਿਰਦੇਸ਼ ਨਿਰਧਾਰਿਤ ਕੀਤੇ ਜਾਣ।

## ਅਖ਼ੀਰ ਯੁਵਰਾਜ ਸਿੰਘ ਨੇ ਦੱਸਿਆ ਸੰਨਿਆਸ ਲੈਣ ਦਾ ਅਸਲ ਕਾਰਨ

**ਚੰਡੀਗੜ੍ਹ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਕ੍ਰਿਕਟ ਦਾ ਦਿੱਗਜ ਬਣਨ ਦੇ ਬਾਵਜੂਦ ਯੁਵਰਾਜ ਨੇ ਇੱਕ ਇੰਟਰਵਿਊ ਦੌਰਾਨ ਯਾਦ ਕੀਤਾ ਕਿ ਇੱਕ ਸਮਾਂ ਅਜਿਹਾ ਸੀ ਜਦੋਂ ਉਨ੍ਹਾਂ ਦੀ ਪ੍ਰਤਿਭਾ 'ਤੇ ਸਵਾਲ ਚੁੱਕੇ ਗਏ ਸਨ। ਸਾਬਕਾ ਕ੍ਰਿਕਟਰ ਯੁਵਰਾਜ ਸਿੰਘ ਨੇ ਖੁਲਾਸਾ ਕੀਤਾ ਹੈ ਕਿ ਉਨ੍ਹਾਂ ਨੇ ਆਪਣੇ ਪੇਸ਼ੇਵਰ ਕਰੀਅਰ ਦੇ ਅੰਤਿਮ ਪੜਾਅ ਦੌਰਾਨ ਕ੍ਰਿਕਟ ਦਾ ਆਨੰਦ ਲੈਣਾ ਬੰਦ ਕਰ ਦਿੱਤਾ ਸੀ, ਇੱਥੋਂ ਤੱਕ ਕਿ ਉਨ੍ਹਾਂ ਨੇ ਆਪਣੇ ਆਪ ਤੋਂ ਇਹ ਸਵਾਲ ਕਰਨਾ ਸ਼ੁਰੂ ਕਰ ਦਿੱਤਾ ਸੀ ਕਿ ਉਹ ਖੇਡਣਾ ਕਿਉਂ ਜਾਰੀ ਰੱਖ ਰਹੇ ਹਨ।

ਭਾਰਤ ਦੇ ਮਹਾਨ ਵਾਈਟ-ਬਾਲ ਕ੍ਰਿਕਟਰਾਂ ਵਿੱਚੋਂ ਇੱਕ ਮੰਨੇ ਜਾਣ ਵਾਲੇ ਯੁਵਰਾਜ ਨੇ 2007 ਆਈਸੀਸੀ ਵਿਸ਼ਵ ਟੀ-20 ਅਤੇ 2011 ਓਡੀਆਈ ਵਿਸ਼ਵ ਕੱਪ ਵਿੱਚ ਭਾਰਤ ਦੀਆਂ ਜਿੱਤਾਂ ਵਿੱਚ ਅਹਿਮ ਭੂਮਿਕਾ ਨਿਭਾਈ ਸੀ। 2011 ਦੇ ਵਿਸ਼ਵ ਕੱਪ ਵਿੱਚ ਉਨ੍ਹਾਂ ਦਾ ਯੋਗਦਾਨ ਖਾਸ ਤੌਰ 'ਤੇ ਯਾਦਗਾਰ ਸੀ, ਕਿਉਂਕਿ ਉਨ੍ਹਾਂ ਨੇ 'ਪਲੇਅਰ ਆਫ ਦ ਟੂਰਨਾਮੈਂਟ' ਦਾ ਐਵਾਰਡ ਜਿੱਤਿਆ ਅਤੇ ਭਾਰਤ ਨੂੰ ਘਰੇਲੂ ਮੈਦਾਨ 'ਤੇ ਵਿਸ਼ਵ ਕੱਪ ਜਿੱਤਣ ਵਾਲੀ ਪਹਿਲੀ ਟੀਮ ਬਣਾਉਣ ਵਿੱਚ ਮਦਦ ਕੀਤੀ। ਇਸ ਪ੍ਰਾਪਤੀ ਨੂੰ ਹੋਰ ਵੀ ਕਮਾਲ ਦੀ ਗੱਲ ਇਹ ਸੀ ਕਿ ਬਾਅਦ ਵਿੱਚ ਖੁਲਾਸਾ ਹੋਇਆ ਕਿ ਯੁਵਰਾਜ ਪੂਰੇ ਟੂਰਨਾਮੈਂਟ ਦੌਰਾਨ ਕੈਂਸਰ ਨਾਲ ਜੂਝ ਰਹੇ ਸਨ।

ਹਾਲਾਂਕਿ, ਜਿਵੇਂ-ਜਿਵੇਂ ਉਮਰ ਵਧਦੀ ਗਈ ਅਤੇ ਉਨ੍ਹਾਂ ਦੇ ਸਿਖਰ ਦੌਰ ਦੁਆਰਾ ਨਿਰਧਾਰਤ ਕੀਤੇ ਗਏ ਮਾਪਦੰਡਾਂ ਕਾਰਨ ਉਮੀਦਾਂ ਅਸਮਾਨ ਨੂੰ ਛੂਹ ਰਹੀਆਂ ਸਨ, ਆਲੋਚਨਾ ਵਧਣੀ ਸ਼ੁਰੂ ਹੋ ਗਈ। ਯੁਵਰਾਜ ਨੇ ਸਮਰਥਨ ਅਤੇ ਸਤਿਕਾਰ ਦੀ ਕਮੀ ਮਹਿਸੂਸ ਕੀਤੀ, ਜਿਸ ਨੇ ਅੰਤ ਵਿੱਚ ਉਨ੍ਹਾਂ ਨੂੰ ਸੰਨਿਆਸ ਵੱਲ ਧੱਕ ਦਿੱਤਾ।

ਯੁਵਰਾਜ ਨੇ ਸਾਨੀਆ ਮਿਰਜ਼ਾ ਦੇ ਯੂਟਿਊਬ ਚੈਨਲ 'ਤੇ ਗੱਲਬਾਤ ਕਰਦਿਆਂ ਕਿਹਾ, "ਮੈਂ ਆਪਣੀ ਖੇਡ ਦਾ ਆਨੰਦ ਨਹੀਂ ਲੈ ਰਿਹਾ ਸੀ। ਮੈਂ ਸੋਚਦਾ ਰਿਹਾ—ਜਦੋਂ ਮੈਂ ਆਨੰਦ ਹੀ ਨਹੀਂ ਲੈ ਰਿਹਾ ਤਾਂ ਮੈਂ ਕ੍ਰਿਕਟ ਕਿਉਂ ਖੇਡ ਰਿਹਾ ਹਾਂ ? ਮੈਂ ਸਮਰਥਨ ਮਹਿਸੂਸ ਨਹੀਂ ਕਰ ਰਿਹਾ ਸੀ। ਮੈਂ ਸਤਿਕਾਰ ਮਹਿਸੂਸ ਨਹੀਂ ਕਰ ਰਿਹਾ ਸੀ। ਖੇਡ ਨੇ ਮੈਨੂੰ ਬਹੁਤ ਕੁਝ ਦਿੱਤਾ ਹੈ, ਅਤੇ ਮੈਂ ਆਪਣਾ ਸਰਬਉੱਤਮ ਦਿੱਤਾ ਹੈ।"

ਉਨ੍ਹਾਂ ਅੱਗੇ ਕਿਹਾ, ਮੈਂ ਉਸ ਚੀਜ਼ ਨਾਲ ਕਿਉਂ ਜੁੜਿਆ ਹੋਇਆ ਹਾਂ ਜਿਸ ਦਾ ਮੈਂ ਆਨੰਦ ਨਹੀਂ ਲੈ ਰਿਹਾ ? ਕੀ ਸਾਬਤ ਕਰਨ ਲਈ ? ਮੈਂ ਮਾਨਸਿਕ ਜਾਂ ਸਰੀਰਕ ਤੌਰ 'ਤੇ ਹੋਰ ਨਹੀਂ ਦੇ ਸਕਦਾ ਸੀ, ਅਤੇ ਇਹ ਮੈਨੂੰ ਦੁਖੀ ਕਰ ਰਿਹਾ ਸੀ। ਜਿਸ ਦਿਨ ਮੈਂ ਰੁਕਿਆ(ਸੰਨਿਆਸ ਲਿਆ), ਮੈਂ ਫਿਰ ਤੋਂ ਆਪਣੇ ਆਪ ਨੂੰ ਮਹਿਸੂਸ ਕੀਤਾ।

ਯੁਵਰਾਜ ਨੇ ਯਾਦ ਕੀਤਾ ਕਿ ਇੱਕ ਸਮਾਂ ਅਜਿਹਾ ਸੀ ਜਦੋਂ ਉਨ੍ਹਾਂ ਦੀ ਪ੍ਰਤਿਭਾ 'ਤੇ ਸ਼ੱਕ ਜਤਾਇਆ ਗਿਆ ਸੀ। ਭਾਰਤ ਦੇ ਸਾਬਕਾ ਬੱਲੇਬਾਜ਼ ਨਵਜੋਤ ਸਿੰਘ ਸਿੱਧੂ ਨੇ ਇੱਕ ਵਾਰ ਉਨ੍ਹਾਂ ਨੂੰ ਨਕਾਰ ਦਿੱਤਾ ਸੀ ਜਦੋਂ ਉਹ (ਯੁਵਰਾਜ) ਅਜੇ ਕਿਸ਼ੋਰ ਸਨ।

ਖਿਡਾਰੀ ਨੇ ਕਿਹਾ ਕਿ, ਮੈਨੂੰ ਲੱਗਦਾ ਹੈ ਕਿ ਉਨ੍ਹਾਂ ਕੋਲ ਮੈਨੂੰ ਸੱਚਮੁੱਚ ਦੇਖਣ ਦਾ ਸਮਾਂ ਨਹੀਂ ਸੀ। ਉਹ ਸ਼ਾਇਦ ਮੇਰੇ ਪਿਤਾ ਜੀ ਨਾਲ ਸਿਰਫ਼ ਨਿਮਰਤਾ ਨਾਲ ਪੇਸ਼ ਆ ਰਹੇ ਸਨ। ਮੈਂ ਸਿਰਫ਼ 13 ਜਾਂ 14 ਸਾਲ ਦਾ ਸੀ, ਅਜੇ ਵੀ ਖੇਡ ਨੂੰ ਸਮਝ ਰਿਹਾ ਸੀ। ਹਾਲਾਂਕਿ, ਯੂਵਰਾਜ ਦੇ ਪਿਤਾ ਯੋਗਰਾਜ ਸਿੰਘ ਨੇ ਇਸ ਟਿੱਪਣੀ ਨੂੰ ਨਿੱਜੀ ਤੌਰ 'ਤੇ ਲਿਆ। ਯੁਵਰਾਜ ਨੇ ਯਾਦ ਕਰਦਿਆਂ ਦੱਸਿਆ, ÷ਉਨ੍ਹਾਂ ਨੇ ਮੈਨੂੰ ਕਿਹਾ, 'ਚੱਲ ਬੇਟਾ, ਮੈਂ ਤੈਨੂੰ ਦੱਸਦਾ ਹਾਂ ਕ੍ਰਿਕਟ ਕਿਵੇਂ ਖੇਡਦੇ ਹਨ'।

# ਨਾਲਾਗੜ੍ਹ ਪੁਲਿਸ ਥਾਣਾ ਬਲਾਸਟ ਕੇਸ: ਬੱਬਰ ਖਾਲਸਾ ਇੰਟਰਨੈਸ਼ਨਲ ਨਾਲ ਜੁੜੇ ਦੋ ਵਿਅਕਤੀ ਨਵਾਂਸ਼ਹਿਰ ਤੋਂ ਗ੍ਰਿਫ਼ਤਾਰ; ਆਈ.ਈ.ਡੀ. ਬਰਾਮਦ

## ਗ੍ਰਿਫ਼ਤਾਰ ਮੁਲਜ਼ਮ ਗੁਰਪ੍ਰੀਤ ਉਰਫ਼ ਗੋਪੀ ਨਵਾਂਸ਼ਹਿਰੀਆ ਅਤੇ ਬੀ.ਕੇ.ਆਈ. ਦੇ ਮਾਸਟਰਮਾਈਂਡ ਹਰਵਿੰਦਰ ਰਿੰਦਾ ਦੇ ਕਰੀਬੀ ਸਾਥੀ ਸ਼ੁਸ਼ਾਂਤ ਚੋਪੜਾ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ: ਡੀ.ਜੀ.ਪੀ. ਗੌਰਵ ਯਾਦਵ

**ਚੰਡੀਗੜ੍ਹ/ਨਵਾਂਸ਼ਹਿਰ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦਰਮਿਆਨ ਪੰਜਾਬ ਪੁਲਿਸ ਨੇ ਹਿਮਾਚਲ ਪ੍ਰਦੇਸ਼ ਦੇ ਨਾਲਾਗੜ੍ਹ ਪੁਲਿਸ ਥਾਣਾ ਬਲਾਸਟ ਕੇਸ ਦੀ ਜਾਂਚ ਵਿੱਚ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਪਾਕਿ-ਆਈਐਸਆਈ ਤੋਂ ਹਮਾਇਤ ਪ੍ਰਾਪਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀ.ਕੇ.ਆਈ.) ਅੱਤਵਾਦੀ ਨੈੱਟਵਰਕ ਨਾਲ ਜੁੜੇ ਇੱਕ ਨਾਰਕੋ-ਅੱਤਵਾਦੀ ਮਾਡਿਊਲ ਦੀ ਸ਼ਮੂਲੀਅਤ ਦਾ ਪਰਦਾਫਾਸ਼ ਕਰਕੇ ਇਸਦੇ ਦੋ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਹੈ।

ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਇਹ ਕਾਰਵਾਈ ਹਿਮਾਚਲ ਪ੍ਰਦੇਸ਼ ਪੁਲਿਸ ਅਤੇ ਕੇਂਦਰੀ ਏਜੰਸੀਆਂ ਨਾਲ ਨੇੜਿਓਂ ਤਾਲਮੇਲ ਰਾਹੀਂ ਕੀਤੀ ਗਈ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਸ਼ਮਸ਼ੇਰ ਸਿੰਘ ਉਰਫ਼ ਸ਼ੇਰੂ ਉਰਫ਼ ਕਮਲ ਅਤੇ ਪ੍ਰਦੀਪ ਸਿੰਘ ਉਰਫ਼ ਦੀਪੂ ਵਜੋਂ ਹੋਈ ਹੈ, ਜੋ ਐਸਬੀਐਸ ਅਧੀਨ ਪੈਂਦੇ ਕਸਬਾ ਰਾਹੋਂ ਦੇ ਰਹਿਣ ਵਾਲੇ ਹਨ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਇੰਪਰੂਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਵੀ ਬਰਾਮਦ ਕੀਤੀ ਹੈ।



ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਗੁਰਪ੍ਰੀਤ ਉਰਫ਼ ਗੋਪੀ ਨਵਾਂਸ਼ਹਿਰੀਆ ਅਤੇ ਬੀਕੇਆਈ ਦੇ ਮਾਸਟਰਮਾਈਂਡ ਹਰਵਿੰਦਰ ਰਿੰਦਾ ਦੇ ਨਜ਼ਦੀਕੀ ਸਾਥੀ ਸ਼ੁਸ਼ਾਂਤ ਚੋਪੜਾ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ।

ਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮਾਂ ਨੇ 31 ਦਸੰਬਰ, 2025 ਨੂੰ ਆਪਣੇ ਦੋ ਸਾਥੀਆਂ ਨਾਲ ਮਿਲ ਕੇ ਪੰਜਾਬ ਤੋਂ ਹਿਮਾਚਲ ਪ੍ਰਦੇਸ਼ ਇੱਕ ਆਈਈਡੀ ਪਹੁੰਚਾਈ ਸੀ, ਜਿਸਦੀ ਵਰਤੋਂ ਪੁਲਿਸ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਦੀ ਇੱਕ ਵੱਡੀ ਸਾਜ਼ਿਸ਼ ਦੇ ਹਿੱਸੇ ਵਜੋਂ 1 ਜਨਵਰੀ, 2026 ਨੂੰ ਹੋਏ ਨਾਲਾਗੜ੍ਹ ਪੁਲਿਸ ਸਟੇਸ਼ਨ ਧਮਾਕੇ ਵਿੱਚ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਨਵਾਂਸ਼ਹਿਰ ਦੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਤੁਸ਼ਾਰ ਗੁਪਤਾ ਨੇ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਰਾਹੋਂ ਪੁਲਿਸ ਥਾਣੇ ਵਿਖੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ ਤਹਿਤ ਦਰਜ ਕੀਤੀ ਗਈ ਐਫਆਈਆਰ ਦੀ ਜਾਂਚ ਦੌਰਾਨ ਗ੍ਰਿਫ਼ਤਾਰ ਮੁਲਜ਼ਮਾਂ ਦੀ ਸ਼ੁਸ਼ਾਂਤ ਚੋਪੜਾ ਦੇ ਨਿਰਦੇਸ਼ਾਂ 'ਤੇ ਕੰਮ ਕਰਨ ਦੀ ਭੂਮਿਕਾ ਬਾਰੇ ਖੁਲਾਸਾ ਹੋਇਆ।

ਐਸਐਸਪੀ ਨੇ ਕਿਹਾ ਕਿ ਇਨ੍ਹਾਂ ਖੁਲਾਸਿਆਂ ਅਤੇ ਫਾਲੋ-ਅੱਪ ਕਾਰਵਾਈ ਦੇ ਆਧਾਰ 'ਤੇ ਮੁਲਜ਼ਮਾਂ ਦੁਆਰਾ ਦੱਸੇ ਗਏ ਸਥਾਨ ਤੋਂ ਇੱਕ ਆਈਈਡੀ ਬਰਾਮਦ ਕੀਤਾ ਗਿਆ ਹੈ, ਜੋ ਇਸ ਅੱਤਵਾਦੀ ਸਾਜ਼ਿਸ਼ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਦੀ ਪੁਸ਼ਟੀ ਕਰਦਾ ਹੈ। ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਦੋ ਸਾਥੀਆਂ ਦੀ ਵੀ ਪਛਾਣ ਕਰ ਲਈ ਹੈ ਅਤੇ ਉਨ੍ਹਾਂ ਨੂੰ ਫੜਨ ਲਈ ਛਾਪੇਮਾਰੀ ਜਾਰੀ ਹੈ।

ਇਸ ਸਬੰਧ ਵਿੱਚ ਅਸਲਾ ਐਕਟ ਦੀ ਧਾਰਾ 25, ਵਿਸਫੋਟਕ ਪਦਾਰਥ ਐਕਟ ਦੀ ਧਾਰਾ 4 ਅਤੇ 5, ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ) ਦੀ ਧਾਰਾ 10,13, 15, 16, 17 ਅਤੇ 18 ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 113(1) ਅਤੇ 113(3) ਤਹਿਤ ਪੁਲਿਸ ਥਾਣਾ ਰਾਹੋਂ ਵਿਖੇ ਇੱਕ ਵੱਖਰੀ ਐਫਆਈਆਰ ਨੰ. 20 ਮਿਤੀ 29/01/2026 ਦਰਜ ਕੀਤੀ ਗਈ ਹੈ।

## UK 'ਚ ਕੌਮੀ ਜਾਂਚ ਇੱਕ ਛੱਤਰੀ ਹੇਠ ਲਿਆਉਣ ਲਈ British FBI ਬਣਾਉਣ ਦੀ ਤਿਆਰੀ




**ਲੰਡਨ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਬ੍ਰਿਟਿਸ਼ ਸਰਕਾਰ ਨੇ ਐਤਵਾਰ ਨੂੰ ਕਿਹਾ ਕਿ ਉਹ ਇਸ ਹਫ਼ਤੇ ਇੱਕ ਨਵਾਂ ਕੌਮੀ ਪੁਲੀਸ ਬਲ ਬਣਾਉਣ ਦੀਆਂ ਯੋਜਨਾਵਾਂ ਬਾਰੇ ਖ਼ੁਲਾਸਾ ਕਰੇਗੀ ਜਿਸ ਨੂੰ British FBI ਕਿਹਾ ਜਾਵੇਗਾ। ਇਹ ਪੁਲੀਸ ਬਲ ਅਤਿਵਾਦ ਵਿਰੋਧੀ, ਧੋਖਾਧੜੀ, ਔਨਲਾਈਨ ਬਾਲ ਸ਼ੋਸ਼ਣ ਅਤੇ ਅਪਰਾਧਿਕ ਗਿਰੋਹਾਂ ਵਰਗੀਆਂ ਗੁੰਝਲਦਾਰ ਜਾਂਚਾਂ ਦੀ ਜ਼ਿੰਮੇਵਾਰੀ ਸੰਭਾਲੇਗਾ।

ਰਾਸ਼ਟਰੀ ਪੁਲੀਸ ਸੇਵਾ ਅਤਿਵਾਦ ਅਤੇ ਅਪਰਾਧ ਨਾਲ ਨਜਿੱਠਣ ਵਾਲੀਆਂ ਮੌਜੂਦਾ ਏਜੰਸੀਆਂ, ਪੁਲੀਸ ਹੈਲੀਕੌਪਟਰਾਂ ਅਤੇ ਸੜਕਾਂ ਦੀ ਪੁਲੀਸਿੰਗ, ਅਤੇ ਇੰਗਲੈਂਡ ਅਤੇ ਵੇਲਜ਼ 'ਚ ਖੇਤਰੀ ਸੰਗਠਿਤ ਅਪਰਾਧ ਇਕਾਈਆਂ ਦੇ ਕੰਮ ਨੂੰ ਇੱਕੋ ਛੱਤਰੀ ਹੇਠ ਲਿਆਏਗੀ। ਗ੍ਰਹਿ ਸਕੱਤਰ ਸ਼ਬਾਨਾ ਮਹਿਮੂਦ ਨੇ ਕਿਹਾ ਕਿ ਨਵੀਂ ਸੰਸਥਾ ਇੰਗਲੈਂਡ ਅਤੇ ਵੇਲਜ਼ 'ਚ 43 ਸਥਾਨਕ ਪੁਲੀਸ ਬਲਾਂ 'ਤੇ ਬੋਝ ਨੂੰ ਘਟਾਏਗੀ ਜਿਸ ਨਾਲ ਉਨ੍ਹਾਂ ਨੂੰ ਆਪਣੇ ਅਧਿਕਾਰ ਖੇਤਰਾਂ 'ਚ ਰੋਜ਼ਾਨਾ ਹੋਣ ਵਾਲੇ ਅਪਰਾਧਾਂ 'ਤੇ ਧਿਆਨ ਕੇਂਦਰਤ ਕਰਨ 'ਚ ਮਦਦ ਮਿਲੇਗੀ।

ਮਹਿਮੂਦ ਨੇ ਕਿਹਾ, "ਕੁਝ ਸਥਾਨਕ ਬਲਾਂ ਕੋਲ ਧੋਖਾਧੜੀ, ਔਨਲਾਈਨ ਬਾਲ ਸ਼ੋਸ਼ਣ ਜਾਂ ਸੰਗਠਿਤ ਅਪਰਾਧਿਕ ਗਰੋਹਾਂ ਵਰਗੇ ਗੁੰਝਲਦਾਰ ਆਧੁਨਿਕ ਅਪਰਾਧਾਂ ਨਾਲ ਲੜਨ ਲਈ ਲੋੜੀਂਦੇ ਹੁਨਰ ਜਾਂ ਸਰੋਤਾਂ ਦੀ ਘਾਟ ਹੈ।" ਉਨ੍ਹਾਂ ਕਿਹਾ ਕਿ ਮੌਜੂਦਾ ਮਾਡਲ ਇੱਕ ਵੱਖਰੀ ਸਦੀ ਲਈ ਬਣਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਨਵੀਂ ਸੰਸਥਾ ਆਲਮੀ ਪ੍ਰਤਿੱਭਾ ਨੂੰ ਆਕਰਸ਼ਿਤ ਕਰੇਗੀ ਅਤੇ ਨਾਲ ਹੀ ਖ਼ਰੀਦ ਨੂੰ ਕੌਮੀ ਬਲ 'ਚ ਤਬਦੀਲ ਕਰ ਕੇ ਲਾਗਤਾਂ ਨੂੰ ਘਟਾਉਣ 'ਚ ਮਦਦ ਕਰੇਗੀ।

# ਵਿਧਾਇਕ ਕੁਲਵੰਤ ਸਿੰਘ ਵੱਲੋਂ 40 ਲੱਖ ਰੁਪਏ ਦੀ ਲਾਗਤ ਨਾਲ ਬਣਿਆ 'ਜਲ ਘਰ' ਲੋਕਾਂ ਨੂੰ ਸਮਰਪਿਤ

## ਪਾਣੀ ਦੀ ਸਹੀ ਵਰਤੋਂ ਨੂੰ ਲੈ ਕੇ ਲੋਕ ਪਹਿਲਾਂ ਨਾਲੋਂ ਵਧੇਰੇ ਜਾਗਰੂਕ ਹੋਏ ਹਨ: ਕੁਲਵੰਤ ਸਿੰਘ

**ਮੁਹਾਲੀ, 1 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

'ਜਲ ਅਰਪਣ ਦਿਵਸ' ਦੇ ਸ਼ੁਭ ਅਵਸਰ 'ਤੇ ਪਿੰਡ ਤੜੌਲੀ ਵਿਖੇ ਕਰੀਬ 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ 'ਜਲ ਘਰ' ਦਾ ਉਦਘਾਟਨ ਹਲਕਾ ਵਿਧਾਇਕ ਕੁਲਵੰਤ ਸਿੰਘ ਵੱਲੋਂ ਕਰਕੇ, ਇਸਨੂੰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ ਗਿਆ।




ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਇਹ ਜਲ ਸਪਲਾਈ ਯੋਜਨਾ ਪੰਜਾਬ ਸਰਕਾਰ ਵੱਲੋਂ 'ਜਲ ਜੀਵਨ ਮਿਸ਼ਨ' ਅਤੇ '15ਵੇਂ ਵਿੱਤ ਕਮਿਸ਼ਨ' ਅਧੀਨ ਮੁਕੰਮਲ ਕੀਤੀ ਗਈ ਹੈ। ਯੋਜਨਾ ਤਹਿਤ ਪਿੰਡ ਵਿੱਚ 650 ਫੁੱਟ ਡੂੰਘਾ ਨਵਾਂ ਟਿਊਬਵੈੱਲ ਲਗਾਇਆ ਗਿਆ ਹੈ, ਜਦਕਿ 26.65 ਲੱਖ ਰੁਪਏ ਦੀ ਲਾਗਤ ਨਾਲ 25 ਹਜ਼ਾਰ ਲੀਟਰ ਸਮਰੱਥਾ ਵਾਲੀ ਉੱਚੀ ਪਾਣੀ ਦੀ ਟੈਂਕੀ ਦਾ ਨਿਰਮਾਣ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪਿੰਡ ਦੇ ਹਰ ਹਿੱਸੇ ਤੱਕ ਨਿਰਵਿਘਨ ਪਾਣੀ ਸਪਲਾਈ ਯਕੀਨੀ ਬਣਾਉਣ ਲਈ ਲਗਭਗ 2 ਕਿਲੋਮੀਟਰ ਨਵੀਂ ਪਾਈਪ ਲਾਈਨ ਵੀ ਵਿਛਾਈ ਗਈ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਜਲ ਸਪਲਾਈ ਸਕੀਮ ਦੀ ਸਾਂਭ-ਸੰਭਾਲ ਦੀ ਜ਼ਿੰਮੇਵਾਰੀ ਪਿੰਡ ਦੀ ਗ੍ਰਾਮ ਪੰਚਾਇਤ ਦੀ ਹੋਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਾਣੀ ਦੀ ਨਜਾਇਜ਼ ਵਰਤੋਂ ਤੋਂ ਬਚਿਆ ਜਾਵੇ ਅਤੇ ਜ਼ਰੂਰਤ ਮੁਤਾਬਕ ਹੀ ਪਾਣੀ ਦੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜੇ ਵਰਤੋਂ ਤੋਂ ਬਾਅਦ ਟੂਟੀ ਸਮੇਂ ਸਿਰ ਬੰਦ ਕਰ ਦਿੱਤੀ ਜਾਵੇ ਤਾਂ ਪਾਣੀ ਦੀ ਬਰਬਾਦੀ ਰੋਕੀ ਜਾ ਸਕਦੀ ਹੈ, ਪਰ ਜੇ ਹਜ਼ਾਰਾਂ ਲੋਕ ਟੂਟੀਆਂ ਖੁੱਲੀਆਂ ਛੱਡਣਗੇ ਤਾਂ ਵੱਡੇ ਪੱਧਰ 'ਤੇ ਪਾਣੀ ਦੀ ਵੇਸਟੇਜ ਹੋਵੇਗੀ।

ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਲੋਕਾਂ ਨੂੰ ਸਾਫ਼ ਅਤੇ ਨਿਰਵਿਘਨ ਪਾਣੀ ਮੁਹੱਈਆ ਕਰਵਾਉਣ ਲਈ ਡੂੰਘਾ ਟਿਊਬਵੈੱਲ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਇਹ ਗੱਲ ਘਰ ਕਰ ਚੁੱਕੀ ਹੈ ਕਿ ਸਿਰਫ਼ ਫਿਲਟਰ ਵਾਲਾ ਪਾਣੀ ਹੀ ਸਾਫ਼ ਹੁੰਦਾ ਹੈ, ਜਦਕਿ ਸਰਕਾਰੀ ਪੱਧਰ 'ਤੇ ਦਿੱਤਾ ਜਾਣ ਵਾਲਾ ਪਾਣੀ ਵੀ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਪੀਣਯੋਗ ਹੁੰਦਾ ਹੈ।

ਵਿਧਾਇਕ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਚਿਰਕਾਲੀ ਮੰਗਾਂ ਦਾ ਸਥਾਈ ਹੱਲ ਕਰ ਰਹੀ ਹੈ ਅਤੇ ਨਾਲ ਹੀ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਹਲਕੇ ਦੇ ਪਿੰਡਾਂ ਵਿੱਚ ਟਿਊਬਵੈੱਲ ਅਤੇ ਪਾਣੀ ਦੀ ਟੈਂਕੀ ਸਬੰਧੀ ਮੰਗਾਂ ਲਗਾਤਾਰ ਆ ਰਹੀਆਂ ਸਨ, ਜਿਸ ਲਈ ਪਹਿਲਾਂ ਹੀ ਸਬੰਧਤ ਅਧਿਕਾਰੀਆਂ ਨਾਲ ਮਿਲ ਕੇ ਪੂਰਾ ਖਾਕਾ ਤਿਆਰ ਕਰਵਾ ਲਿਆ ਗਿਆ ਸੀ ਅਤੇ ਅੱਜ ਇਸਦਾ ਨਤੀਜਾ ਲੋਕਾਂ ਸਾਹਮਣੇ ਹੈ। ਉਨ੍ਹਾਂ ਪੰਚਾਇਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਇਸ ਜਲ ਸਪਲਾਈ ਪ੍ਰੋਜੈਕਟ ਦੀ ਸਾਂਭ-ਸੰਭਾਲ ਪੂਰੀ ਜ਼ਿੰਮੇਵਾਰੀ ਨਾਲ ਕੀਤੀ ਜਾਵੇ ਅਤੇ ਲੋਕਾਂ ਨੂੰ ਪਾਣੀ ਦੇ ਸਹੀ ਇਸਤੇਮਾਲ ਬਾਰੇ ਲਗਾਤਾਰ ਜਾਗਰੂਕ ਕੀਤਾ ਜਾਵੇ।

ਇਸ ਮੌਕੇ ਇੰਜੀਨੀਅਰ ਅਨਿਲ ਕੁਮਾਰ (ਐੱਸ.ਈ.), ਇੰਜੀਨੀਅਰ ਰਮਨਪ੍ਰੀਤ ਸਿੰਘ (ਐਕਸੀਅਨ), ਇੰਜੀਨੀਅਰ ਪਰਮਵੀਰ ਸਿੰਘ (ਐੱਸ.ਡੀ.ਈ.), ਪਰਥ ਸਾਰਥੀ (ਕੰਸਲਟੈਂਟ, ਜੀ.ਓ.ਆਈ.), ਚੰਚਲ ਕੁਮਾਰ (ਟੀਮ ਲੀਡਰ), ਕੌਂਸਲਰ ਗੁਰਮੀਤ ਕੌਰ, ਬਲਾਕ ਪ੍ਰਧਾਨ ਸਰਬਜੀਤ ਸਿੰਘ, ਸਰਪੰਚ ਹਰਪਾਲ ਸਿੰਘ (ਤੜੌਲੀ), ਮਲਕੀਤ ਸਿੰਘ, ਸਰਪੰਚ ਰਾਜਿੰਦਰ ਰਾਜੂ (ਬੜਮਾਜਰਾ), ਮਨਪ੍ਰੀਤ ਸਿੰਘ, ਕੁਲਦੀਪ ਸਿੰਘ ਸਮਾਣਾ, ਅਕਵਿੰਦਰ ਸਿੰਘ ਗੋਸਲ, ਨੇਹਾ ਬਜਾਜ (ਬਲਾਕ ਕੋਆਰਡੀਨੇਟਰ, ਮਹਿਲਾ ਵਿੰਗ), ਹਰਮੇਸ਼ ਸਿੰਘ, ਸੁਖਚੈਨ ਸਿੰਘ, ਜਸਪਾਲ ਸਿੰਘ, ਇਕਬਾਲ ਸਿੰਘ (ਸਰਪੰਚ ਜੁਝਾਰ ਨਗਰ), ਹਰਮੇਸ਼ ਸਿੰਘ ਕੁੰਭੜਾ, ਡਾ. ਕੁਲਦੀਪ ਸਿੰਘ, ਜਸਪਾਲ ਸਿੰਘ ਮਟੌਰ, ਗੁਰਵਿੰਦਰ ਸਿੰਘ ਪਿੰਕੀ, ਸੁਖਵਿੰਦਰ ਸਿੰਘ ਅਤੇ ਗੁਰਮੀਤ ਸਿੰਘ ਵੀ ਹਾਜ਼ਰ ਸਨ।

## ਫੋਨ ਟੈਪਿੰਗ ਮਾਮਲਾ: ਤੇਲੰਗਾਨਾ ਦੇ ਸਾਬਕਾ CM ਕੋਲੋਂ ਐੱਸ.ਆਈ.ਟੀ. ਵੱਲੋਂ ਪੁੱਛਗਿੱਛ

ਹੈਦਰਾਬਾਦ, 1 ਫਰਵਰੀ : ਤੇਲੰਗਾਨਾ ਦੇ ਸਾਬਕਾ ਮੁੱਖ ਮੰਤਰੀ ਕੇ. ਚੰਦਰਸ਼ੇਖਰ ਰਾਓ (ਕੇਸੀਆਰ) ਐਤਵਾਰ ਨੂੰ ਆਪਣੀ ਪਿਛਲੀ ਬੀ. ਆਰ. ਐੱਸ. ਸਰਕਾਰ ਦੌਰਾਨ ਹੋਈ ਕਥਿਤ 'ਫੋਨ ਟੈਪਿੰਗ' ਦੇ ਮਾਮਲੇ ਵਿੱਚ ਪੁੱਛਗਿੱਛ ਲਈ ਵਿਸ਼ੇਸ਼ ਜਾਂਚ ਟੀਮ (SIT) ਦੇ ਸਾਹਮਣੇ ਪੇਸ਼ ਹੋਏ। ਜਾਂਚ ਤੋਂ ਕੁਝ ਘੰਟੇ ਪਹਿਲਾਂ, ਕੇਸੀਆਰ ਹੈਦਰਾਬਾਦ ਤੋਂ ਲਗਭਗ 70 ਕਿਲੋਮੀਟਰ ਦੂਰ ਸਥਿਤ ਆਪਣੇ ਫਾਰਮਹਾਊਸ ਤੋਂ ਰਵਾਨਾ ਹੋ ਕੇ ਨੰਦੀ ਨਗਰ ਸਥਿਤ ਆਪਣੀ ਰਿਹਾਇਸ਼ 'ਤੇ ਪਹੁੰਚੇ, ਜਿੱਥੇ ਐੱਸ. ਆਈ. ਟੀ. ਦੇ ਅਧਿਕਾਰੀਆਂ ਨੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ।



ਇਸ ਦੌਰਾਨ ਕੇਸੀਆਰ ਦੀ ਰਿਹਾਇਸ਼ ਦੇ ਬਾਹਰ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ, ਭਾਰੀ ਪੁਲਸ ਬਲ ਤਾਇਨਾਤ ਕੀਤਾ ਗਿਆ ਸੀ ਅਤੇ ਪੂਰੀ ਗਲੀ ਨੂੰ ਬੈਰੀਕੇਡ ਲਗਾ ਕੇ ਬੰਦ ਕਰ ਦਿੱਤਾ ਗਿਆ ਸੀ। ਕੇਸੀਆਰ ਨੇ ਜਾਂਚ ਅਧਿਕਾਰੀ 'ਤੇ ਨੋਟਿਸ ਜਾਰੀ ਕਰਨ ਵੇਲੇ "ਕਾਨੂੰਨੀ ਪ੍ਰਕਿਰਿਆਵਾਂ ਦੀ ਉਲੰਘਣਾ" ਕਰਨ ਦੇ ਦੋਸ਼ ਵੀ ਲਗਾਏ ਹਨ। ਦੂਜੇ ਪਾਸੇ, ਬੀ. ਆਰ. ਐੱਸ. ਵਰਕਰਾਂ ਨੇ ਕਾਂਗਰਸ ਸਰਕਾਰ ਵੱਲੋਂ ਆਪਣੇ ਆਗੂ ਦੇ ਕੀਤੇ ਜਾ ਰਹੇ ਕਥਿਤ ÷ਸਿਆਸੀ ਸ਼ੋਸ਼ਣ" ਵਿਰੁੱਧ ਪੂਰੇ ਤੇਲੰਗਾਨਾ ਵਿੱਚ ਰੋਸ ਪ੍ਰਦਰਸ਼ਨ ਕੀਤੇ। ਦੱਸਣਯੋਗ ਹੈ ਕਿ ਇਹ ਪੂਰਾ ਮਾਮਲਾ ਬੀ. ਆਰ. ਐੱਸ. ਦੇ ਸ਼ਾਸਨ ਦੌਰਾਨ ਸਿਆਸਤਦਾਨਾਂ, ਕਾਰੋਬਾਰੀਆਂ, ਪੱਤਰਕਾਰਾਂ ਅਤੇ ਨਿਆਂਪਾਲਿਕਾ ਦੇ ਮੈਂਬਰਾਂ ਸਮੇਤ ਕਈ ਅਹਿਮ ਸ਼ਖ਼ਸੀਅਤਾਂ ਦੇ ਫੋਨ ਗੈਰ-ਕਾਨੂੰਨੀ ਅਤੇ ਅਣਅਧਿਕਾਰਤ ਤਰੀਕੇ ਨਾਲ ਟੈਪ ਕਰਨ ਦੇ ਗੰਭੀਰ ਦੋਸ਼ਾਂ ਨਾਲ ਜੁੜਿਆ ਹੋਇਆ ਹੈ।

## ਦਿੱਲੀ ਦੀ CM ਰੇਖਾ ਗੁਪਤਾ ਵੱਲੋਂ ਬਜਟ ਦੀ ਸ਼ਲਾਘਾ

ਨਵੀਂ ਦਿੱਲੀ, 1 ਫਰਵਰੀ ; ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਐਤਵਾਰ ਨੂੰ ਸੰਸਦ 'ਚ ਪੇਸ਼ ਕੀਤੇ ਗਏ ਬਜਟ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਵਿਕਸਿਤ ਭਾਰਤ' ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇਕ ਮਹੱਤਵਪੂਰਨ ਕਦਮ ਦੱਸਿਆ ਹੈ। ਉੱਤਰ-ਪੱਛਮੀ ਦਿੱਲੀ ਦੇ ਤ੍ਰਿਨਗਰ ਇਲਾਕੇ 'ਚ ਸਥਾਨਕ ਨਿਵਾਸੀਆਂ ਨਾਲ ਬਜਟ ਦੇਖਣ ਤੋਂ ਬਾਅਦ ਉਨ੍ਹਾਂ ਕਿਹਾ ਕਿ ਇਹ ਬਜਟ ਹਰ ਵਰਗ ਦੇ ਹਿੱਤਾਂ ਨੂੰ ਧਿਆਨ 'ਚ ਰੱਖਦਾ ਹੈ ਅਤੇ ਵਪਾਰ ਦੇ ਵੱਖ-ਵੱਖ ਪਹਿਲੂਆਂ ਨੂੰ ਉਤਸ਼ਾਹਿਤ ਕਰਦਾ ਹੈ। ਮੁੱਖ ਮੰਤਰੀ ਨੇ ਬਜਟ ਦੀਆਂ ਵਿਸ਼ੇਸ਼ਤਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ 'ਚ ਨੌਜਵਾਨਾਂ ਲਈ ਰੁਜ਼ਗਾਰ ਸਿਰਜਣ, ਸੱਭਿਆਚਾਰਕ ਵਿਰਾਸਤ ਦੀ ਸੰਭਾਲ, ਖੇਡਾਂ, ਵਿਦੇਸ਼ਾਂ 'ਚ ਸਿੱਖਿਆ ਅਤੇ ਸਿਹਤ ਸੇਵਾਵਾਂ 'ਚ ਛੋਟ ਵਰਗੇ ਅਹਿਮ



ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦਿੱਲੀ ਲਈ ਆਫ਼ਤ ਪ੍ਰਬੰਧਨ (Disaster Management) ਵਾਸਤੇ ਸ਼ਹਿਰਾਂ ਨੂੰ ਦਿੱਤੀਆਂ ਜਾਣ ਵਾਲੀਆਂ ਗ੍ਰਾਂਟਾਂ 'ਤੇ ਵੱਡੀ ਉਮੀਦ ਜਤਾਈ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸਾਲ 2026-27 ਦਾ ਬਜਟ ਪੇਸ਼ ਕਰਦਿਆਂ ਇਤਿਹਾਸ ਰਚ ਦਿੱਤਾ ਹੈ, ਕਿਉਂਕਿ ਉਹ ਲਗਾਤਾਰ 9ਵੀਂ ਵਾਰ ਬਜਟ ਪੇਸ਼ ਕਰਨ ਵਾਲੀ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਨਿਭਾਉਣ ਵਾਲੀ ਕੇਂਦਰੀ ਵਿੱਤ ਮੰਤਰੀ ਬਣ ਗਈ ਹੈ। ਬਜਟ ਦੌਰਾਨ ਉਨ੍ਹਾਂ ਨੇ ਸੂਬਿਆਂ ਲਈ 1.4 ਲੱਖ ਕਰੋੜ ਰੁਪਏ ਦੀ ਅਲਾਟਮੈਂਟ ਦਾ ਐਲਾਨ ਕੀਤਾ, ਜੋ ਕਿ ਐਮਰਜੈਂਸੀ ਰਿਸਪਾਂਸ ਇਨਫਰਾਸਟਰੱਕਚਰ (ਬੁਨਿਆਦੀ ਢਾਂਚੇ) ਨੂੰ ਮਜ਼ਬੂਤ ਕਰਨ 'ਚ ਮਦਦਗਾਰ ਸਾਬਤ ਹੋਵੇਗਾ। ਇਸ ਦੇ ਨਾਲ ਹੀ ਉਨ੍ਹਾਂ ਨੇ 2026-2031 ਲਈ ਕੇਂਦਰ ਅਤੇ ਸੂਬਿਆਂ ਵਿਚਕਾਰ ਟੈਕਸ ਮਾਲੀਏ ਦੀ ਵੰਡ ਬਾਰੇ 16ਵੇਂ ਵਿੱਤ ਆਯੋਗ ਦੀ ਰਿਪੋਰਟ ਵੀ ਪੇਸ਼ ਕੀਤੀ।

ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਸ਼ਨੀਵਾਰ ਨੂੰ ਭਰੋਸਾ ਪ੍ਰਗਟਾਇਆ ਕਿ ਆਗਾਮੀ ਕੇਂਦਰੀ ਬਜਟ ਰਾਸ਼ਟਰੀ ਰਾਜਧਾਨੀ ਦੀਆਂ ਵਿਕਾਸ ਯੋਜਨਾਵਾਂ 'ਤੇ ਸਕਾਰਾਤਮਕ ਪ੍ਰਭਾਵ ਪਾਵੇਗਾ ਅਤੇ ਸ਼ਹਿਰ ਦੇ ਵਿਕਾਸ ਨੂੰ ਨਵਾਂ ਹੁਲਾਰਾ ਦੇਵੇਗਾ। ਕੇਂਦਰੀ ਬਜਟ 2026-27 ਐਤਵਾਰ ਨੂੰ ਸੰਸਦ ਵਿਚ ਪੇਸ਼ ਕੀਤਾ ਜਾਣਾ ਹੈ। ਇਕ ਬਿਆਨ ਵਿਚ ਮੁੱਖ ਮੰਤਰੀ ਨੇ ਭਰੋਸਾ ਪ੍ਰਗਟਾਇਆ ਕਿ ਕੇਂਦਰੀ ਬਜਟ 'ਵਿਕਸਿਤ ਦਿੱਲੀ' ਦੇ ਟੀਚੇ ਨੂੰ ਸਾਕਾਰ ਕਰਨ ਵਿਚ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਸ਼ਹਿਰ ਵਿਚ ਕਈ ਅਹਿਮ ਪ੍ਰਾਜੈਕਟਾਂ ਵਿਚ ਸਰਗਰਮ ਹੈ। ਹਾਲਾਂਕਿ ਗੁਪਤਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਯਮੁਨਾ ਨਦੀ ਦੀ ਸਫ਼ਾਈ ਅਤੇ ਸੀਵਰੇਜ ਟ?ਰੀਟਮੈਂਟ ਪਲਾਂਟ ਦੇ ਨਿਰਮਾਣ ਨਾਲ ਸਬੰਧਤ ਪ੍ਰਾਜੈਕਟਾਂ ਲਈ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਦਿੱਲੀ ਮੈਟਰੋ ਦੇ ਆਉਣ ਵਾਲੇ ਪੜਾਵਾਂ ਦੇ ਵਿਸਥਾਰ ਵਿਚ ਕੇਂਦਰ ਸਰਕਾਰ ਦੀ ਵਿੱਤੀ ਹਿੱਸੇਦਾਰੀ ਵੀ ਜਾਰੀ ਹੈ। ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਦਿੱਲੀ ਮੈਟਰੋ ਪ੍ਰੋਜੈਕਟਾਂ ਵਿਚ ਕੇਂਦਰ ਅਤੇ ਦਿੱਲੀ ਸਰਕਾਰ ਦੀ ਸਾਂਝੇਦਾਰੀ ਰਾਸ਼ਟਰੀ ਰਾਜਧਾਨੀ ਦੇ ਆਧੁਨਿਕ ਟ?ਰਾਂਸਪੋਰਟ ਢਾਂਚੇ ਨੂੰ ਮਜ਼ਬੂਤ ??ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਿਚ ਵਿਕਾਸ ਕਾਰਜਾਂ ਲਈ ਕੇਂਦਰ ਸਰਕਾਰ ਤੋਂ ਲਗਾਤਾਰ ਮਦਦ ਮਿਲ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਹਾਲਾਤ ਵਿਚ ਇਹ ਸੁਭਾਵਿਕ ਹੈ ਕਿ ਆਗਾਮੀ ਕੇਂਦਰੀ ਬਜਟ ਦਿੱਲੀ ਦੇ ਸਮੁੱਚੇ ਵਿਕਾਸ ਨੂੰ ਨਵਾਂ ਹੁਲਾਰਾ ਪ੍ਰਦਾਨ ਕਰੇਗਾ ਅਤੇ 'ਵਿਕਸਤ ਭਾਰਤ' ਦੇ ਨਾਲ-ਨਾਲ 'ਵਿਕਸਿਤ ਦਿੱਲੀ' ਦੇ ਵਿਜ਼ਨ ਨੂੰ ਹੋਰ ਮਜ਼ਬੂਤ ਕਰੇਗਾ।

## ਵਿਦੇਸ਼ 'ਚ ਪੜ੍ਹਾਈ, ਇਲਾਜ ਤੇ ਘੁੰਮਣਾ ਸਸਤਾ; TCS ਦਰ ਘਟਾ ਕੇ 2% ਕਰਨ ਦਾ ਰੱਖਿਆ ਪ੍ਰਸਤਾਵ

ਨਵੀਂ ਦਿੱਲੀ, 1 ਫਰਵਰੀ : ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਵਿੱਤੀ ਸਾਲ 2026-27 ਦਾ ਬਜਟ ਪੇਸ਼ ਕਰਦੇ ਹੋਏ ਵਿਦੇਸ਼ ਜਾਣ ਵਾਲਿਆਂ ਤੇ ਉੱਥੇ ਪੜ੍ਹਾਈ ਜਾਂ ਇਲਾਜ ਕਰਵਾਉਣ ਵਾਲਿਆਂ ਨੂੰ ਵੱਡੀ ਰਾਹਤ ਦਿੱਤੀ ਹੈ। ਸਰਕਾਰ ਨੇ ਉਦਾਰੀਕ੍ਰਿਤ ਰੈਮੀਟੈਂਸ ਸਕੀਮ (LRS) ਦੇ ਤਹਿਤ ਸਿੱਖਿਆ ਅਤੇ ਡਾਕਟਰੀ ਉਦੇਸ਼ਾਂ ਲਈ ਵਿਦੇਸ਼ ਭੇਜੇ ਜਾਣ ਵਾਲੇ ਪੈਸੇ ਤੇ 'ਸਰੋਤ 'ਤੇ ਟੈਕਸ ਇਕੱਠਾ ਕਰਨ' (TCS) ਦੀ ਦਰ ਨੂੰ 5 ਫੀਸਦੀ ਤੋਂ ਘਟਾ ਕੇ 2 ਫੀਸਦੀ ਕਰਨ ਦਾ ਪ੍ਰਸਤਾਵ ਦਿੱਤਾ ਹੈ। ਕੇਂਦਰੀ ਬਜਟ 2026 ਵਿੱਚ ਵਿਦੇਸ਼ ਯਾਤਰਾ ਅਤੇ ਵਿਦੇਸ਼ ਪੈਸੇ ਭੇਜਣ ਦੇ ਨਿਯਮਾਂ ਵਿੱਚ ਅਹਿਮ ਬਦਲਾਅ ਕੀਤੇ ਗਏ ਹਨ, ਜੋ ਖਾਸ ਕਰਕੇ ਪੰਜਾਬੀਆਂ ਲਈ ਬਹੁਤ ਮਹੱਤਵਪੂਰਨ ਹਨ ਕਿਉਂਕਿ ਇੱਥੋਂ ਵੱਡੀ ਗਿਣਤੀ ਵਿੱਚ ਲੋਕ ਸੈਰ-ਸਪਾਟੇ, ਪੜ੍ਹਾਈ ਜਾਂ ਕੰਮ ਲਈ ਵਿਦੇਸ਼ ਜਾਂਦੇ ਹਨ। ਬਜਟ ਪ੍ਰਸਤਾਵਾਂ ਅਨੁਸਾਰ ਹੁਣ ਵਿਦੇਸ਼ੀ ਯਾਤਰਾ ਪੈਕੇਜਾਂ ਦੀ ਖਰੀਦ 'ਤੇ ਵੀ ਟੀਸੀਐਸ (TCS) ਦੀ ਦਰ ਨੂੰ ਘਟਾ ਦਿੱਤਾ ਗਿਆ ਹੈ। ਪਹਿਲਾਂ 10 ਲੱਖ ਰੁਪਏ ਤੱਕ ਦੇ ਪੈਕੇਜ 'ਤੇ 5 ਫੀਸਦੀ ਅਤੇ ਉਸ ਤੋਂ ਵੱਧ 'ਤੇ 20 ਫੀਸਦੀ ਟੈਕਸ ਲੱਗਦਾ ਸੀ, ਪਰ ਹੁਣ ਇਸ ਨੂੰ ਬਿਨਾਂ ਕਿਸੇ ਸੀਮਾ ਦੇ ਸਿੱਧਾ 2 ਫੀਸਦੀ ਕਰਨ ਦਾ ਪ੍ਰਸਤਾਵ ਹੈ। ਇਸ ਨਾਲ ਉਨ੍ਹਾਂ ਲੋਕਾਂ ਨੂੰ ਵੱਡੀ ਬਚਤ ਹੋਵੇਗੀ ਜੋ ਵਿਦੇਸ਼ ਘੁੰਮਣ ਦੀ ਯੋਜਨਾ ਬਣਾ ਰਹੇ ਹਨ। ਜੇਕਰ ਕੋਈ ਵਿਅਕਤੀ ਵਿਦੇਸ਼ ਵਿੱਚ ਪੜ੍ਹਾਈ ਜਾਂ ਇਲਾਜ ਲਈ 10 ਲੱਖ ਰੁਪਏ ਤੋਂ ਵੱਧ ਦੀ ਰਾਸ਼ੀ ਭੇਜਦਾ ਹੈ, ਤਾਂ ਹੁਣ ਉਸ ਨੂੰ 5 ਫੀਸਦੀ ਦੀ ਬਜਾਏ ਸਿਰਫ 2 ਫੀਸਦੀ ਟੀਸੀਐਸ ਦੇਣਾ ਪਵੇਗਾ। ਹਾਲਾਂਕਿ, ਸਿੱਖਿਆ ਅਤੇ ਡਾਕਟਰੀ ਇਲਾਜ ਤੋਂ ਇਲਾਵਾ ਹੋਰ ਉਦੇਸ਼ਾਂ ਲਈ ਟੀਸੀਐਸ ਦੀ ਦਰ 20 ਫੀਸਦੀ 'ਤੇ ਬਰਕਰਾਰ ਰਹੇਗੀ। ਜ਼ਿਕਰਯੋਗ ਹੈ ਕਿ LRS ਦੇ ਤਹਿਤ, ਕੋਈ ਵੀ ਭਾਰਤੀ ਨਿਵਾਸੀ ਇੱਕ ਵਿੱਤੀ ਸਾਲ ਵਿੱਚ 2,50,000 ਅਮਰੀਕੀ ਡਾਲਰ ਤੱਕ ਵਿਦੇਸ਼ ਭੇਜ ਸਕਦਾ ਹੈ। ਵਿੱਤ ਮੰਤਰੀ ਨੇ ਹੋਰ ਖਾਸ ਵਸਤੂਆਂ ਜਿਵੇਂ ਕਿ ਸ਼ਰਾਬ, ਕਬਾੜ (ਸਕਰੈਪ) ਅਤੇ ਖਣਿਜਾਂ (ਕੋਲਾ, ਲਿਗਨਾਈਟ ਜਾਂ ਲੋਹਾ) 'ਤੇ ਵੀ ਟੈਕਸ ਦਰਾਂ ਨੂੰ ਤਰਕਸੰਗਤ ਬਣਾਉਂਦੇ ਹੋਏ 2 ਫੀਸਦੀ ਕਰਨ ਦਾ ਪ੍ਰਸਤਾਵ ਦਿੱਤਾ ਹੈ। ਇਸ ਤੋਂ ਇਲਾਵਾ, ਤੇਂਦੂ ਪੱਤਿਆਂ 'ਤੇ ਲੱਗਣ ਵਾਲੇ 5 ਫੀਸਦੀ ਟੀਸੀਐਸ ਨੂੰ ਵੀ ਘਟਾ ਕੇ 2 ਫੀਸਦੀ ਕਰ ਦਿੱਤਾ ਗਿਆ ਹੈ।ਵਿਦੇਸ਼ੀ ਜਾਇਦਾਦ ਜਾਂ ਵਿਦੇਸ਼ੀ ਕਮਾਈ ਵਾਲੇ ਲੋਕਾਂ ਲਈ ਟੈਕਸ ਭਰਨਾ ਗੁੰਝਲਦਾਰ ਸੀ। ਹੁਣ ਸਰਕਾਰ ਨੇ ਸਾਰੇ ਟੈਕਸਦਾਤਾਵਾਂ ਲਈ ਇੱਕ ਸਿੰਗਲ ITR ਫਾਰਮ ਲਿਆਉਣ ਦਾ ਐਲਾਨ ਕੀਤਾ ਹੈ, ਜਿਸ ਨਾਲ ਵਿਦੇਸ਼ੀ ਲੈਣ-ਦੇਣ ਦੀ ਜਾਣਕਾਰੀ ਦੇਣਾ ਸੌਖਾ ਹੋ ਜਾਵੇਗਾ। ਸਰਕਾਰ ਨੇ 'ਡਿਜੀਟਲ ਇੰਡੀਆ' ਦੇ ਵਿਸਥਾਰ ਤਹਿਤ ਹੋਰ ਦੇਸ਼ਾਂ ਨਾਲ ਸਮਝੌਤੇ ਕੀਤੇ ਹਨ। ਹੁਣ ਵਿਦੇਸ਼ ਯਾਤਰਾ ਦੌਰਾਨ ਤੁਹਾਨੂੰ ਜ਼ਿਆਦਾ ਕਰੰਸੀ ਐਕਸਚੇਂਜ ਕਰਵਾਉਣ ਦੀ ਲੋੜ ਨਹੀਂ ਪਵੇਗੀ, ਕਿਉਂਕਿ UPI ਹੁਣ ਹੋਰ ਵੀ ਕਈ ਯੂਰਪੀ ਅਤੇ ਏਸ਼ੀਆਈ ਦੇਸ਼ਾਂ ਵਿੱਚ ਸਿੱਧਾ ਕੰਮ ਕਰੇਗਾ।

## ਪਾਕਿ ਨੇ ਰਿਹਾਅ ਕੀਤੇ 7 ਭਾਰਤੀ !

ਨੈਸ਼ਨਲ ਡੈਸਕ, 1 ਫਰਵਰੀ : ਪਾਕਿਸਤਾਨ ਨੇ ਸ਼ਨੀਵਾਰ ਨੂੰ 7 ਭਾਰਤੀ ਨਾਗਰਿਕਾਂ ਨੂੰ ਰਿਹਾਅ ਕਰ ਦਿੱਤਾ ਹੈ, ਜੋ 2023 ਦੇ ਹੜ੍ਹਾਂ ਦੌਰਾਨ ਸਰਹੱਦ ਪਾਰ ਪਹੁੰਚ ਗਏ ਸਨ। ਪਾਕਿਸਤਾਨੀ ਰੇਂਜਰਾਂ ਨੇ ਇਨ੍ਹਾਂ ਨਾਗਰਿਕਾਂ ਨੂੰ ਅੰਮ੍ਰਿਤਸਰ ਦੀ ਅਟਾਰੀ ਚੈੱਕ ਪੋਸਟ ਵਿਖੇ ਬਾਰਡਰ ਸੁਰੱਖਿਆ ਫੋਰਸ (BSF) ਦੇ ਹਵਾਲੇ ਕੀਤਾ। ਇਹ ਨਾਗਰਿਕ 2023 ਵਿੱਚ ਪੰਜਾਬ ਵਿੱਚ ਆਏ ਭਾਰੀ ਹੜ੍ਹਾਂ ਦੌਰਾਨ ਆਪਣੇ ਪਸ਼ੂਆਂ ਅਤੇ ਖੇਤੀਬਾੜੀ ਦੇ ਸਾਮਾਨ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਸਨ, ਕਿ ਪਾਣੀ ਦੇ ਤੇਜ਼ ਵਹਾਅ ਕਾਰਨ ਸਰਹੱਦ ਪਾਰ ਪਾਕਿਸਤਾਨੀ ਖੇਤਰ ਵਿੱਚ ਚਲੇ ਗਏ ਸਨ। ਇਨ੍ਹਾਂ 7 ਵਿਅਕਤੀਆਂ ਵਿੱਚੋਂ 4 ਫਿਰੋਜ਼ਪੁਰ ਜ਼ਿਲ੍ਹੇ ਦੇ ਹਨ, ਜਦਕਿ ਇਕ ਜਲੰਧਰ, ਇਕ ਲੁਧਿਆਣਾ ਅਤੇ ਇਕ ਉੱਤਰ ਪ੍ਰਦੇਸ਼ ਦਾ ਰਹਿਣ ਵਾਲਾ ਹੈ। ਵਾਪਸ ਪਰਤੇ ਨਾਗਰਿਕਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਕਰੀਬ ਢਾਈ ਸਾਲ ਤੱਕ ਪਾਕਿਸਤਾਨੀ ਜੇਲ੍ਹਾਂ ਵਿੱਚ ਰਹਿਣਾ ਪਿਆ।

## PM ਮੋਦੀ ਦਾ ਨਾਂ ! ਵਿਦੇਸ਼ ਮੰਤਰਾਲੇ ਨੇ ਦੱਸਿਆ ਮਾਮਲੇ ਦਾ ਸੱਚ

ਨੈਸ਼ਨਲ ਡੈਸਕ, 1 ਫਰਵਰੀ : ਵਿਦੇਸ਼ ਮੰਤਰਾਲਾ ਨੇ ਸ਼ਨੀਵਾਰ ਨੂੰ ਉਨ੍ਹਾਂ ਮੀਡੀਆ ਰਿਪੋਰਟਾਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ, ਜਿਨ੍ਹਾਂ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਜ਼ਰਾਈਲ ਯਾਤਰਾ ਨੂੰ ਵਿਵਾਦਤ 'ਐਪਸਟੀਨ ਫਾਈਲਜ਼' ਨਾਲ ਜੋੜਨ ਦੀ ਕੋਸ਼ਿਸ਼ ਕੀਤੀ ਗਈ ਸੀ। ਮੰਤਰਾਲਾ ਨੇ ਇਕ ਸਖ਼ਤ ਬਿਆਨ ਜਾਰੀ ਕਰਦਿਆਂ ਕਿਹਾ ਕਿ ਇਕ ਵਾਇਰਲ ਈ-ਮੇਲ ਵਿਚ ਕੀਤੇ ਗਏ ਦਾਅਵੇ ਮਹਿਜ਼ ਇਕ ਦੋਸ਼ੀ ਅਪਰਾਧੀ ਦੀਆਂ 'ਘਟੀਆ ਤੇ ਬੇਬੁਨਿਆਦ ਕਲਪਨਾਵਾਂ' ਹਨ। ਮੰਤਰਾਲਾ ਨੇ ਸਪੱਸ਼ਟ ਕਰ ਦਿੱਤਾ ਕਿ ਜੁਲਾਈ 2017 ਵਿਚ ਪੀ. ਐੱਮ. ਮੋਦੀ ਦੀ ਅਧਿਕਾਰਤ ਇਜ਼ਰਾਈਲ ਯਾਤਰਾ ਤੋਂ ਇਲਾਵਾ ਇਨ੍ਹਾਂ ਰਿਪੋਰਟਾਂ ਵਿਚ ਕੋਈ ਵੀ ਸੱਚਾਈ ਨਹੀਂ। ਜ਼ਿਕਰਯੋਗ ਹੈ ਕਿ ਕਾਂਗਰਸੀ ਨੇਤਾ ਪਵਨ ਖੇੜਾ ਨੇ ਇਸ ਮੁੱਦੇ ਨੂੰ ਲੈ ਕੇ ਸਰਕਾਰ ਤੋਂ ਸਵਾਲ ਪੁੱਛੇ ਸਨ, ਜਿਸ ਤੋਂ ਬਾਅਦ ਇਹ ਤਿੱਖੀ ਪ੍ਰਤੀਕਿਰਿਆ ਆਈ ਹੈ।

ਮੰਤਰਾਲਾ ਨੇ ਕਿਹਾ ਕਿ ਜੁਲਾਈ 2017 ਵਿਚ ਪ੍ਰਧਾਨ ਮੰਤਰੀ ਦੀ ਅਧਿਕਾਰਤ ਇਜ਼ਰਾਈਲ ਯਾਤਰਾ ਦੇ ਤੱਥ ਤੋਂ ਇਲਾਵਾ ਉਸ ਈ-ਮੇਲ ਵਿਚ ਕੀਤੇ ਗਏ ਬਾਕੀ ਸਾਰੇ ਸੰਕੇਤ ਸਿਰਫ ਇਕ ਦੋਸ਼ੀ ਅਪਰਾਧੀ ਦੀਆਂ ਘਟੀਆ ਤੇ ਬੇਬੁਨਿਆਦ ਕਲਪਨਾਵਾਂ ਹਨ। ਸਰਕਾਰ ਨੇ ਸਖ਼ਤ ਸ਼ਬਦਾਂ ਵਿਚ ਕਿਹਾ ਕਿ ਇਨ੍ਹਾਂ ਗੱਲਾਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਨੂੰ ਨਫ਼ਰਤ ਦੇ ਯੋਗ ਸਮਝਿਆ ਜਾਣਾ ਚਾਹੀਦਾ ਹੈ। ਜਿਨਸੀ ਅਪਰਾਧ ਦੇ ਮਾਮਲਿਆਂ 'ਚ ਦੋਸ਼ੀ ਠਹਿਰਾਏ ਜਾ ਚੁੱਕੇ ਅਤੇ 2019 'ਚ ਜੇਲ੍ਹ 'ਚ ਮ੍ਰਿਤਕ ਮਿਲੇ ਐਪਸਟੀਨ ਨਾਲ ਜੁੜੇ ਇਹ ਉਹ ਦਸਤਾਵੇਜ਼ ਹਨ, ਜੋ ਐੱਫਬੀਆਈ (ਫੈਡਰਲ ਜਾਂਚ ਬਿਊਰੋ) ਅਤੇ ਅਮਰੀਕੀ ਨਿਆਂ ਵਿਭਾਗ ਕੋਲ ਐਪਸਟੀਨ ਦੀ ਜਾਂਚ ਦੌਰਾਨ ਇਕੱਠੇ ਹੋਏ ਸਨ। 2008 'ਚ ਫਲੋਰੀਡਾ 'ਚ ਨਾਬਾਲਗ ਨਾਲ ਜਿਨਸੀ ਸ਼ੋਸ਼ਣ ਦੇ ਮਾਮਲੇ 'ਚ ਐਪਸਟੀਨ ਨੂੰ ਸਜ਼ਾ ਹੋਈ ਸੀ। 2019 'ਚ ਉਸ 'ਤੇ ਨਾਬਾਲਗ ਕੁੜੀਆਂ ਦੀ ਤਸਕਰੀ ਦਾ ਦੋਸ਼ ਲੱਗਾ ਪਰ ਟ?ਰਾਇਲ ਤੋਂ ਪਹਿਲਾਂ ਹੀ ਉਸ ਦੀ ਮੌਤ ਹੋ ਗਈ। ਇਨ੍ਹਾਂ ਜਾਂਚਾਂ ਦੌਰਾਨ 300 ਜੀਬੀ ਤੋਂ ਵੱਧ ਡਾਟਾ, ਇੰਟਰਵਿਊ ਟਰਾਂਸਕ੍ਰਿਪਟ, ਫੋਟੋਆਂ, ਵੀਡੀਓ ਅਤੇ ਡਿਜੀਟਲ ਸਬੂਤ ਜਮ?ਹਾਂ ਕੀਤੇ ਗਏ। ਕਾਨੂੰਨ ਦੇ ਅਧੀਨ ਪੀੜਤਾਂ ਦੀ ਪਛਾਣ ਉਜਾਗਰ ਕਰਨ ਵਾਲੀ ਸਮੱਗਰੀ ਜਨਤਕ ਨਹੀਂ ਕੀਤੀ ਜਾ ਸਕਦੀ।

## ਹਰਦੋਈ 'ਚ ਪੁਲਸ ਮੁਕਾਬਲੇ 'ਚ ਜ਼ਖਮੀ ਪਸ਼ੂ ਤਸਕਰ ਸਮੇਤ ਤਿੰਨ ਗ੍ਰਿ.ਫਤਾਰ

ਨੈਸ਼ਨਲ ਡੈਸਕ, 1 ਫਰਵਰੀ : ਉੱਤਰ ਪ੍ਰਦੇਸ਼ ਦੇ ਹਰਦੋਈ ਜ਼ਿਲ੍ਹੇ ਦੇ ਸਵੈਜਪੁਰ ਖੇਤਰ ਵਿੱਚ ਇੱਕ ਹਥਿਆਰਬੰਦ ਮੁਕਾਬਲੇ ਤੋਂ ਬਾਅਦ ਪੁਲਸ ਨੇ ਤਿੰਨ ਬਦਨਾਮ ਅਪਰਾਧੀਆਂ ਨੂੰ ਗ੍ਰਿ.ਫਤਾਰ ਕੀਤਾ ਹੈ।

ਮੁਕਾਬਲੇ ਵਿੱਚ ਜ਼ਖਮੀ ਹੋਏ ਅਪਰਾਧੀਆਂ ਵਿੱਚੋਂ ਇੱਕ ਨੂੰ ਜ਼ਿਲ੍ਹਾ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਪੁਲਸ ਅਨੁਸਾਰ ਸਵੈਜਪੁਰ ਥਾਣਾ ਖੇਤਰ ਦੇ ਪਿੰਡ ਪਾਲੀਆਪੁਰ ਦੇ ਰਹਿਣ ਵਾਲੇ ਪ੍ਰਮੋਦ ਨੇ 1 ਫਰਵਰੀ ਨੂੰ ਸਵੇਰੇ 1 ਵਜੇ ਦੇ ਕਰੀਬ ਪੁਲਸ ਨੂੰ ਮੱਝਾਂ ਚੋਰੀ ਹੋਣ ਦੀ ਸੂਚਨਾ ਦਿੱਤੀ। ਜਾਣਕਾਰੀ ਤੋਂ ਬਾਅਦ, ਜ਼ਿਲ੍ਹੇ ਦੇ ਸਾਰੇ ਪੁਲਸ ਥਾਣਿਆਂ ਨੂੰ ਸੁਚੇਤ ਕਰ ਦਿੱਤਾ ਗਿਆ ਅਤੇ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਗਏ।

ਇਸ ਦੌਰਾਨ, ਹਰਪਾਲਪੁਰ ਪੁਲਿਸ ਟੀਮ ਸਵੇਰੇ 3:30 ਵਜੇ ਗੰਗਾ ਐਕਸਪ੍ਰੈਸਵੇਅ 'ਤੇ ਪਿੰਡ ਜੂਰੀ ਨੇੜੇ ਨਾਕਾਬੰਦੀ ਕਰ ਰਹੀ ਸੀ ਤਾਂ ਉਨ੍ਹਾਂ ਨੂੰ ਇੱਕ ਸ਼ੱਕੀ ਟਾਟਾ ਪਿਕਅੱਪ ਟਰੱਕ ਦਿਖਾਈ ਦਿੱਤਾ। ਜਦੋਂ ਡਰਾਈਵਰ ਨੇ ਗੱਡੀ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਡਰਾਈਵਰ ਗੱਡੀ ਮੋੜ ਕੇ ਭੱਜ ਗਿਆ। ਪੁਲਸ ਨੇ ਅਪਰਾਧੀਆਂ ਨੂੰ ਘੇਰ ਲਿਆ, ਪਰ ਪਿਕਅੱਪ ਵਿੱਚ ਸਵਾਰ ਸ਼ੱਕੀਆਂ ਨੇ ਪੁਲਿਸ ਟੀਮ 'ਤੇ ਗੋਲੀਬਾਰੀ ਕੀਤੀ ਅਤੇ ਭੱਜਣ ਦੀ ਕੋਸ਼ਿਸ਼ ਕੀਤੀ। ਜਵਾਬ ਵਿੱਚ, ਪੁਲਿਸ ਟੀਮ ਨੇ ਸਵੈ-ਰੱਖਿਆ ਵਿੱਚ ਜਵਾਬੀ ਕਾਰਵਾਈ ਕੀਤੀ, ਜਿਸਦੇ ਨਤੀਜੇ ਵਜੋਂ ਗੁਲਸ਼ੇਰ ਦੀ ਸੱਜੀ ਲੱਤ ਵਿੱਚ ਗੋਲੀ ਲੱਗ ਗਈ। ਪੁਲਸ ਨੇ ਉਸਦੇ ਦੋ ਹੋਰ ਸਾਥੀਆਂ, ਗਿਰਧਾਰੀ ਅਤੇ ਭੋਲਾ ਨੂੰ ਮੌਕੇ ਤੋਂ ਗ੍ਰਿ.ਫਤਾਰ ਕਰ ਲਿਆ। ਪੁਲਸ ਨੇ ਮੁਲਜ਼ਮ ਦੇ ਕਬਜ਼ੇ ਵਿੱਚੋਂ ਇੱਕ ਚੋਰੀ ਹੋਈ ਮੱਝ, 80,000 ਰੁਪਏ ਨਕਦ, ਇੱਕ ਚੋਰੀ ਹੋਈ ਟਾਟਾ ਪਿਕਅੱਪ, ਦੋ 315 ਬੋਰ ਪਿਸਤੌਲ, ਦੋ ਜ਼ਿੰਦਾ ਅਤੇ ਦੋ ਖਾਲੀ ਕਾਰਤੂਸ ਬਰਾਮਦ ਕੀਤੇ ਹਨ। ਜ਼ਖਮੀ ਮੁਲਜ਼ਮ ਨੂੰ ਇਲਾਜ ਲਈ ਹਸਪਤਾਲ ਭੇਜਿਆ ਗਿਆ ਹੈ। ਪੁਲਸ ਅਨੁਸਾਰ ਗ੍ਰਿਫ਼ਤਾਰ ਮੁਲਜ਼ਮ ਬਦਨਾਮ ਪਸ਼ੂ ਤਸਕਰ ਹਨ, ਜੋ ਦਿਨ ਵੇਲੇ ਰੇਕੀ ਕਰਨ ਤੋਂ ਬਾਅਦ ਰਾਤ ਨੂੰ ਪਸ਼ੂ ਚੋਰੀ ਦੀਆਂ ਘਟਨਾਵਾਂ ਨੂੰ ਅੰਜਾਮ ਦਿੰਦੇ ਸਨ।

## ਜੈਪੁਰ ਦੀ ਫੈਕਟਰੀ 'ਚ ਫਟਿਆ ਆਕਸੀਜਨ ਸਿਲੰਡਰ: ਜ਼ੋਰਦਾਰ ਧਮਾਕੇ ਨਾਲ ਉੱਡੀ ਛੱਤ, 2 ਦੀ ਮੌਤ

ਨੈਸ਼ਨਲ ਡੈਸਕ, 1 ਫਰਵਰੀ : ਜੈਪੁਰ ਦੇ ਵਿਸ਼ਵਕਰਮਾ ਇੰਡਸਟਰੀਅਲ ਏਰੀਆ ਵਿੱਚ ਸ਼ਨੀਵਾਰ ਰਾਤ ਨੂੰ ਇੱਕ ਫੈਕਟਰੀ ਵਿੱਚ ਆਕਸੀਜਨ ਸਿਲੰਡਰ ਫਟਣ ਕਾਰਨ ਇੱਕ ਵੱਡਾ ਧਮਾਕਾ ਹੋਇਆ। ਵਿਸ਼ਵਕਰਮਾ ਪੁਲਸ ਸਟੇਸ਼ਨ ਦੇ ਐੱਸਐੱਚਓ ਰਵਿੰਦਰ ਨਾਰੂਕਾ ਨੇ ਕਿਹਾ, ''ਸਾਨੂੰ ਸ਼ਾਮ 10:50 ਵਜੇ ਦੇ ਕਰੀਬ ਇੱਕ ਆਕਸੀਜਨ ਬਾਟਲਿੰਗ ਪਲਾਂਟ ਵਿੱਚ ਧਮਾਕੇ ਦੀ ਸੂਚਨਾ ਮਿਲੀ। ਅਸੀਂ ਤੁਰੰਤ ਮੌਕੇ 'ਤੇ ਪਹੁੰਚੇ ਅਤੇ 2 ਜ਼ਖਮੀ ਲੋਕਾਂ ਨੂੰ ਲੱਭਿਆ। ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿਨ੍ਹਾਂ ਵਿੱਚੋਂ ਇੱਕ ਦੀ ਇਲਾਜ ਦੌਰਾਨ ਮੌਤ ਹੋ ਗਈ। ਇੱਕ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਉਸਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ।"ਪੁਲਸ ਨੇ ਦੱਸਿਆ ਕਿ ਘਟਨਾ ਵਿੱਚ 2 ਲੋਕਾਂ ਦੀ ਮੌਤ ਹੋ ਗਈ। ਐਫਐਸਐਲ ਟੀਮਾਂ ਹਾਦਸੇ ਦੇ ਕਾਰਨਾਂ ਦੀ ਜਾਂਚ ਕਰ ਰਹੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਧਮਾਕਾ ਇੰਨਾ ਸ਼ਕਤੀਸ਼ਾਲੀ ਸੀ ਕਿ ਇਸਦੀ ਆਵਾਜ਼ ਕਈ ਕਿਲੋਮੀਟਰ ਦੂਰ ਤੱਕ ਸੁਣਾਈ ਦਿੱਤੀ, ਜਿਸ ਨਾਲ ਪੂਰੇ ਇਲਾਕੇ ਵਿੱਚ ਹਫੜਾ-ਦਫੜੀ ਅਤੇ ਦਹਿਸ਼ਤ ਫੈਲ ਗਈ। ਰਿਪੋਰਟਾਂ ਅਨੁਸਾਰ, ਜੈਪੁਰ ਦੇ ਕਰਨੀ ਵਿਹਾਰ ਕਾਲੋਨੀ ਵਿੱਚ ਰੋਡ ਨੰਬਰ 17 'ਤੇ ਸਥਿਤ ਸੁਪਰ ਗੈਸ ਫੈਕਟਰੀ ਵਿੱਚ ਅਚਾਨਕ ਇੱਕ ਵੱਡਾ ਧਮਾਕਾ ਹੋਇਆ। ਹਾਦਸੇ ਸਮੇਂ ਫੈਕਟਰੀ ਵਿੱਚ ਕੰਮ ਕਰ ਰਹੇ ਇੱਕ ਮਜ਼ਦੂਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂਕਿ ਇੱਕ ਹੋਰ ਵਿਅਕਤੀ ਦੀ ਇਲਾਜ ਦੌਰਾਨ ਮੌਤ ਹੋ ਗਈ। ਕਈ ਮਜ਼ਦੂਰ ਜ਼ਖਮੀ ਦੱਸੇ ਜਾ ਰਹੇ ਹਨ। ਧਮਾਕੇ ਤੋਂ ਬਾਅਦ ਫੈਕਟਰੀ ਵਿੱਚ ਅੱਗ ਲੱਗ ਗਈ ਅਤੇ ਧੂੰਆਂ ਸਾਰੇ ਪਾਸੇ ਫੈਲ ਗਿਆ। ਘਟਨਾ ਦੀ ਜਾਣਕਾਰੀ ਮਿਲਦੇ ਹੀ ਵਿਸ਼ਵਕਰਮਾ ਪੁਲਸ ਸਟੇਸ਼ਨ, ਫਾਇਰ ਵਿਭਾਗ ਅਤੇ ਸਿਵਲ ਡਿਫੈਂਸ ਦੀਆਂ ਟੀਮਾਂ ਤੁਰੰਤ ਮੌਕੇ 'ਤੇ ਪਹੁੰਚੀਆਂ। ਪੁਲਸ ਅਤੇ ਬਚਾਅ ਟੀਮਾਂ ਨੇ ਸਥਾਨਕ ਨਿਵਾਸੀਆਂ ਦੀ ਮਦਦ ਨਾਲ ਫੈਕਟਰੀ ਦੇ ਅੰਦਰ ਫਸੇ ਮਜ਼ਦੂਰਾਂ ਨੂੰ ਬਚਾਇਆ। ਕਈ ਫਾਇਰ ਇੰਜਣਾਂ ਨੇ ਕਾ.ਫੀ ਕੋਸ਼ਿਸ਼ਾਂ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਜ਼ਖਮੀਆਂ ਨੂੰ ਐਂਬੂਲੈਂਸ ਰਾਹੀਂ ਨੇੜਲੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਪੁਲਸ ਨੇ ਇਲਾਕੇ ਨੂੰ ਘੇਰ ਲਿਆ ਹੈ ਅਤੇ ਨੇੜਲੇ ਨਿਵਾਸੀਆਂ ਨੂੰ ਸੁਰੱਖਿਆ ਲਈ ਸੁਚੇਤ ਕੀਤਾ ਹੈ। ਧਮਾਕੇ ਦੇ ਕਾਰਨਾਂ ਦੀ ਫਿਲਹਾਲ ਜਾਂਚ ਕੀਤੀ ਜਾ ਰਹੀ ਹੈ।

## ਕੇਂਦਰੀ ਬਜਟ ਦੇਸ਼ ਨੂੰ ਵਿਕਸਿਤ ਰਾਸ਼ਟਰ ਬਣਾਉਣ ਦੇ ਸੰਕਲਪ ਸਿੱਧੀ ਦਾ ਮੀਲ ਪੱਥਰ : ਸੁਨੀਲ ਜਾਖੜ

ਚੰਡੀਗੜ੍ਹ, 1 ਫਰਵਰੀ : ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਦਾ ਕਹਿਣਾ ਹੈ ਕਿ ਅੱਜ ਪੇਸ਼ ਕੀਤਾ ਗਿਆ ਕੇਂਦਰੀ ਬਜਟ ਗਰੀਬ, ਮਜ਼ਦੂਰ, ਕਿਸਾਨ, ਔਰਤਾਂ, ਨੌਜਵਾਨਾਂ ਅਤੇ ਪਿਛੜੇ ਵਰਗਾਂ 'ਤੇ ਕੇਂਦਰਿਤ ਹੈ, ਜੋ ਕਿ 2047 ਤੱਕ ਦੇਸ਼ ਨੂੰ ਵਿਕਸਿਤ ਰਾਸ਼ਟਰ ਬਣਾਉਣ ਦੇ ਸੰਕਲਪ ਸਿੱਧੀ ਦਾ ਮੀਲ ਪੱਥਰ ਸਾਬਿਤ ਹੋਵੇਗਾ।



ਬਜਟ 'ਤੇ ਆਪਣੀ ਪ੍ਰਤਿਕ੍ਰਿਆ ਦਿੰਦਿਆਂ ਸੁਨੀਲ ਜਾਖੜ ਨੇ ਆਖਿਆ ਕਿ ਇਹ ਬਜਟ 'ਸਭ ਕਾ ਸਾਥ, ਸਭ ਕਾ ਵਿਕਾਸ' ਦੀ ਪ੍ਰਧਾਨ ਮੰਤਰੀ ਰਿੰਦਰ ਮੋਦੀ ਦੀ ਨੀਤੀ ਤੋਂ ਪ੍ਰੇਰਿਤ ਹੈ ਅਤੇ ਇਸ 'ਚ ਕੇਂਦਰੀ ਖਜ਼ਾਨਾ ਮੰਤਰੀ ਨਿਰਮਲਾ ਸੀਤਾ ਰਮਨ ਨੇ ਸਮਾਜ ਦੇ ਹਰ ਵਰਗ ਦਾ ਖਿਆਲ ਕਰਦਿਆਂ ਇਹ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਗਿਆ ਹੈ ਕਿ ਇਸ ਨਾਲ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣ ਅਤੇ ਦੇਸ਼ 'ਚ ਬੁਨਿਆਦੀ ਢਾਂਚੇ ਦਾ ਵਿਕਾਸ ਹੋਵੇ। ਉਨ੍ਹਾਂ ਆਖਿਆ ਕਿ ਦੇਸ਼ 'ਚ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵੱਡੇ ਬਜਟ ਦੀ ਪ੍ਰਸਤਾਵਨਾ ਦੱਸਦੀ ਹੈ ਕਿ ਭਾਰਤ ਸਰਕਾਰ ਦੇਸ਼ ਨੂੰ ਵਿਕਸਿਤ ਰਾਸ਼ਟਰ ਵਜੋਂ ਅੱਗੇ ਲੈ ਕੇ ਜਾ ਰਹੀ ਹੈ। ਉਨ੍ਹਾਂ ਆਖਿਆ ਕਿ ਇਸ ਬਜਟ 'ਚ ਜਿੱਥੇ ਔਰਤਾਂ ਲਈ ਸ਼ੀ ਮਾਰਟ ਦੀ ਯੋਜਨਾ ਲਿਆਂਦੀ ਜਾ ਰਹੀ ਹੈ, ਉੱਥੇ ਹੀ ਕੰਮਕਾਜੀ ਔਰਤਾਂ ਅਤੇ ਵਿਦਿਆਰਥਣਾਂ ਲਈ ਹਰੇਕ ਜ਼ਿਲ੍ਹੇ 'ਚ ਹੋਸਟਲ ਖੋਲ੍ਹਣ ਦੀ ਯੋਜਨਾ ਦਾ ਐਲਾਨ ਵੀ ਕੀਤਾ ਗਿਆ ਹੈ, ਜੋ ਕਿ ਮਹਿਲਾ ਸਸ਼ਕਤੀਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਸੁਨੀਲ ਜਾਖੜ ਨੇ ਕਿਹਾ ਕਿ ਸਪੋਰਟਸ ਇੰਡਸਟਰੀ ਅਤੇ ਐੱਮ. ਐੱਸ. ਐੱਮ. ਈ. ਲਈ ਭਾਰਤ ਸਰਕਾਰ ਵੱਲੋਂ ਨਵੇਂ ਬਜਟ 'ਚ ਜੋ ਐਲਾਨ ਕੀਤੇ ਗਏ ਹਨ, ਉਸ ਦਾ ਪੰਜਾਬ ਦੇ ਉਦਯੋਗ ਨੂੰ ਵੱਡੇ ਪੱਧਰ 'ਤੇ ਫ਼ਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਸਹਿਕਾਰਤਾ ਸੰਘਵਾਦ ਦੀ ਨੀਤੀ ਤਹਿਤ 16ਵੇਂ ਵਿੱਤ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ 1.4 ਲੱਖ ਕਰੋੜ ਰੁਪਏ ਸੂਬਿਆਂ ਨੂੰ ਵਿਕਾਸ ਲਈ ਦੇਣ ਦਾ ਇਸ 'ਚ ਐਲਾਨ ਕੀਤਾ ਗਿਆ ਹੈ, ਜਿਸ ਨਾਲ ਮੁਲਕ 'ਚ ਸਰਵ ਪੱਖੀ ਵਿਕਾਸ ਹੋਵੇਗਾ।

## ਕੇਂਦਰ ਵਲੋਂ ਪੇਸ਼ ਕੀਤੇ ਬਜਟ 'ਤੇ ਅਸ਼ਵਨੀ ਸ਼ਰਮਾ ਦਾ ਵੱਡਾ ਬਿਆਨ

ਚੰਡੀਗੜ੍ਹ, 1 ਫਰਵਰੀ : ਕੇਂਦਰ ਸਰਕਾਰ ਵੱਲੋਂ ਅੱਜ ਪੇਸ਼ ਕੀਤੇ ਗਏ ਬਜਟ ਨੂੰ ਲੈ ਕੇ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਇਸ ਨੂੰ ਦੂਰਦਰਸ਼ੀ, ਲੋਕ-ਹਿਤੈਸ਼ੀ ਅਤੇ ਵਿਕਸਿਤ ਭਾਰਤ ਦੀ ਅਸਲ ਤਾਕਤ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਬਜਟ ਗਰੀਬ ਕਲਿਆਣ, ਬੁਨਿਆਦੀ ਢਾਂਚੇ ਦੇ ਵਿਕਾਸ, ਰੁਜ਼ਗਾਰ ਦੇ ਮੌਕੇ ਬਣਾਉਣ ਅਤੇ ਪਿੰਡਾਂ ਦੀ ਤਰੱਕੀ ਨੂੰ ਸਮਰਪਿਤ ਹੈ।



ਅਸ਼ਵਨੀ ਸ਼ਰਮਾ ਨੇ ਕਿਹਾ ਕਿ ਅੱਜ ਪੇਸ਼ ਕੀਤਾ ਗਿਆ ਬਜਟ ਦੇਸ਼ ਦੇ ਹਰ ਵਰਗ ਨੂੰ ਆਰਥਿਕ ਪੱਖੋਂ ਮਜ਼ਬੂਤ ਬਣਾਉਣ ਵਾਲਾ ਹੈ ਅਤੇ ਇਹ ਸਿਹਤਮੰਦ ਅਤੇ ਆਤਮ ਨਿਰਭਰ ਭਾਰਤ ਵੱਲ ਇੱਕ ਹੋਰ ਮਜ਼ਬੂਤ ਕਦਮ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਹ ਬਜਟ 'ਸਭ ਦਾ ਸਾਥ, ਸਭ ਦਾ ਵਿਕਾਸ, ਸਭ ਦਾ ਵਿਸ਼ਵਾਸ' ਦੀ ਸੋਚ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਬਜਟ 'ਚ ਬੁਨਿਆਦੀ ਢਾਂਚੇ ਲਈ ਕੀਤੇ ਗਏ ਪ੍ਰਬੰਧ ਦੇਸ਼ ਦੀ ਆਰਥਿਕ ਰੀੜ੍ਹ ਦੀ ਹੱਡੀ ਨੂੰ ਮਜ਼ਬੂਤ ਕਰਨਗੇ। ਸੜਕਾਂ, ਰੇਲਵੇ, ਸਿਹਤ, ਸਿੱਖਿਆ ਅਤੇ ਡਿਜੀਟਲ ਢਾਂਚੇ 'ਚ ਨਿਵੇਸ਼ ਨਾਲ ਨਾ ਸਿਰਫ਼ ਵਿਕਾਸ ਨੂੰ ਰਫ਼ਤਾਰ ਮਿਲੇਗੀ, ਸਗੋਂ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਨੇ ਖ਼ਾਸ ਤੌਰ 'ਤੇ ਪਿੰਡਾਂ ਦੇ ਵਿਕਾਸ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਬਜਟ 'ਚ ਪਿੰਡਾਂ ਦੀ ਆਰਥਿਕਤਾ ਮਜ਼ਬੂਤ ਕਰਨ ਲਈ ਕੀਤੇ ਗਏ ਉਪਰਾਲੇ ਕਿਸਾਨਾਂ, ਮਜ਼ਦੂਰਾਂ ਅਤੇ ਪਿੰਡਾਂ 'ਚ ਵੱਸਦੇ ਨੌਜਵਾਨਾਂ ਲਈ ਲਾਭਕਾਰੀ ਸਾਬਤ ਹੋਣਗੇ। ਉਨ੍ਹਾਂ ਮੁਤਾਬਕ ਪਿੰਡਾਂ 'ਚ ਬੁਨਿਆਦੀ ਸੁਵਿਧਾਵਾਂ, ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਨੂੰ ਪ੍ਰੋਤਸਾਹਨ ਮਿਲੇਗਾ।

ਅਸ਼ਵਨੀ ਸ਼ਰਮਾ ਨੇ ਕਿਹਾ ਕਿ ਸਿਹਤ ਅਤੇ ਸਮਾਜਿਕ ਸੁਰੱਖਿਆ ਨਾਲ ਜੁੜੇ ਪ੍ਰਬੰਧ ਭਾਰਤ ਨੂੰ ਇੱਕ ਸਿਹਤਮੰਦ ਅਤੇ ਮਜ਼ਬੂਤ ਰਾਸ਼ਟਰ ਬਣਾਉਣ ਦੀ ਦਿਸ਼ਾ 'ਚ ਅਹਿਮ ਕਦਮ ਹਨ। ਗਰੀਬ ਵਰਗਾਂ ਲਈ ਕੀਤੀਆਂ ਗਈਆਂ ਯੋਜਨਾਵਾਂ ਨਾਲ ਸਮਾਜ ਦੇ ਆਖ਼ਰੀ ਪਾਇਦਾਨ 'ਤੇ ਖੜ੍ਹੇ ਵਿਅਕਤੀ ਤੱਕ ਸਰਕਾਰ ਦੀ ਪਹੁੰਚ ਯਕੀਨੀ ਬਣੇਗੀ। ਉਨ੍ਹਾਂ ਅਖ਼ੀਰ 'ਚ ਕਿਹਾ ਕਿ ਅੱਜ ਦਾ ਬਜਟ ਸਿਰਫ਼ ਅੰਕੜਿਆਂ ਦਾ ਖੇਡ ਨਹੀਂ, ਸਗੋਂ ਇਹ ਵਿਕਸਿਤ ਭਾਰਤ ਦੇ ਸੁਫ਼ਨੇ ਨੂੰ ਸਾਕਾਰ ਕਰਨ ਦੀ ਢੁੱਕਵੀਂ ਰਣਨੀਤੀ ਹੈ। ਇਹ ਬਜਟ ਦੇਸ਼ ਦੀ ਅਸਲ ਤਾਕਤ ਹੈ, ਜੋ ਆਉਣ ਵਾਲੇ ਸਾਲਾਂ 'ਚ ਭਾਰਤ ਨੂੰ ਵਿਸ਼ਵ ਪੱਧਰ 'ਤੇ ਹੋਰ ਮਜ਼ਬੂਤ ਬਣਾਵੇਗਾ।

## ਭੋਪਾਲ-ਇੰਦੌਰ ਮਾਰਗ 'ਤੇ ਪਸ਼ੂ ਨੂੰ ਬਚਾਉਂਦੇ ਸਮੇਂ ਬੱਸ ਪਲਟੀ, ਇੱਕ ਯਾਤਰੀ ਗੰਭੀਰ ਜ਼ਖ਼ਮੀ

ਸੀਹੋਰ, 1 ਫਰਵਰੀ : ਮੱਧ ਪ੍ਰਦੇਸ਼ ਦੇ ਸੀਹੋਰ ਜ਼ਿਲ੍ਹੇ ਵਿੱਚ ਐਤਵਾਰ ਸਵੇਰੇ ਇੱਕ ਭਿਆਨਕ ਸੜਕ ਹਾਦਸਾ ਵਾਪਰਨ ਦੀ ਖਬਰ ਸਾਹਮਣੇ ਆਈ ਹੈ। ਅਹਿਮਦਾਬਾਦ ਤੋਂ ਭੋਪਾਲ ਜਾ ਰਹੀ ਇੱਕ ਸਲੀਪਰ ਕੋਚ ਬੱਸ ਭੋਪਾਲ-ਇੰਦੌਰ ਹਾਈਵੇਅ 'ਤੇ ਬੇਕਾਬੂ ਹੋ ਕੇ ਪਲਟ ਗਈ, ਜਿਸ ਕਾਰਨ ਇੱਕ ਯਾਤਰੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਪੁਲਸ ਅਨੁਸਾਰ, ਇਹ ਹਾਦਸਾ ਸਵੇਰੇ ਕਰੀਬ ਸਵਾ ਅੱਠ ਵਜੇ ਆਸ਼ਟਾ ਥਾਣਾ ਖੇਤਰ ਦੇ ਬੇੜਾਖੇੜੀ ਜੋੜ ਨੇੜੇ ਵਾਪਰਿਆ। ਸੜਕ 'ਤੇ ਅਚਾਨਕ ਆਏ ਇੱਕ ਪਸ਼ੂ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹੋਏ ਡਰਾਈਵਰ ਬੱਸ ਤੋਂ ਕੰਟਰੋਲ ਖੋਹ ਬੈਠਾ, ਜਿਸ ਕਾਰਨ ਬੱਸ ਸੜਕ ਤੋਂ ਹੇਠਾਂ ਉਤਰ ਕੇ ਪਲਟ ਗਈ। ਹਾਦਸੇ ਦੇ ਸਮੇਂ ਬੱਸ ਵਿੱਚ 20 ਤੋਂ 25 ਯਾਤਰੀ ਸਵਾਰ ਸਨ। ਰਾਹਤ ਦੀ ਗੱਲ ਇਹ ਰਹੀ ਕਿ ਬਾਕੀ ਸਾਰੇ ਯਾਤਰੀ ਸੁਰੱਖਿਅਤ ਹਨ। ਹਾਦਸੇ ਵਿੱਚ ਛੱਤੀਸਗੜ੍ਹ ਦੇ ਕਾਂਕੇਰ ਦਾ ਰਹਿਣ ਵਾਲਾ ਹਰੀਸ਼ਚੰਦਰ ਪਟੇਲ (27) ਗੰਭੀਰ ਰੂਪ ਵਿੱਚ ਜ਼ਖਮੀ ਹੋਇਆ ਹੈ। ਹਾਦਸੇ ਦੀ ਸੂਚਨਾ ਮਿਲਦੇ ਹੀ ਅਮਲਾਹਾ ਚੌਕੀ ਅਤੇ ਆਸ਼ਟਾ ਥਾਣਾ ਪੁਲਸ ਤੁਰੰਤ ਮੌਕੇ 'ਤੇ ਪਹੁੰਚੀ। ਜ਼ਖਮੀ ਯਾਤਰੀ ਨੂੰ ਅਮਲਾਹਾ ਟੋਲ ਦੀ ਐਂਬੂਲੈਂਸ ਰਾਹੀਂ ਇਲਾਜ ਲਈ ਅਪੋਲੋ ਹਸਪਤਾਲ, ਆਸ਼ਟਾ ਵਿਖੇ ਭਰਤੀ ਕਰਵਾਇਆ ਗਿਆ ਹੈ। ਪੁਲਸ ਵੱਲੋਂ ਫਿਲਹਾਲ ਇਸ ਘਟਨਾ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

## ਸ਼ੇਅਰ ਮਾਰਕੀਟ 'ਚ ਪੈਸੇ ਲਗਾਉਣ ਦੇ ਬਹਾਨੇ ਕਾਰੋਬਾਰੀ ਨੂੰ ਲਾਇਆ 1 ਕਰੋੜ ਦਾ ਚੂਨਾ

ਬਿਜ਼ਨੈੱਸ ਡੈਸਕ, 1 ਫਰਵਰੀ : ਪੁਲਸ ਨੇ ਐਤਵਾਰ ਨੂੰ ਦੱਸਿਆ ਕਿ ਨਵੀਂ ਮੁੰਬਈ ਦੇ ਇਕ 75 ਸਾਲਾ ਕਾਰੋਬਾਰੀ ਨਾਲ ਸਟਾਕ ਮਾਰਕੀਟ ਨਿਵੇਸ਼ਾਂ ਰਾਹੀਂ ਭਾਰੀ ਮੁਨਾਫ਼ੇ ਦਾ ਵਾਅਦਾ ਕਰਕੇ ਕਥਿਤ ਤੌਰ 'ਤੇ 1.08 ਕਰੋੜ ਰੁਪਏ ਦੀ ਠੱਗੀ ਮਾਰੀ ਗਈ। ਨਵੀਂ ਮੁੰਬਈ ਦੇ ਵਾਸ਼ੀ ਇਲਾਕੇ ਦੇ ਰਹਿਣ ਵਾਲੇ ਇਸ ਕਾਰੋਬਾਰੀ ਨੇ ਪਿਛਲੇ ਮਹੀਨੇ ਫੇਸਬੁੱਕ 'ਤੇ ਇਕ ਇਸ਼ਤਿਹਾਰ ਦੇਖਿਆ ਜਿਸ 'ਚ ਸਟਾਕ ਮਾਰਕੀਟ ਨਿਵੇਸ਼ਾਂ 'ਤੇ ਮੁਨਾਫ਼ੇ ਦਾ ਵਾਅਦਾ ਕੀਤਾ ਗਿਆ ਸੀ। ਉਸ ਨੇ ਲਿੰਕ 'ਤੇ ਕਲਿੱਕ ਕੀਤਾ। ਇਕ ਸਾਈਬਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਫਿਰ ਉਸ ਨੂੰ ਇਕ ਵਟਸਐਪ ਸਮੂਹ 'ਚ ਸ਼ਾਮਲ ਕਰ ਲਿਆ ਗਿਆ।

## ਬਲੂਚਿਸਤਾਨ ਮੁੱਦੇ 'ਤੇ ਭਾਰਤ ਦਾ ਪਾਕਿ ਨੂੰ ਦੋ-ਟੂਕ ਜਵਾਬ

ਨੈਸ਼ਨਲ ਡੈਸਕ, 1 ਫਰਵਰੀ : ਭਾਰਤ ਨੇ ਬਲੂਚਿਸਤਾਨ 'ਚ ਅਸ਼ਾਂਤੀ ਫੈਲਾਉਣ ਦੇ ਪਾਕਿਸਤਾਨੀ ਦੋਸ਼ਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਇਸ ਨੂੰ ਇਸਲਾਮਾਬਾਦ ਦੀ ਆਪਣੀ ਅੰਦਰੂਨੀ ਨਾਕਾਮੀਆਂ ਤੋਂ ਧਿਆਨ ਭਟਕਾਉਣ ਦੀ ਇੱਕ ਪੁਰਾਣੀ ਚਾਲ ਕਰਾਰ ਦਿੱਤਾ ਹੈ। ਵਿਦੇਸ਼ ਮੰਤਰਾਲੇ ਨੇ ਪਾਕਿਸਤਾਨ ਨੂੰ ਨਸੀਹਤ ਦਿੱਤੀ ਹੈ ਕਿ ਉਹ ਬੇਬੁਨਿਆਦ ਦਾਅਵੇ ਕਰਨ ਦੀ ਬਜਾਏ ਆਪਣੇ ਖੇਤਰ ਦੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਨੂੰ ਪੂਰਾ ਕਰਨ 'ਤੇ ਧਿਆਨ ਦੇਵੇ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਪਾਕਿਸਤਾਨੀ ਫੌਜ ਦੇ ਬਿਨਾਂ ਸਬੂਤਾਂ ਵਾਲੇ ਦਾਅਵਿਆਂ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਪਾਕਿਸਤਾਨ ਦਾ ਦਮਨ, ਕਰੂਰਤਾ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦਾ ਰਿਕਾਰਡ ਦੁਨੀਆ ਭਰ ਵਿੱਚ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਪਾਕਿਸਤਾਨ ਵਿੱਚ ਕੋਈ ਹਿੰਸਕ ਘਟਨਾ ਵਾਪਰਦੀ ਹੈ, ਤਾਂ ਉਹ ਭਾਰਤ 'ਤੇ ਦੋਸ਼ ਮੜ੍ਹ ਕੇ ਆਪਣੀਆਂ ਜ਼ਿੰਮੇਵਾਰੀਆਂ ਤੋਂ ਭੱਜਣ ਦੀ ਕੋਸ਼ਿਸ਼ ਕਰਦਾ ਹੈ। ਇਹ ਤਿੱਖੀ ਪ੍ਰਤੀਕਿਰਿਆ ਬਲੂਚਿਸਤਾਨ ਪ੍ਰਾਂਤ ਵਿੱਚ ਹੋਈਆਂ ਤਾਜ਼ਾ ਹਿੰਸਕ ਘਟਨਾਵਾਂ ਤੋਂ ਬਾਅਦ ਆਈ ਹੈ। ਪਾਕਿਸਤਾਨੀ ਸੈਨਾ ਅਨੁਸਾਰ, ਜਾਤੀ ਬਲੂਚ ਸਮੂਹਾਂ ਦੁਆਰਾ ਕਵੇਟਾ, ਮਸਤੁੰਗ, ਨੁਸ਼ਕੀ, ਅਤੇ ਪੰਜਗੁਰ ਸਮੇਤ ਕਈ ਥਾਵਾਂ 'ਤੇ ਕੀਤੇ ਗਏ ਹਮਲਿਆਂ ਤੋਂ ਬਾਅਦ ਚਲਾਏ ਗਏ ਅਭਿਆਨਾਂ ਵਿੱਚ ਘੱਟੋ-ਘੱਟ 15 ਸੈਨਿਕ ਅਤੇ 92 ਅੱਤਵਾਦੀ ਮਾਰੇ ਗਏ ਹਨ। ਰਿਪੋਰਟਾਂ ਅਨੁਸਾਰ, ਇਨ੍ਹਾਂ ਯੋਜਨਾਬੱਧ ਹਮਲਿਆਂ ਵਿੱਚ ਕਈ ਪੁਲਿਸ ਕਰਮਚਾਰੀ ਅਤੇ ਆਮ ਨਾਗਰਿਕ ਵੀ ਮਾਰੇ ਗਏ ਹਨ।

## ਸੁਖਪਾਲ ਖਹਿਰਾ ਦੇ 'ਆਪ' ਤੇ ਵੱਡੇ ਇਲਜ਼ਾਮ-'ਪੰਜਾਬ 'ਤੇ 4.50 ਲੱਖ ਕਰੋੜ ਦੇ ਕਰਜ਼ੇ ਦਰਮਿਆਨ'...

ਚੰਡੀਗੜ੍ਹ/ਮੋਹਾਲੀ, 1 ਫਰਵਰੀ : ਸੀਨੀਅਰ ਕਾਂਗਰਸੀ ਆਗੂ ਅਤੇ ਭੁਲੱਥ ਤੋਂ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਅੱਜ ਪੰਜਾਬ 'ਚ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਮੋਹਾਲੀ 'ਚ ਨਵਾਂ ਬਣਿਆ ਵੀ. ਆਈ. ਪੀ. ਹੈਲੀਪੈਡ ਪੂਰੀ ਤਰ੍ਹਾਂ ਅਣ-ਵਰਤਿਆ ਰਹਿਣ ਦੀ ਖ਼ੁਲਾਸੇਦਾਰ ਜਾਣਕਾਰੀ ਇਹ ਦਰਸਾਉਂਦੀ ਹੈ ਕਿ ਸਿਆਸੀ ਦਿਖਾਵੇ ਨੂੰ ਲੋਕ ਹਿੱਤ ਤੋਂ ਉੱਪਰ ਰੱਖਿਆ ਜਾ ਰਿਹਾ ਹੈ। ਮੀਡੀਆ ਰਿਪੋਰਟਾਂ ਦਾ ਹਵਾਲਾ ਦਿੰਦਿਆਂ ਖਹਿਰਾ ਨੇ ਕਿਹਾ ਕਿ ਗਮਾਡਾ ਵੱਲੋਂ ਫੇਜ਼-8 'ਚ ਵਿਕਾਸ ਭਵਨ ਨੇੜੇ ਬਣਾਇਆ ਗਿਆ ਇਹ ਹੈਲੀਪੈਡ ਹਕੀਕਤ 'ਚ ਗੈਰ-ਕਾਰਗਰ ਸਾਬਤ ਹੋਇਆ ਹੈ ਕਿਉਂਕਿ ਇਹ ਮੋਹਾਲੀ ਹਵਾਈ ਅੱਡੇ ਦੇ ਉਡਾਣ ਖੇਤਰ 'ਚ ਆਉਂਦਾ ਹੈ ਅਤੇ ਭਾਰਤੀ ਹਵਾਈ ਫ਼ੌਜ ਤੋਂ ਲੰਬੀਆਂ ਮਨਜ਼ੂਰੀਆਂ ਲੋੜੀਂਦੀਆਂ ਹਨ। ਉਨ੍ਹਾਂ ਪੁੱਛਿਆ ਕਿ ਜੇਕਰ ਹੈਲੀਕਾਪਟਰਾਂ ਨੂੰ ਉਤਰਣ ਜਾਂ ਉਡਣ ਲਈ 3-4 ਘੰਟੇ ਇੰਤਜ਼ਾਰ ਕਰਨਾ ਪਵੇ ਅਤੇ ਕਈ ਮਨਜ਼ੂਰੀਆਂ ਲੈਣੀਆਂ ਪੈਣ ਤਾਂ ਫਿਰ ਇਸ ਤਰ੍ਹਾਂ ਦੇ ਪ੍ਰਾਜੈਕਟ 'ਤੇ ਸਰਕਾਰੀ ਪੈਸਾ ਖ਼ਰਚਣ ਦੀ ਕੀ ਤੁੱਕ ਹੈ? ਕੀ ਕੋਈ ਤਕਨੀਕੀ ਯੋਗਤਾ ਅਧਿਐਨ ਨਹੀਂ ਕੀਤਾ ਗਿਆ ਸੀ ਜਾਂ ਇਹ ਸਿਰਫ਼ ਇੱਕ ਹੋਰ ਵੀ. ਆਈ. ਪੀ. ਦਿਖਾਵਾ ਸੀ? ਖਹਿਰਾ ਨੇ ਕਿਹਾ ਕਿ ਇਹ ਸਾਫ਼ ਹੈ ਕਿ ਇਹ ਸਹੂਲਤ ਮੁੱਖ ਤੌਰ 'ਤੇ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੀਆਂ ਯਾਤਰਾਵਾਂ ਲਈ ਬਣਾਈ ਗਈ, ਜੋ ਪੰਜਾਬ 'ਚ ਕੋਈ ਸੰਵਿਧਾਨਕ ਅਹੁਦਾ ਨਹੀਂ ਰੱਖਦੇ ਅਤੇ ਰਾਜ ਪ੍ਰਸ਼ਾਸਨ ਨਾਲ ਕੋਈ ਜ਼ਿੰਮੇਵਾਰੀ ਨਹੀਂ ਰੱਖਦੇ। ਫਿਰ ਵੀ ਪੰਜਾਬ ਦੇ ਖ਼ਰਚ 'ਤੇ ਵੀ. ਆਈ. ਪੀ. ਸਹੂਲਤਾਂ ਲੈ ਰਹੇ ਹਨ। ਉਨ੍ਹਾਂ



ਦੋਸ਼ ਲਗਾਇਆ ਕਿ ਕੇਜਰੀਵਾਲ ਦੇ ਦੌਰਿਆਂ ਦੌਰਾਨ ਵਿਕਾਸ ਭਵਨ ਨੂੰ ਲਗਜ਼ਰੀ ਰਿਹਾਇਸ਼ ਬਣਾਉਣ ਲਈ ਕਰੋੜਾਂ ਰੁਪਏ ਖ਼ਰਚ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਸ਼ਰਮਨਾਕ ਹੈ। ਸਰਹੱਦੀ ਰਾਜ ਪੰਜਾਬ, ਜੋ ਗੰਭੀਰ ਆਰਥਿਕ ਦਬਾਅ ਹੇਠ ਹੈ, ਨੂੰ ਦਿੱਲੀ ਦੇ ਇੱਕ ਨੇਤਾ ਦੇ ਆਰਾਮ ਅਤੇ ਸਿਆਸੀ ਦੌਰਿਆਂ ਦਾ ਖ਼ਰਚਾ ਝੱਲਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਕੀ ਹੁਣ ਪੰਜਾਬ ਦਾ ਖ਼ਜ਼ਾਨਾ ਆਪ ਸੁਪਰੀਮੋ ਦਾ ਨਿੱਜੀ ਮਹਿਮਾਨ ਨਿਵਾਜ਼ੀ ਫੰਡ ਬਣ ਗਿਆ ਹੈ? ਖਹਿਰਾ ਨੇ ਕਿਹਾ ਕਿ ਇਹ ਮਾਮਲਾ ਹੋਰ ਵੀ ਗੰਭੀਰ ਇਸ ਲਈ ਹੈ ਕਿਉਂਕਿ ਪੰਜਾਬ ਇਸ ਵੇਲੇ ਲਗਭਗ ਕਰੀਬ 4.50 ਲੱਖ ਕਰੋੜ ਦੇ ਵੱਡੇ ਕਰਜ਼ੇ ਹੇਠ ਦੱਬਿਆ ਹੋਇਆ ਹੈ, ਕਿਸਾਨ ਪਰੇਸ਼ਾਨ ਹਨ, ਨੌਜਵਾਨ ਬੇਰੁਜ਼ਗਾਰੀ ਦਾ ਸਾਹਮਣਾ ਕਰ ਰਹੇ ਹਨ ਅਤੇ ਸਿੱਖਿਆ ਤੇ ਸਿਹਤ ਵਰਗੇ ਅਹਿਮ ਖੇਤਰਾਂ ਨੂੰ ਤੁਰੰਤ ਨਿਵੇਸ਼ ਦੀ ਲੋੜ ਹੈ। ਉਨ੍ਹਾਂ ਜੋੜਿਆ ਕਿ ਇਸ ਤਰ੍ਹਾਂ ਦੇ ਸਮੇਂ 'ਚ ਇੱਕ ਅਣ-ਵਰਤਿਆ ਹੈਲੀਪੈਡ ਅਤੇ ਗੈਰ-ਅਧਿਕਾਰਤ ਮਹਿਮਾਨ ਲਈ ਲਗਜ਼ਰੀ ਇੰਤਜ਼ਾਮਾਂ 'ਤੇ ਸਰਕਾਰੀ ਪੈਸਾ ਖ਼ਰਚਣਾ ਅਪਰਾਧਿਕ ਬੇਹਿਸੀ ਤੋਂ ਘੱਟ ਨਹੀਂ।

ਖਹਿਰਾ ਦੀਆਂ ਮੰਗਾਂ

1. ਮੋਹਾਲੀ ਹੈਲੀਪੈਡ ਅਤੇ ਵਿਕਾਸ ਭਵਨ 'ਚ ਕੀਤੀਆਂ ਸਾਰੀਆਂ ਤਬਦੀਲੀਆਂ ਜਾਂ ਲਗਜ਼ਰੀ ਇੰਤਜ਼ਾਮਾਂ 'ਤੇ ਹੋਏ ਕੁੱਲ ਖ਼ਰਚ ਦੀ ਜਾਣਕਾਰੀ ਸਮੇਤ ਇੱਕ ਵਾਈਟ ਪੇਪਰ ਜਾਰੀ ਕੀਤਾ ਜਾਵੇ।
2. ਤਕਨੀਕੀ ਤੌਰ 'ਤੇ ਅਣਯੋਗ ਪ੍ਰਾਜੈਕਟ ਨੂੰ ਮਨਜ਼ੂਰੀ ਦੇਣ ਵਾਲੇ ਅਧਿਕਾਰੀਆਂ ਅਤੇ ਫ਼ੈਸਲਾ ਕਰਨ ਵਾਲਿਆਂ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇ।
3. ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਪੱਸ਼ਟ ਜਵਾਬ ਦਿੱਤਾ ਜਾਵੇ ਕਿ ਪੰਜਾਬ ਦੇ ਸੀਮਤ ਆਰਥਿਕ ਸਰੋਤ ਇੱਕ ਅਜੇਹੇ ਵਿਅਕਤੀ ਦੀ ਸੁਵਿਧਾ ਲਈ ਕਿਉਂ ਵਰਤੇ ਜਾ ਰਹੇ ਹਨ, ਜਿਸਦਾ ਸੂਬੇ 'ਚ ਕੋਈ ਅਧਿਕਾਰਕ ਰੋਲ ਨਹੀਂ।

ਖਹਿਰਾ ਨੇ ਕਿਹਾ ਕਿ ਪੰਜਾਬ ਦਾ ਪੈਸਾ ਪੰਜਾਬ ਦੇ ਲੋਕਾਂ ਦਾ ਹੈ। ਇਸ ਨੂੰ ਰਾਜਨੀਤਿਕ ਟੂਰਿਜ਼ਮ, ਵੀ. ਆਈ. ਪੀ. ਕਲਚਰ ਅਤੇ ਆਪ ਆਗੂਆ ਦੀਆਂ ਨਿੱਜੀ ਲਗਜ਼ਰੀਆਂ ਲਈ ਨਹੀਂ ਵਰਤਿਆ ਜਾ ਸਕਦਾ।

## ਕੇਂਦਰ ਸਰਕਾਰ ਨੇ ਬਜਟ ਵਿਚ ਪੰਜਾਬ ਨੂੰ ਪੂਰੀ ਤਰ੍ਹਾਂ ਵਿਸਾਰਿਆ : ਪ੍ਰਤਾਪ ਬਾਜਵਾ

ਚੰਡੀਗੜ੍ਹ, 1 ਫਰਵਰੀ : ਕਾਂਗਰਸੀ ਆਗੂ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕੇਂਦਰੀ ਬਜਟ 2026-27 ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਬਜਟ ਪੰਜਾਬ ਲਈ ਬੇਹੱਦ ਨਿਰਾਸ਼ਾਜਨਕ ਹੈ ਅਤੇ ਇਸ ਨੇ ਸਾਬਤ ਕਰ ਦਿੱਤਾ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਦਿੱਤਾ ਹੈ। ਬਾਜਵਾ ਨੇ ਬਜਟ ਦੀਆਂ ਕਮੀਆਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਦੇਸ਼ ਦਾ ਢਿੱਡ ਭਰਨ ਵਾਲੇ 'ਅੰਨਦਾਤਾ' ਕਿਸਾਨਾਂ ਲਈ ਬਜਟ ਵਿਚ ਕੋਈ ਰਾਹਤ ਨਹੀਂ ਦਿੱਤੀ ਗਈ। ਨੌਜਵਾਨਾਂ ਲਈ ਰੁਜ਼ਗਾਰ ਦਾ ਕੋਈ ਸਪੱਸ਼ਟ ਰੋਡਮੈਪ ਤਿਆਰ ਨਹੀਂ ਕੀਤਾ ਗਿਆ, ਜਿਸ ਕਾਰਨ ਨੌਜਵਾਨ ਵਰਗ ਵਿਚ ਭਾਰੀ ਨਿਰਾਸ਼ਾ ਹੈ। ਬਜਟ ਵਿੱਚ ਨਾ ਤਾਂ ਉਦਯੋਗਾਂ ਲਈ ਕੋਈ ਵਿਸ਼ੇਸ਼ ਯੋਜਨਾ ਹੈ ਅਤੇ ਨਾ ਹੀ ਸ਼ਹਿਰਾਂ ਦੇ ਵਿਕਾਸ ਲਈ ਕੋਈ ਖਾਕਾ ਤਿਆਰ ਕੀਤਾ ਗਿਆ ਹੈ। ਪ੍ਰਤਾਪ ਸਿੰਘ ਬਾਜਵਾ ਨੇ ਭਾਜਪਾ ਸਰਕਾਰ ਦੇ 12 ਸਾਲਾਂ ਦੇ ਕਾਰਜਕਾਲ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਇੰਨੇ ਲੰਬੇ ਸਮੇਂ ਬਾਅਦ ਵੀ ਪੰਜਾਬ ਦੇ ਮਸਲਿਆਂ ਦਾ ਕੋਈ ਹੱਲ ਨਹੀਂ ਲੱਭਿਆ ਗਿਆ।